23-OCT-PAGE-1.qxd 10/22/2024 10:42 PM Page 1

ਬੁੱਧਵਾਰ, 23 ਅਕਤੂਬਰ, 2024
7 ਕੱਤਕ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 143

ਨਵਾਂ ਜ਼ਮਾਨਾ

DAILY NAWAN ZAMANA • WEDNESDAY, 23 OCTOBER, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਭਾਜਪਾ ਦੇ ਤਿੰਨ ਯੱਕੇ : ਮਨਪ੍ਰੀਤ, ਢਿੱਲੋਂ ਤੇ ਕਾਹਲੋਂ

ਚੰਡੀਗੜ੍ਹ : ਭਾਜਪਾ ਨੇ ਪੰਜਾਬ ਦੀਆਂ ਚਾਰ ਅਸੈਂਬਲੀ ਸੀਟਾਂ ਦੀਆਂ ਜ਼ਿਮਨੀ ਚੋਣਾਂ ਲਈ ਮੰਗਲਵਾਰ ਤਿੰਨ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ। ਗਿੱਦੜਬਾਹਾ ਤੋਂ ਮਨਪ੍ਰੀਤ ਸਿੰਘ ਬਾਦਲ, ਬਰਨਾਲਾ ਤੋਂ ਕੇਵਲ ਸਿੰਘ ਢਿੱਲੋਂ ਤੇ ਡੇਰਾ ਬਾਬਾ ਨਾਨਕ ਤੋਂ ਰਵੀ ਕਰਨ ਸਿੰਘ ਕਾਹਲੋਂ ਨੂੰ ਉਮੀਦਵਾਰ ਬਣਾਇਆ ਗਿਆ ਹੈ।

62 ਸਾਲਾ ਮਨਪ੍ਰੀਤ 1995, 1997, 2002 ਤੇ 2007 ਵਿਚ ਗਿੱਦੜਬਾਹਾ ਤੋਂ ਅਕਾਲੀ ਵਿਧਾਇਕ ਰਹਿ ਚੁੱਕੇ ਹਨ। ਜਦੋਂ ਉਹ ਪੀਪਲਜ਼ ਪਾਰਟੀ ਆਫ ਪੰਜਾਬ ਬਣਾ ਕੇ 2012 ਵਿਚ ਲੜੇ ਸਨ ਤਾਂ ਕਾਂਗਰਸ ਦੇ ਅਮਰਿੰਦਰ ਸਿੰਘ ਰਾਜਾ ਵੜਿੰਗ ਤੋਂ ਹਾਰ ਗਏ ਸਨ। ਫਿਰ ਉਹ 2017 ਵਿਚ ਕਾਂਗਰਸੀ ਉਮੀਦਵਾਰ ਵਜੋਂ ਬਠਿੰਡਾ ਤੋਂ ਲੜੇ ਤੇ ਜਿੱਤ ਗਏ।

2022 ਵਿਚ ਜ਼ਮਾਨਤ ਜ਼ਬਤ ਕਰਵਾ ਬੈਠੇ। ਕੁਝ ਸਮਾਂ ਗੈਰ-ਸਰਗਰਮ ਰਹਿਣ ਤੋਂ ਬਾਅਦ ਪਿਛਲੇ ਸਾਲ ਜਨਵਰੀ 'ਚ ਭਾਜਪਾ 'ਚ ਸ਼ਾਮਲ ਹੋ ਗਏ ਸਨ। ਇਸ ਸਾਲ ਮਾਰਚ 'ਚ ਉਨ੍ਹਾਂ ਨੂੰ ਦਿਲ ਦੀ ਸਮੱਸਿਆ ਆ ਗਈ ਸੀ ਤੇ ਸਰਜਰੀ ਕਰਵਾਉਣੀ ਪਈ ਸੀ।

ਮਨਪ੍ਰੀਤ ਨੇ ਸਿਆਸੀ ਕੈਰੀਅਰ 1995 ਵਿਚ ਗਿੱਦੜਬਾਹਾ ਤੋਂ ਸ਼ੁਰੂ ਕੀਤਾ ਸੀ, ਜਦੋਂ ਉਨ੍ਹਾਂ ਦੇ ਤਾਇਆ ਜੀ ਪ੍ਰਕਾਸ਼ ਸਿੰਘ ਬਾਦਲ ਨੇ ਆਪਣਾ ਗਿੱਦੜਬਾਹਾ ਹਲਕਾ ਉਨ੍ਹਾਂ ਹਵਾਲੇ ਕਰ ਦਿੱਤਾ ਸੀ। ਇੱਥੋਂ ਵੱਡੇ ਬਾਦਲ ਪੰਜ ਵਾਰ ਵਿਧਾਇਕ ਬਣੇ ਸਨ। ਮਨਪ੍ਰੀਤ ਅਕਾਲੀ-ਭਾਜਪਾ ਤੇ ਕਾਂਗਰਸ ਸਰਕਾਰਾਂ ਵਿਚ ਵਿੱਤ ਮੰਤਰੀ ਰਹਿ ਚੁੱਕੇ ਹਨ। ਉਨ੍ਹਾਂ ਆਪਣੇ ਤਿੰਨ ਦਹਾਕਿਆਂ ਦੇ ਸਿਆਸੀ ਕੈਰੀਅਰ ਵਿਚ ਅੱਠ ਅਸੰਬਲੀ ਤੇ ਇਕ ਲੋਕ ਸਭਾ ਸੀਟ ਲੜੀ। ਉਹ ਚਾਰ ਵਾਰ ਗਿੱਦੜਬਾਹਾ ਤੇ ਇਕ ਵਾਰ ਬਠਿੰਡਾ ਤੋਂ ਜਿੱਤੇ। 2012 ਵਿਚ ਗਿੱਦੜਬਾਹਾ ਤੇ ਮੌੜ ਤੋਂ ਹਾਰ ਗਏ। 2014 ਵਿਚ ਭਰਜਾਈ ਹਰਸਿਮਰਤ ਕੌਰ ਬਾਦਲ ਖਿਲਾਫ ਬਠਿੰਡਾ ਤੋਂ ਲੋਕ ਸਭਾ ਚੋਣ ਲੜੇ, ਪਰ ਹਾਰ ਗਏ। 2022 ਵਿਚ ਬਠਿੰਡਾ ਸ਼ਹਿਰੀ ਤੋਂ ਅਸੰਬਲੀ ਚੋਣ ਹਾਰੇ।

2010 ਵਿਚ ਅਕਾਲੀ ਦਲ ਵੱਲੋਂ ਕੱਢੇ ਜਾਣ 'ਤੇ ਉਨ੍ਹਾਂ 2011 ਵਿਚ ਪੀਪਲਜ਼ ਪਾਰਟੀ ਆਫ ਪੰਜਾਬ ਬਣਾਈ, ਪਰ ਉਸਨੂੰ 2016 ਵਿਚ ਕਾਂਗਰਸ ਨਾਲ ਰਲਾ ਦਿੱਤਾ। ਪੀਪਲਜ਼ ਪਾਰਟੀ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀ ਉਨ੍ਹਾਂ ਨਾਲ ਰਹੇ।

ਕਾਂਗਰਸ ਨੇ ਟਿਕਟ ਦਿੱਤੀ ਤਾਂ ਮਾਨ ਖਿਲਾਫ ਲੜਾਂਗਾ : ਗੋਲਡੀ

ਚੰਡੀਗੜ੍ਹ : ਸਾਬਕਾ ਕਾਂਗਰਸੀ ਵਿਧਾਇਕ ਦਲਬੀਰ ਗੋਲਡੀ ਨੇ ਕਿਹਾ ਹੈ ਕਿ ਕਾਂਗਰਸ ਟਿਕਟ ਦੇਵੇਗੀ ਤਾਂ ਉਹ 2027 'ਚ ਧੂਰੀ ਤੋਂ ਹੀ ਚੋਣ ਲੜਣਗੇ। ਇਕ ਨਿੱਜੀ ਚੈਨਲ ਨਾਲ ਗੱਲਬਾਤ 'ਚ ਉਨ੍ਹਾਂ ਕਿਹਾ—ਮੈਂ ਕਈ ਮਹੀਨਿਆਂ ਤੋਂ ਸਾਰੀਆਂ ਪਾਰਟੀਆਂ ਤੋਂ ਦੂਰੀ ਬਣਾਈ ਹੋਈ ਹੈ। 2027 'ਚ ਮੈਨੂੰ ਮੁੱਖ ਮੰਤਰੀ ਭਗਵੰਤ ਮਾਨ ਖਿਲਾਫ ਚੋਣ ਲੜਨੀ ਪਈ ਤਾਂ ਮੈਂ ਜ਼ਰੂਰ ਲੜਾਂਗਾ। ਗੋਲਡੀ ਨੂੰ ਮਈ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਾਂਗਰਸ ਤੋਂ ਆਮ ਆਦਮੀ ਪਾਰਟੀ 'ਚ ਸ਼ਾਮਲ ਕੀਤਾ ਸੀ। ਉਹ ਪਹਿਲੀ ਵਾਰ ਕਾਂਗਰਸ ਉਮੀਦਵਾਰ ਵਜੋਂ 2017 'ਚ ਧੂਰੀ ਤੋਂ ਜਿੱਤੇ ਸਨ। ਉਨ੍ਹਾਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ 2838 ਵੋਟਾਂ ਨਾਲ ਹਰਾਇਆ ਸੀ। 2022 ਦੀਆਂ ਚੋਣਾਂ 'ਚ ਮੁੱਖ ਮੰਤਰੀ ਭਗਵੰਤ ਮਾਨ ਤੋਂ ਵੱਡੇ ਫਰਕ ਨਾਲ ਹਾਰ ਗਏ ਸਨ।

ਬਾਠ ਨੇ ਚੇਅਰਮੈਨੀ ਛੱਡੀ

ਬਰਨਾਲਾ : ਆਮ ਆਦਮੀ ਪਾਰਟੀ ਦੇ ਬਰਨਾਲਾ ਦੇ ਜ਼ਿਲ੍ਹਾ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਦੀਪ ਸਿੰਘ ਬਾਠ ਨੇ ਯੋਜਨਾ ਬੋਰਡ ਦੀ ਚੇਅਰਮੈਨੀ ਤੋਂ ਅਸਤੀਫਾ ਦੇ ਕੇ ਆਜ਼ਾਦ ਚੋਣ ਲੜਨ ਦੇ ਸੰਕੇਤ ਦਿੱਤੇ ਹਨ। ਉਹ ਹਰਿੰਦਰ ਸਿੰਘ ਧਾਲੀਵਾਲ ਨੂੰ ਟਿਕਟ ਦੇਣ ਤੋਂ ਨਾਰਾਜ਼ ਹਨ।

ਮਾਨ ਨੇ ਸ਼ਾਹ ਕੋਲ ਝੋਨੇ ਦੇ ਖਰੀਦ ਕਾਰਜਾਂ ਦਾ ਮਸਲਾ ਚੁੱਕਿਆ

ਚੰਡੀਗੜ੍ਹ (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸੂਬੇ ਵਿੱਚ ਝੋਨੇ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਦਖ਼ਲ ਦੇਣ ਦੀ ਮੰਗ ਕੀਤੀ ਹੈ।ਕੇਂਦਰੀ ਗ੍ਰਹਿ ਮੰਤਰੀ ਨਾਲ ਫੋਨ ਉਤੇ ਗੱਲਬਾਤ ਦੌਰਾਨ ਮਾਨ ਨੇ ਉਨ੍ਹਾਂ ਨੂੰ ਖਰੀਦ ਕਾਰਜਾਂ ਵਿੱਚ ਪੇਸ਼ ਆ ਰਹੀਆਂ ਦਿੱਕਤਾਂ ਬਾਰੇ ਜਾਣੂੰ ਕਰਵਾਇਆ। ਉਨ੍ਹਾਂ ਗ੍ਰਹਿ ਮੰਤਰੀ ਨੂੰ ਦੱਸਿਆ ਕਿ ਆਵਾਜਾਈ ਦੀ ਲਾਗਤ ਦੀ ਸਮੱਸਿਆ, ਭੰਡਾਰਨ ਦੀ ਕਮੀ, ਹਾਈਬ੍ਰਿਡ ਕਿਸਮ ਦੀ ਗੁਣਵੱਤਾ ਅਤੇ ਸ਼ੈਲਰ ਮਾਲਕਾਂ ਦੇ ਘਾਟੇ ਵਰਗੇ ਮਸਲਿਆਂ ਨਾਲ ਖਰੀਦ ਕਾਰਜਾਂ ਉਤੇ ਬੁਰਾ ਅਸਰ ਪੈ ਰਿਹਾ ਹੈ। ਮੁੱਖ ਮੰਤਰੀ ਨੇ ਭਾਰਤ ਸਰਕਾਰ ਨੂੰ ਦੇਸ਼ ਦੇ ਵਡੇਰੇ ਹਿੱਤ ਵਿੱਚ ਇਨ੍ਹਾਂ ਮਸਲਿਆਂ ਦਾ ਫੌਰੀ ਹੱਲ ਕੱਢਣ ਦੀ ਅਪੀਲ ਕੀਤੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਕਿਸਾਨ, ਆੜ੍ਹਤੀ ਅਤੇ ਮਿੱਲ ਮਾਲਕ ਦੇਸ਼ ਵਿੱਚ ਖੁਰਾਕ ਸੁਰੱਖਿਆ ਦੀ ਰੀੜ੍ਹ ਦੀ ਹੱਡੀ ਹਨ। ਸਾਡੇ ਕਿਸਾਨ ਅਨਾਜ ਪੈਦਾ ਕਰਦੇ ਹਨ ਤਾਂ ਆੜ੍ਹਤੀਏ ਅਤੇ ਮਿੱਲ ਮਾਲਕ ਇਹ ਯਕੀਨੀ ਬਣਾਉਂਦੇ ਹਨ ਕਿ ਉਨ੍ਹਾਂ ਦੀ ਖਰੀਦ, ਭੰਡਾਰਨ ਅਤੇ ਲਿਫਟਿੰਗ ਸਹੀ ਢੰਗ ਨਾਲ ਕੀਤੀ ਜਾਵੇ। ਮਾਨ ਨੇ ਕਿਹਾ ਕਿ ਇਸ ਸਾਲ ਸੂਬੇ ਵਿੱਚ 185 ਲੱਖ ਮੀਟ੍ਰਿਕ ਟਨ ਝੋਨਾ ਆਉਣ ਦੀ ਉਮੀਦ ਹੈ। ਸੂਬਾ ਸਰਕਾਰ ਵੱਲੋਂ ਅਨਾਜ ਦੀ ਨਿਰਵਿਘਨ ਖਰੀਦ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ।

ਹਾਲਾਂਕਿ, ਮੁੱਖ ਮੰਤਰੀ ਨੇ ਕਿਹਾ ਕਿ ਮਿੱਲਰਾਂ ਦੇ ਕੁਝ ਮੁੱਦੇ, ਜਿਵੇਂ ਕਿ ਝੋਨੇ ਨੂੰ ਭੰਡਾਰ ਕਰਨ ਲਈ ਜਗ੍ਹਾ, ਡਰਾਈਏਜ ਅਤੇ ਟਰਾਂਸਪੋਰਟੇਸ਼ਨ ਕੇਂਦਰ ਸਰਕਾਰ ਨਾਲ ਸੰਬੰਧਤ ਹਨ, ਜਿਸ ਕਾਰਨ ਲਿਫਟਿੰਗ ਦੀ ਪ੍ਰਕਿਰਿਆ ਥੋੜ੍ਹੀ ਹੌਲੀ ਹੈ। ਉਹਨਾ ਕਿਹਾ ਕਿ ਉਹ ਪਹਿਲਾਂ ਹੀ ਇਨ੍ਹਾਂ ਮੁੱਦਿਆਂ ਨੂੰ ਕੇਂਦਰ ਸਰਕਾਰ ਕੋਲ ਉਠਾ ਚੁੱਕੇ ਹਨ। ਉਨ੍ਹਾ ਕਿਹਾ ਕਿ ਬੁੱਧਵਾਰ ਕੇਂਦਰੀ ਗ੍ਰਹਿ ਮੰਤਰੀ ਨਾਲ ਨਵੀਂ ਦਿੱਲੀ ਵਿਖੇ ਮਿੱਲ ਮਾਲਕਾਂ ਦੀ ਮੀਟਿੰਗ ਹੋਣੀ ਹੈ। ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਨੂੰ ਮਿੱਲ ਮਾਲਕਾਂ ਦੀਆਂ ਹੱਕੀ ਮੰਗਾਂ ਵੱਲ ਹਮਦਰਦੀ ਨਾਲ ਵਿਚਾਰ ਕਰਨਾ ਚਾਹੀਦਾ ਹੈ, ਤਾਂ ਜੋ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਅਨਾਜ ਦੀ ਨਿਰਵਿਘਨ ਖਰੀਦ ਲਈ ਵਚਨਬੱਧ ਹੈ। ਪਿਛਲੇ ਮੰਡੀਕਰਨ ਸੀਜ਼ਨ ਦੌਰਾਨ ਮਿਲਿੰਗ ਦੇਰੀ ਨਾਲ ਹੋਣ ਕਰਕੇ 120 ਲੱਖ ਮੀਟ੍ਰਿਕ ਟਨ ਸਟੋਰੇਜ ਸਪੇਸ ਅਜੇ ਤੱਕ ਖਾਲੀ ਨਹੀਂ ਕੀਤੀ ਗਈ। ਕੇਂਦਰ ਨੂੰ ਇਹ ਜਗ੍ਹਾ ਖਾਲੀ ਕਰਨ ਲਈ ਤੇਜ਼ੀ ਲਿਆਉਣੀ ਚਾਹੀਦੀ ਹੈ, ਤਾਂ ਜੋ ਇਸ ਵਾਰ ਮਿਲਿੰਗ ਸ਼ੁਰੂ ਹੋ ਸਕੇ। ਉਹਨਾ ਕਿਹਾ ਕਿ ਕੌਮੀ ਖੁਰਾਕ ਸੁਰੱਖਿਆ ਅਤੇ ਜਨਤਕ ਵੰਡ ਪ੍ਰਣਾਲੀ ਦੀ ਸੁਚਾਰੂ ਵਿਵਸਥਾ ਲਈ ਇਨ੍ਹਾਂ ਮਸਲਿਆਂ ਦਾ ਹੱਲ ਕਰਨਾ ਬਹੁਤ ਜ਼ਰੂਰੀ ਹੈ। ਕਿ ਝੋਨੇ ਦੀ ਵਢਾਈ ਤੋਂ ਬਾਅਦ ਅੱਗੇ ਕਣਕ ਦਾ ਸੀਜ਼ਨ ਵੀ ਆ ਰਿਹਾ ਹੈ, ਇਸ ਲਈ ਦੇਸ਼ ਦੇ ਵਡੇਰੇ ਹਿੱਤ ਵਿੱਚ ਇਸ ਮਸਲੇ ਦਾ ਤੁਰੰਤ ਹੱਲ ਕੀਤਾ ਜਾਵੇ। ਸੂਬਾ ਸਰਕਾਰ ਦੇਸ਼ ਦੇ ਅਨਾਜ ਉਤਪਾਦਕਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ।ਇਕ ਹੋਰ ਮੁੱਦੇ 'ਤੇ ਵਿਚਾਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਸੂਬੇ ਦਾ ਦਿਹਾਤੀ ਵਿਕਾਸ ਫੰਡ (ਆਰ ਡੀ ਐੱਫ) ਦਾ ਬਕਾਇਆ ਹਿੱਸਾ ਤੁਰੰਤ ਜਾਰੀ ਕਰਨਾ ਚਾਹੀਦਾ ਹੈ।ਪੰਜਾਬ ਸਰਕਾਰ ਇਸ ਸੰਬੰਧੀ ਲੋੜੀਂਦੀਆਂ ਰਸਮਾਂ ਵੀ ਪੂਰੀਆਂ ਕਰ ਚੁੱਕੀ ਹੈ ਅਤੇ ਹੁਣ ਕੇਂਦਰ ਨੂੰ ਇਹ ਪੈਸਾ ਜਾਰੀ ਕਰਨਾ ਚਾਹੀਦਾ ਹੈ। ਉਹਨਾ ਕਿਹਾ ਕਿ ਸੂਬੇ ਭਿਖਾਰੀ ਨਹੀਂ ਹਨ ਅਤੇ ਉਨ੍ਹਾਂ ਨੂੰ ਤੰਗ-ਪ੍ਰੇਸ਼ਾਨ ਕਰਨ ਦੀ ਬਜਾਏ ਕੇਂਦਰ ਨੂੰ ਫੰਡਾਂ ਵਿੱਚ ਉਨ੍ਹਾਂ ਦਾ ਬਣਦਾ ਹਿੱਸਾ ਦੇਣਾ ਚਾਹੀਦਾ ਹੈ।

ਇਜ਼ਰਾਈਲ 'ਤੇ ਹਮਲਾ

ਯੇਰੂਸ਼ਲਮ : ਹਿਜ਼ਬੁੱਲ੍ਹਾ ਨੇ ਮੰਗਲਵਾਰ ਇਜ਼ਰਾਈਲ 'ਤੇ ਮਿਜ਼ਾਈਲਾਂ ਨਾਲ ਹਮਲਾ ਕੀਤਾ। ਉਸ ਨੇ ਕਿਹਾ ਕਿ ਤੇਲ ਅਵੀਵ ਅਤੇ ਹੈਫਾ ਦੇ ਪੱਛਮ 'ਚ ਇੱਕ ਨੇਵੀ ਬੇਸ ਦੇ ਨੇੜੇ ਦੋ ਟੀਚਿਆਂ 'ਤੇ ਰਾਕੇਟ ਦਾਗੇ ਸਨ। ਇਨ੍ਹਾਂ ਹਮਲਿਆਂ 'ਚ ਕਿਸੇ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਹੈ।

ਜਹਾਜ਼ ਉਡਾਉਣ ਦੀਆਂ 20 ਹੋਰ ਧਮਕੀਆਂ

ਨਵੀਂ ਦਿੱਲੀ : ਮੰਗਲਵਾਰ ਜਹਾਜ਼ ਉਡਾਉਣ ਦੀਆਂ 20 ਧਮਕੀਆਂ ਮਿਲੀਆਂ। ਇਨ੍ਹਾਂ 'ਚ ਇੰਡੀਗੋ ਏਅਰਲਾਈਨਜ਼ ਦੀਆਂ 10 ਅਤੇ ਵਿਸਤਾਰਾ ਦੀਆਂ 10 ਉਡਾਣਾਂ ਸ਼ਾਮਲ ਹਨ। ਇੱਕ ਹਫਤੇ 'ਚ ਭਾਰਤੀ ਏਅਰਲਾਈਨਜ਼ ਦੀਆਂ 100 ਤੋਂ ਵੱਧ ਉਡਾਣਾਂ ਨੂੰ ਧਮਕੀਆਂ ਮਿਲੀਆਂ ਹਨ।

ਰੂਸ-ਯੂਕਰੇਨ ਟਕਰਾਅ ਦੇ ਖਾਤਮੇ ਲਈ ਹਰ ਸੰਭਵ ਮਿਲਵਰਤਣ ਦੇਣ ਲਈ ਤਿਆਰ : ਮੋਦੀ

ਕਜ਼ਾਨ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਗੱਲਬਾਤ ਦੌਰਾਨ ਕਿਹਾ ਕਿ ਰੂਸ-ਯੂਕਰੇਨ ਟਕਰਾਅ ਪੁਰਅਮਨ ਢੰਗ ਨਾਲ ਹੱਲ ਹੋਣਾ ਚਾਹੀਦਾ ਹੈ ਤੇ ਭਾਰਤ ਇਸ ਲਈ ਹਰ ਸੰਭਵ ਮਿਲਵਰਤਨ ਕਰਨ ਲਈ ਤਿਆਰ ਹੈ। ਸੋਲ੍ਹਵੇਂ ਬ੍ਰਿਕਸ ਸਿਖਰ ਸੰਮੇਲਨ ਵਿਚ ਹਿੱਸਾ ਲੈਣ ਲਈ ਕੇਂਦਰੀ ਰੂਸੀ ਸ਼ਹਿਰ ਕਜ਼ਾਨ ਪੁੱਜਣ ਦੇ ਛੇਤੀ ਬਾਅਦ ਦੋਹਾਂ ਆਗੂਆਂ ਨੇ ਗੱਲਬਾਤ ਕੀਤੀ। ਟੈਲੀਵੀਜ਼ਨ 'ਤੇ ਪ੍ਰਸਾਰਤ ਟਿੱਪਣੀਆਂ ਵਿਚ ਮੋਦੀ ਨੇ ਪੁਤਿਨ ਨੂੰ ਕਿਹਾ ਕਿ ਭਾਰਤ ਖਿੱਤੇ ਵਿਚ ਅਮਨ ਤੇ ਸਥਿਰਤਾ ਛੇਤੀ ਪਰਤਾਉਣ ਦੇ ਜਤਨਾਂ ਦੀ ਪੂਰੀ ਹਮਾਇਤ ਕਰਦਾ ਹੈ। ਉਨ੍ਹਾ ਕਿਹਾ ਕਿ ਦੋ ਮਹੀਨਿਆਂ ਵਿਚ ਉਨ੍ਹਾ ਦਾ ਇਹ ਦੂਜਾ ਰੂਸ ਦੌਰਾ ਦੋਹਾਂ ਦੇਸ਼ਾਂ ਵਿਚਾਲੇ ਕਰੀਬੀ ਤਾਲਮੇਲ ਤੇ ਡੂੰਘੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਸਮਝੌਤੇ ਦੀ ਚੀਨ ਵੱਲੋਂ ਪੁਸ਼ਟੀ

ਬੀਜਿੰਗ : ਚੀਨ ਨੇ ਮੰਗਲਵਾਰ ਪੁਸ਼ਟੀ ਕੀਤੀ ਕਿ ਪੂਰਬੀ ਲੱਦਾਖ 'ਚ ਫੌਜੀ ਤਣਾਅ ਨੂੰ ਖਤਮ ਕਰਨ ਲਈ ਭਾਰਤ ਨਾਲ ਸਮਝੌਤਾ ਹੋ ਗਿਆ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਲਿਨ ਜਿਆਨ ਨੇ ਮੀਡੀਆ ਬ੍ਰੀਫਿੰਗ 'ਚ ਕਿਹਾ ਕਿ ਹਾਲ ਹੀ 'ਚ ਚੀਨ ਤੇ ਭਾਰਤ ਨੇ ਸਰਹੱਦ ਨਾਲ ਜੁੜੇ ਮੁੱਦਿਆਂ 'ਤੇ ਕੂਟਨੀਤਕ ਤੇ ਫੌਜੀ ਸੰਪਰਕਾਂ ਰਾਹੀਂ ਕਈ ਦੌਰ ਦੀ ਗੱਲਬਾਤ ਕੀਤੀ ਹੈ। ਦੋਵੇਂ ਧਿਰਾਂ ਸੰਬੰਧਤ ਮਾਮਲਿਆਂ 'ਤੇ ਇਕ ਹੱਲ 'ਤੇ ਪਹੁੰਚ ਗਈਆਂ ਹਨ ਅਤੇ ਚੀਨ ਹੱਲ ਨੂੰ ਅਮਲ 'ਚ ਲਿਆਉਣ ਲਈ ਭਾਰਤ ਨਾਲ ਮਿਲ ਕੇ ਕੰਮ ਕਰੇਗਾ।

ਇਸੇ ਦੌਰਾਨ ਭਾਰਤ ਦੇ ਚੀਫ ਆਫ ਆਰਮੀ ਸਟਾਫ (ਸੀ ਓ ਏ ਐੱਸ) ਜਨਰਲ ਉਪੇਂਦਰ ਦਿਵੇਦੀ ਨੇ ਕਿਹਾ ਹੈ—ਅਸੀਂ ਅਪ੍ਰੈਲ 2020 ਵਾਲੀ ਸਥਿਤੀ 'ਤੇ ਵਾਪਸ ਜਾਣਾ ਚਾਹੁੰਦੇ ਹਾਂ। ਇਸ ਤੋਂ ਬਾਅਦ ਅਸੀਂ ਅਸਲ ਕੰਟਰੋਲ ਲਾਈਨ (ਐੱਲ ਏ ਸੀ), ਫੌਜਾਂ ਦੀ ਵਾਪਸੀ ਤੇ ਆਮ ਪ੍ਰਬੰਧਨ 'ਤੇ ਵਿਚਾਰ ਕਰਾਂਗੇ। ਇਹ ਅਪ੍ਰੈਲ 2020 ਤੋਂ ਸਾਡਾ ਸਟੈਂਡ ਰਿਹਾ ਹੈ।

ਤ੍ਰਿਣਮੂਲ ਕਾਂਗਰਸ ਦੇ ਸਾਂਸਦ ਕਲਿਆਣ ਬੈਨਰਜੀ ਨੇ ਗੁੱਸੇ 'ਚ ਬੋਤਲ ਤੋੜੀ

ਨਵੀਂ ਦਿੱਲੀ : ਸਾਂਝੀ ਸੰਸਦੀ ਕਮੇਟੀ ਦੀ ਵਕਫ ਬਿੱਲ 'ਤੇ ਮੰਗਲਵਾਰ ਬੈਠਕ ਦੌਰਾਨ ਭਾਜਪਾ ਸਾਂਸਦ ਨਾਲ ਏਨੀ ਤਿੱਖੀ ਬਹਿਸ ਹੋਈ ਕਿ ਤ੍ਰਿਣਮੂਲ ਕਾਂਗਰਸ ਦੇ ਕਲਿਆਣ ਬੈਨਰਜੀ ਨੇ ਕੱਚ ਦੀ ਬੋਤਲ ਮੇਜ਼ 'ਤੇ ਮਾਰੀ। ਇਸ ਦੇ ਬਾਅਦ ਭਾਜਪਾ ਸਾਂਸਦ ਨਿਸ਼ੀਕਾਂਤ ਦੁਬੇ ਨੇ ਉਨ੍ਹਾ ਖਿਲਾਫ ਦਿਨ-ਭਰ ਲਈ ਮੁਅੱਤਲੀ ਦਾ ਮਤਾ ਰੱਖ ਦਿੱਤਾ, ਜਿਸ ਨੂੰ 9-8 ਨਾਲ ਪਾਸ ਕਰ ਦਿੱਤਾ ਗਿਆ। ਬੋਤਲ ਟੁੱਟਣ ਨਾਲ ਬੈਨਰਜੀ ਦੇ ਅੰਗੂਠੇ ਤੇ ਚੀਚੀ 'ਤੇ ਜ਼ਖਮ ਹੋ ਗਿਆ।

ਵਕਫ (ਸੋਧ) ਬਿੱਲ 8 ਅਗਸਤ ਨੂੰ ਲੋਕ ਸਭਾ ਵਿਚ ਪੇਸ਼ ਕੀਤਾ ਗਿਆ ਸੀ ਤੇ ਆਪੋਜ਼ੀਸ਼ਨ ਦੇ ਵਿਰੋਧ ਦਰਮਿਆਨ ਉਸ ਨੂੰ ਡੂੰਘੇ ਵਿਚਾਰ-ਵਟਾਂਦਰੇ ਲਈ ਸਾਂਝੀ ਸੰਸਦੀ ਕਮੇਟੀ ਹਵਾਲੇ ਕਰ ਦਿੱਤਾ ਗਿਆ ਸੀ। ਕਮੇਟੀ ਨੇ ਸੰਸਦ ਦੇ ਅਗਲੇ ਸੈਸ਼ਨ ਦੇ ਪਹਿਲੇ ਹਫਤੇ ਰਿਪੋਰਟ ਦੇਣੀ ਹੈ। ਭਾਜਪਾ ਦੇ ਜਗਦੰਬਿਕਾ ਪਾਲ ਦੀ ਚੇਅਰਮੈਨੀ ਵਾਲੀ ਕਮੇਟੀ ਜਦੋਂ ਰਿਟਾਇਰਡ ਜੱਜਾਂ ਤੇ ਵਕੀਲਾਂ ਦੀ ਟੀਮ ਦੇ ਵਿਚਾਰ ਸੁਣ ਰਹੀ ਸੀ ਤਾਂ ਆਪੋਜ਼ੀਸ਼ਨ ਮੈਂਬਰਾਂ ਨੇ ਕਿਹਾ ਕਿ ਬਿੱਲ 'ਚ ਇਨ੍ਹਾਂ ਦੀ ਹਿੱਸੇਦਾਰੀ ਹੈ। ਬੈਨਰਜੀ ਆਪਣੀ ਵਾਰੀ ਤੋਂ ਪਹਿਲਾਂ ਬੋਲਣਾ ਚਾਹੁੰਦੇ ਸਨ। ਉਹ ਤਿੰਨ ਵਾਰ ਬੋਲ ਚੁੱਕੇ ਸਨ ਤੇ ਫਿਰ ਮੌਕਾ ਚਾਹੁੰਦੇ ਸਨ। ਭਾਜਪਾ ਸਾਂਸਦ ਨੇ ਵਿਰੋਧ ਕੀਤਾ ਤਾਂ ਤਲਖਕਲਾਮੀ ਹੋ ਗਈ। ਬੈਨਰਜੀ ਦੇ ਦਖਲ ਦੇਣ 'ਤੇ ਭਾਜਪਾ ਸਾਂਸਦ ਅਭਿਜੀਤ ਗੰਗੋਪਾਧਿਆਇ ਨੇ ਟੋਕਿਆ। ਇਸ 'ਤੇ ਬੈਨਰਜੀ ਨੇ

23-OCT-PAGE-1.qxd 10/22/2024 10:45 PM Page 2

ਸਰਪੰਚ ਕਮਲਜੀਤ ਕੌਰ ਸਮੇਤ ਸਾਰੇ ਜੇਤੂ ਮੈਂਬਰਾਂ ਦਾ ਸਨਮਾਨ

ਨਾਭਾ (ਵਰਿੰਦਰ ਵਰਮਾ)-ਗ੍ਰਾਮ ਪੰਚਾਇਤ ਚੋਣਾਂ 'ਚ ਜੇਤੂ ਰਹੀ ਪਿੰਡ ਵਜੀਦਪੁਰ ਦੀ ਨਵੀਂ ਬਣੀ ਪੰਚਾਇਤ ਦੇ ਸਰਪੰਚ ਕਮਲਜੀਤ ਕੌਰ ਪੰਚਾਇਤ ਮੈਂਬਰ ਸਵਰਨ ਕੌਰ, ਲਵਪ੍ਰੀਤ ਕੌਰ, ਜੱਗਾ ਸਿੰਘ, ਰਾਮ ਸਿੰਘ ਤੇ ਜਸਪਾਲ ਸਿੰਘ ਸਮੇਤ ਸਾਰੇ ਹੀ ਪੰਚਾਂ ਨੇ ਯੂਥ ਆਗੂ ਦਲਜੀਤ ਸਿੰਘ ਬਾਜਵਾ ਤੇ ਦਰਸ਼ਨ ਸਿੰਘ ਮਿੱਠੂ ਦੀ ਅਗਵਾਈ ਹੇਠ ਜਿਲਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੇ ਗ੍ਰਹਿ ਪਹੁੰਚ ਕੇ ਉਨ੍ਹਾਂ ਤੋਂ ਆਸ਼ੀਰਵਾਦ ਲਿਆ।ਚੇਅਰਮੈਨ ਜੱਸੀ ਸੋਹੀਆਂਵਾਲਾ ਨੇ ਨਵਨਿਯੁਕਤ ਪੰਚਾਇਤ ਦਾ ਮੂੰਹ ਮਿੱਠਾ ਕਰਾਉਂਦਿਆਂ ਉਨ੍ਹਾਂ ਨੂੰ ਜਿੱਤ ਦੀ ਵਧਾਈ ਦਿੱਤੀ ਤੇ ਸਨਮਾਨ ਕੀਤਾ।ਚੇਅਰਮੈਨ ਜੱਸੀ ਸੋਹੀਆਂਵਾਲਾ ਨੇ ਨਵੇਂ ਬਣੇ ਸਾਰੇ ਹੀ ਸਰਪੰਚਾਂ ਤੇ ਪੰਚਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਇਮਾਨਦਾਰ ਸਰਕਾਰ ਵਿੱਚ ਰੰਗਲਾ ਪੰਜਾਬ ਟੀਮ ਦਾ ਹਿੱਸਾ ਬਣ ਕੇ ਆਪਣੇ ਪਿੰਡ ਦੇ ਵਿਕਾਸ ਤੇ ਤਰੱਕੀ ਲਈ ਆਪਣਾ ਬਣਦਾ ਯੋਗਦਾਨ ਪਾਉਣ ਅਤੇ ਆਪਸੀ ਗਿਲੇ ਸ਼ਿਕਵੇ ਤੇ ਧੜੇਬੰਦੀ ਖ਼ਤਮ ਕਰਦੇ ਆਪਸੀ ਭਾਈਚਾਰਕ ਸਾਂਝ ਨੂੰ ਕਾਇਮ ਕਰਕੇ ਪੰਜਾਬ ਦੀ ਚੜ੍ਹਦੀ ਕਲਾ ਲਈ ਕੰਮ ਦਾ ਸੁਨੇਹਾ ਦਿੱਤਾ।

ਡੀ ਆਈ ਜੀ ਮਨਦੀਪ ਸਿੱਧੂ ਤੇ ਐੱਸ ਐੱਸ ਪੀ ਸਰਤਾਜ ਚਹਿਲ ਨੂੰ ਮਿਲੇਗੀ ਡੀ ਜੀ ਪੀ ਕੁਮੈਂਡਸ਼ਨ ਡਿਸਕ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਡੀ.ਆਈ.ਜੀ. ਮਨਦੀਪ ਸਿੰਘ ਸਿੱਧੂ ਤੇ ਐੱਸ.ਐੱਸ.ਪੀ. ਸੰਗਰੂਰ ਸਰਤਾਜ ਸਿੰਘ ਚਹਿਲ ਨੂੰ ਪੰਜਾਬ ਪੁਲਸ ਵੱਲੋਂ ਡੀ.ਜੀ.ਪੀ. ਕੁਮੈਂਡਸ਼ਨ ਡਿਸਕ ਨਾਲ ਸਨਮਾਨਤ ਕੀਤਾ ਜਾਵੇਗਾ।ਪੰਜਾਬ ਪੁਲਿਸ ਦੇ ਮੁਖੀ ਸ੍ਰੀ ਗੌਰਵ ਯਾਦਵ ਦੇ ਹੁਕਮਾਂ ਨਾਲ ਜਾਰੀ ਹੋਏ ਵਿਭਾਗੀ ਪੱਤਰ ਅਨੁਸਾਰ ਇਨ੍ਹਾਂ ਤਿੰਨਾਂ ਪੁਲਸ ਅਧਿਕਾਰੀਆਂ ਨੂੰ ਪੰਚਾਇਤੀ ਚੋਣਾਂ 2024 ਨੂੰ ਸ਼ਾਂਤੀਪੂਰਵਕ ਤੇ ਅਮਨ ਅਮਾਨ ਨਾਲ ਕਰਾਉਣ ਵਿੱਚ ਪਾਏ ਵੱਡਮੁੱਲੇ ਯੋਗਦਾਨ ਬਦਲੇ ਸਨਮਾਨਤ ਕੀਤਾ ਜਾਵੇਗਾ।ਡੀ.ਆਈ.ਜੀ. ਪਟਿਆਲਾ ਮਨਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਉਹ ਤੇ ਉਨ੍ਹਾਂ ਦੀ ਟੀਮ ਹਮੇਸ਼ਾ ਅਮਨ ਸ਼ਾਂਤੀ ਦੀ ਬਹਾਲੀ ਲਈ ਤੱਤਪਰ ਹੈ ਤੇ ਕਿਸੇ ਵੀ ਗੈਰ ਸਮਾਜਿਕ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਡੀਜੀਪੀ ਪੰਜਾਬ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਪੁਲਿਸ ਹਮੇਸ਼ਾ ਨਸ਼ੇ ਦੀ ਖ਼ਾਤਮੇ ਲਈ ਤਤਪਰ ਹੈ ਅਤੇ ਪੁਲਿਸ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਤੇ ਕਿਸੇ ਵੀ ਗੈਰ ਕਾਨੂੰਨੀ ਕਾਰੋਬਾਰ ਕਰਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਲੋਕਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਉਹ ਗੈਰ ਕਾਨੂੰਨੀ ਕੰਮ ਕਰਨ ਵਾਲਿਆਂ ਦੀ ਸੂਚਨਾਂ ਪੁਲਸ ਨੂੰ ਦੇਣ, ਪੁਲਿਸ ਉਨ੍ਹਾਂ ਦਾ ਨਾਂਅ ਤੇ ਪਤਾ ਗੁਪਤ ਰੱਖੇਗੀ।

ਨਜਾਇਜ਼ ਗੋਦਾਮ 'ਤੇ ਛਾਪੇਮਾਰੀ ਕਰਨ ਪੁੱਜਾ ਸਰਕਾਰੀ ਅਮਲਾ ਖਾਲੀ ਹੱਥ ਵਾਪਸ ਪਰਤਿਆ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ)-ਮਾਨਯੋਗ ਸੁਪਰੀਮ ਕੋਰਟ ਤੇ ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਆਦੇਸ਼ਾਂ ਦੀਆਂ ਸ਼ਰੇਆਮ ਧੱਜੀਆਂ ਉੱਡੀਆਂ, ਜਦੋਂ ਸਰਕਾਰੀ ਅਮਲਾ ਕਥਿਤ ਤੌਰ 'ਤੇ ਪਟਾਕਿਆ ਦੇ ਨਜਾਇਜ਼ ਗੋਦਾਮ 'ਤੇ ਛਾਪੇਮਾਰੀ ਕਰਨ ਤੋਂ ਬਾਅਦ ਖਾਲੀ ਹੱਥ ਵਾਪਸ ਪਰਤ ਗਿਆ।ਹਾਲਾਂਕਿ ਗੋਦਾਮ ਪਟਾਕਿਆਂ ਨਾਲ ਨੱਕੋ-ਨੱਕ ਭਰੇ ਹੋਏ ਸਨ, ਜਿਸ ਦਾ ਮਾਮਲਾ ਮੀਡੀਆ ਵੱਲੋਂ ਉਜਾਗਰ ਕੀਤੇ ਜਾਣ ਤੋਂ ਬਾਅਦ ਥੋਕ ਪਟਾਕਾ ਵਪਾਰੀ ਕਸਰੀਜਾ ਦੇ ਕਥਿਤ ਤੌਰ 'ਤੇ ਗੈਰ-ਕਾਨੂੰਨੀ ਪਟਾਕਿਆਂ ਦੇ ਗੁਦਾਮ 'ਤੇ ਗੈਰ-ਕਾਨੂੰਨੀ ਬਾਰੂਦ ਉੱਪਰ ਇਮਾਨਦਾਰ ਅਧਿਕਾਰੀ ਐਸਡੀਐਮ ਬਲਜੀਤ ਕੌਰ, ਡੀ.ਐਸ.ਪੀ ਇੰਨਵੈਸੀਗੇਨ ਨਵੀਨ ਕੁਮਾਰ ਅਤੇ ਥਾਣਾ ਸਿਟੀ ਇੰਚਾਰਜ਼ ਜਸਕਰਨ ਸਿੰਘ ਆਪਣੀ ਪੁਲਿਸ ਪਾਰਟੀ ਸਮੇਤ ਛਾਪੇਮਾਰੀ ਕਰਨ ਲਈ ਪੁੱਜੇ ਸਨ, ਪਰ ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਗੈਰ-ਕਾਨੂੰਨੀ ਬਾਰੂਦ ਦੇ ਥੋਕ ਵਪਾਰੀ ਨੂੰ ਹਿਰਾਸਤ ਵਿੱਚ ਲੈਣ ਦੀ ਥਾਂ 'ਤੇ ਸਮੂਹ ਪ੍ਰਸ਼ਾਸਨਿਕ ਅਤੇ ਪੁਲਸ ਅਧਿਕਾਰੀ ਮੌਕੇ ਤੋਂ ਖਾਲੀ ਹੱਥ ਵਾਪਸ ਪਰਤ ਗਏ, ਜਦੋਂਕਿ ਉਕਤ ਗੋਦਾਮ 'ਚ ਲੱਖਾਂ ਰੁਪਏ ਦੇ ਪਟਾਕੇ ਭਰੇ ਪਏ ਸਨ, ਜਿਸ ਦੀਆਂ ਤਸਵੀਰਾਂ ਸਾਡੇ ਮੀਡੀਆ ਟੀਮ ਦੇ ਕੈਮਰਿਆਂ 'ਚ ਕੈਦ ਹੋਈਆਂ ਹਨ।ਦੱਸ ਦੇਈਏ ਕਿ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਤੇ ਮਾਨਯੋਗ ਸੁਪਰੀਮ ਕੋਰਟ ਇਸ ਵੇਲੇ ਪ੍ਰਦੂਸ਼ਣ ਨੂੰ ਲੈ ਕੇ ਵੱਡੇ ਪੱਧਰ 'ਤੇ ਚਿੰਤਤ ਹੈ, ਪਰ ਅਜਿਹੇ ਨਾਜ਼ੁਕ ਹਾਲਾਤ ਵਿੱਚ ਨਿਯਮਾਂ ਦੀ ਉਲੰਘਣਾ ਕਰਕੇ ਪ੍ਰਸਾਸ਼ਨ ਵੱਲੋਂ ਸਭ ਕੁਝ ਦੇਖ ਕੇ ਅਣਦੇਖਿਆ ਕੀਤੇ ਜਾਣਾ ਕਈ ਤਰ੍ਹਾਂ ਦੇ ਸਵਾਲ ਖੜੇ ਕਰਦਾ ਹੈ।ਉਧਰ ਜਦੋਂ ਐਸ ਡੀ ਐਮ ਮੈਡਮ ਬਲਜੀਤ ਕੌਰ ਨਾਲ ਫੋਨ ਰਹੀਂ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਨੇ ਸਾਡੇ ਫੋਨ ਪਿੱਕ ਨਹੀਂ ਕੀਤਾ।

ਠੁੱਲੀਵਾਲ ਦੀ ਨਵੀਂ ਚੁਣੀ ਪੰਚਾਇਤ ਦਾ ਸਨਮਾਨ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਠੁੱਲੀਵਾਲ ਵਿਖੇ ਨਵੇਂ ਚੁਣੇ ਸਰਪੰਚ ਬੀਬੀ ਪਰਮਜੀਤ ਕੌਰ ਸਿੱਧੂ, ਪੰਚ ਸਨਦੀਪ ਕੌਰ, ਪੰਚ ਲਖਵੀਰ ਸਿੰਘ, ਗੋਬਿੰਦ ਸਿੰਘ ਮਾਂਗਟ, ਪੰਚ ਸਰਬਜੀਤ ਸਿੰਘ, ਮਨਜਿੰਦਰ ਸਿੰਘ ਬਿੱਟਾ, ਪੰਚ ਤਰਨਜੀਤ ਕੌਰ, ਚਰਨਜੀਤ ਕੌਰ, ਪੰਚ ਗੁਰਮੀਤ ਕੌਰ ਤੇ ਪੰਚ ਰਵਿੰਦਰ ਸਿੰਘ ਦੀ ਚੋਣ ਜਿੱਤਣ ਦੀ ਖੁਸ਼ੀ ਵਿੱਚ ਇਤਿਹਾਸਕ ਗੁਰਦੁਆਰਾ ਜੰਡਸਰ ਸਾਹਿਬ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਸਮੁੱਚੀ ਪੰਚਾਇਤ ਨੂੰ ਸਨਮਾਨਤ ਕਰਦਿਆ ਕਿਹਾ ਕਿ ਪਿੰਡ ਠੁੱਲੀਵਾਲ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਸਮਾਜ ਸੇਵੀ ਹਰਤੇਜ ਸਿੰਘ ਸਿੱਧੂ ਨੇ ਕਿਹਾ ਕਿ ਪਿੰਡ ਵਿੱਚ ਭਾਈਚਾਰੇ ਨੂੰ ਮਜ਼ਬੂਤ ਰੱਖਿਆ ਜਾਵੇਗਾ ਤੇ ਸਾਰੇ ਪਿੰਡ ਵਾਸੀਆਂ ਨੂੰ ਨਾਲ ਲੈ ਕੇ ਪਿੰਡ ਦੇ ਵਿਕਾਸ ਕਾਰਜ ਨਿਰੰਤਰ ਜਾਰੀ ਰੱਖੇ ਜਾਣਗੇ।

ਵਿਧਾਇਕ ਬੱਗਾ ਨੇ ਟਿਊਬਵੈੱਲ ਲਾਉਣ ਦੇ ਪ੍ਰੋਜੈਕਟ ਦਾ ਕੀਤਾ ਉਦਘਾਟਨ

ਲੁਧਿਆਣਾ (ਰਾਜ ਸਿੰਗਲਾ)-ਇਲਾਕਾ ਵਾਸੀਆਂ ਨੂੰ ਨਿਰਵਿਘਨ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਦੇ ਉਦੇਸ਼ ਨਾਲ ਲੁਧਿਆਣਾ ਉੱਤਰੀ ਦੇ ਵਿਧਾਇਕ ਮਦਨ ਲਾਲ ਬੱਗਾ ਨੇ ਵਾਰਡ ਨੰਬਰ 8 (ਪੁਰਾਣਾ ਵਾਰਡ ਨੰਬਰ 86) ਦੀ ਬਾਲ ਸਿੰਘ ਨਗਰ ਰੋਡ (ਗਲੀ ਨੰਬਰ 5) 'ਤੇ ਟਿਊਬਵੈੱਲ ਲਾਉਣ ਦੇ ਪ੍ਰੋਜੈਕਟ ਦਾ ਉਦਘਾਟਨ ਕੀਤਾ।ਉਦਘਾਟਨ ਦੀ ਰਸਮ ਇਲਾਕੇ ਦੀ ਇੱਕ ਛੋਟੀ ਬੱਚੀ ਵੱਲੋਂ ਨਿਭਾਈ ਗਈ।ਇਲਾਕੇ ਵਿੱਚ ਕਰੀਬ 12.65 ਲੱਖ ਰੁਪਏ ਦੀ ਲਾਗਤ ਨਾਲ 25 ਐਚ.ਪੀ ਦਾ ਟਿਊਬਵੈੱਲ ਲਾਇਆ ਜਾ ਰਿਹਾ ਹੈ।ਵਿਧਾਇਕ ਨੇ ਦੱਸਿਆ ਕਿ ਇਸ ਟਿਊਬਵੈੱਲ ਦੀ ਸਥਾਪਨਾ ਨਾਲ ਇਲਾਕੇ ਵਿੱਚ ਪਾਣੀ ਦੀ ਸਪਲਾਈ ਸੁਚਾਰੂ ਹੋ ਜਾਵੇਗੀ।ਵਿਧਾਇਕ ਬੱਗਾ ਨੇ ਅੱਗੇ ਦੱਸਿਆ ਕਿ ਹਲਕੇ ਵਿੱਚ ਵੱਡੀ ਗਿਣਤੀ 'ਚ ਵਿਕਾਸ ਕਾਰਜ ਕਰਾਏ ਜਾ ਚੁੱਕੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਹਲਕੇ ਦੇ ਲੋਕਾਂ ਦੀ ਸਹੂਲਤ ਲਈ ਹੋਰ ਵੀ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ। ਵਿਧਾਇਕ ਬੱਗਾ ਨੇ ਕਿਹਾ ਕਿ ਉਹ ਸ਼ਹਿਰ ਵਾਸੀਆਂ ਨੂੰ ਨਿਰਵਿਘਨ ਤੇ ਪੀਣ ਯੋਗ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਲਈ ਵਚਨਬੱਧ ਹਨ।ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਸੂਬਾ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਕੰਮ ਕਰ ਰਹੀ ਹੈ।

ਜੌੜਾਮਾਜਰਾ ਵੱਲੋਂ ਲਗੜੋਈ ਦੀ ਪੰਚਾਇਤ ਦਾ ਸਨਮਾਨ

ਸਮਾਣਾ (ਇਕਬਾਲ ਸਿੰਘ ਬੱਲ)-ਪਿੰਡ ਲਗੜੋਈ ਤੋਂ ਕਰਮਤੇਜ ਕੌਰ ਧਰਮਪਤਨੀ ਲਾਲ ਸਿੰਘ ਬਰਨ ਨੂੰ ਸਰਬਸੰਮਤੀ ਨਾਲ ਸਰਪੰਚ ਤੇ ਬਲਵੀਰ ਸਿੰਘ, ਨਪਿੰਦਰ ਸਿੰਘ, ਮੱਘਰ ਸਿੰਘ, ਮੱਖਣ ਸਿੰਘ, ਰਾਜ ਰਾਣੀ, ਕ੍ਰਿਸ਼ਨ ਕੌਰ ਤੇ ਸਕੀਲਾ ਦੇਵੀ ਨੂੰ ਪੰਚਾਇਤ ਮੈਂਬਰ ਵਜੋਂ ਚੁਣਿਆ ਗਿਆ ਹੈ।ਸਰਪੰਚ ਲਾਲ ਸਿੰਘ ਨੇ ਆਪਣੀ ਨਵੀਂ ਪੰਚਾਇਤ ਸਮੇਤ ਹਲਕਾ ਸਮਾਣਾ ਦੇ ਵਿਧਾਇਕ ਤੇ ਸਾਬਕਾ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨਾਲ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕੀਤੀ ਤੇ ਉਨ੍ਹਾਂ ਤੋਂ ਆਸ਼ੀਰਵਾਦ ਲਿਆ।ਇਸ ਦੌਰਾਨ ਹਲਕਾ ਵਿਧਾਇਕ ਸਰਦਾਰ ਜੌੜਾਮਾਜਰਾ ਨੇ ਨਵੀਂ ਚੁਣੇ ਸਾਰੇ ਪੰਚਾਇਤ ਦੇ ਨੁਮਾਇੰਦਿਆਂ ਦਾ ਸਨਮਾਨ ਕੀਤਾ ਅਤੇ ਨਵੀਂ ਪੰਚਾਇਤ ਨੂੰ ਭਰੋਸਾ ਦਿੱਤਾ ਕਿ ਪਿੰਡ ਦੇ ਸਰਬਪੱਖੀ ਵਿਕਾਸ ਲਈ ਦਿਲ ਖੋਲ੍ਹ ਕੇ ਗ੍ਰਾਂਟਾਂ ਦਿੱਤੀਆਂ ਜਾਣਗੀਆਂ ਅਤੇ ਮੌਜੂਦਾ ਸਮੇਂ ਵਿੱਚ ਚੱਲ ਰਹੇ ਕਾਰਜਾਂ ਨੂੰ ਮਿਥੇ ਸਮੇਂ ਵਿੱਚ ਮੁਕੰਮਲ ਕੀਤਾ ਜਾਵੇਗਾ।ਇਸ ਮੌਕੇ ਸਰਪੰਚ ਲਾਲ ਸਿੰਘ ਅਤੇ ਉਨ੍ਹਾਂ ਦੀਆਂ ਪੰਚਾਇਤ ਨੇ ਵੀ ਵਿਧਾਇਕ ਜੌੜਾਮਾਜਰਾ ਨੂੰ ਭਰੋਸਾ ਦਿੱਤਾ ਕਿ ਉਹ ਬਿਨਾਂ ਕਿਸੇ ਭੇਦ ਭਾਵ ਤੋਂ ਪੂਰੀ ਮਿਹਨਤ ਅਤੇ ਤੇ ਇਮਾਨਦਾਰੀ ਨਾਲ ਪਿੰਡ ਦੇ ਸਰਬਪੱਖੀ ਵਿਕਾਸ ਨੂੰ ਤਰਜੀਹ ਦੇਣਗੇ।

ਨਹਿਰੂ ਯੁਵਾ ਕੇਂਦਰ ਪਟਿਆਲਾ ਨੇ ਨਸ਼ੇ ਵਿਰੁੱਧ ਕਰਾਇਆ ਸੈਮੀਨਾਰ

ਪਟਿਆਲਾ (ਰਾਜਿੰਦਰ ਸਿੰਘ ਬਿੰਦ)

ਜ਼ਿਲ੍ਹਾ ਯੂਥ ਅਫ਼ਸਰ ਪਟਿਆਲਾ ਵੀਰਦੀਪ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਤੇ ਭਾਰਤ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਨੌਜਵਾਨਾਂ ਨੂੰ ਨਸ਼ੇ ਦੀ ਲਤ ਤੋਂ ਦੂਰ ਕਰਨ ਲਈ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਟੇਟ ਸਪੋਰਟਸ ਯੂਨੀਵਰਸਿਟੀ ਪਟਿਆਲਾ ਦੇ ਸਾਂਝੇ ਸਹਿਯੋਗ ਨਾਲ ਕਰਵਾਇਆ ਗਿਆ।ਪ੍ਰੋਗਰਾਮ ਦੇ ਆਰੰਭ ਵਿੱਚ ਜ਼ਿਲ੍ਹਾ ਯੂਥ ਅਫ਼ਸਰ ਵੀਰ ਦੀਪ ਕੌਰ ਨੇ ਆਈਆਂ ਹੋਈਆਂ ਸਮੂਹ ਸ਼ਖ਼ਸੀਅਤਾਂ ਤੇ ਵਿਦਿਆਰਥੀਆਂ ਨੂੰ ਰਸਮੀ ਤੌਰ 'ਤੇ ਜੀ ਆਇਆ ਆਖਿਆ। ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਪਟਿਆਲਾ ਡਾ. ਦਿਲਵਰ ਸਿੰਘ ਬੱਚਿਆਂ ਨੂੰ ਤੋਂ ਦੂਰ ਰਹਿਣ ਲਈ ਸਹੁੰ ਚੁੱਕਿਆ ਤੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਸ਼ਹਿਰਾਂ ਅਤੇ ਪਿੰਡਾਂ ਵਿਚ ਜਾਗਰੂਕਤਾ ਫੈਲਾਉਣ ਲਈ ਸੇਧ ਦਿੱਤੀ।

ਇਸ ਮੌਕੇ ਸ੍ਰੀ ਮਹਿੰਦਰ ਪਾਲ ਸਿੰਘ ਕੌਂਸਲਰ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਨੌਜਵਾਨਾਂ ਨੂੰ ਬਤੌਰ ਇੱਕ ਰਾਜਦੂਤ ਆਪਣੇ ਸਮਾਜ ਨੂੰ ਨਸ਼ੇ ਦੀ ਲਤ ਤੋਂ ਬਚਾਉਣ ਹਿੱਤ ਗਤੀਵਿਧੀਆਂ ਕਰਨ ਲਈ ਪ੍ਰੇਰਿਤ ਕੀਤਾ।ਸ੍ਰੀ ਅੰਮ੍ਰਿਤਪਾਲ ਸਿੰਘ ਸਾਕੇਤ ਹਸਪਤਾਲ ਪਟਿਆਲਾ ਨੇ ਵੀ ਨੌਜਵਾਨਾਂ ਨੂੰ ਨਸ਼ਿਆਂ ਨੂੰ ਫੈਲਣ ਤੋਂ ਰੋਕਣ ਲਈ ਆਪਣੇ ਚਾਰ ਚੁਫੇਰੇ ਜਾਗਰੂਕਤਾ ਫੈਲਾਉਣ ਹਿੱਤ ਉਤਸ਼ਾਹਤ ਕੀਤਾ ਇਸ ਮੌਕੇ ਸਟੇਜ ਸੰਚਾਲਨ ਯੂਨੀਵਰਸਿਟੀ ਦੇ ਰੈੱਡ ਰਿਬਨ ਕਲੱਬ ਦੇ ਨੋਡਲ ਅਫ਼ਸਰ ਅਤੇ ਸਹਾਇਕ ਪ੍ਰੋਫੈਸਰ ਡਾਕਟਰ ਹਰਜੋਤ ਕੌਰ ਨੇ ਕੀਤਾ।ਇਸ ਮੌਕੇ ਬੁਲਾਰਿਆਂ ਤੇ ਵਿਦਿਆਰਥੀਆਂ ਵਿਚਕਾਰ ਪ੍ਰਸ਼ਨ ਉੱਤਰ ਸੈਸ਼ਨ ਬਹੁਤ ਹੀ ਰੋਚਕ ਰਿਹਾ, ਜਿਸ ਵਿੱਚ ਵਿਦਿਆਰਥੀਆਂ ਨੇ ਨਸ਼ੇ ਸਬੰਧੀ ਅਨੇਕਾਂ ਸਵਾਲ ਬੁਲਾਰਿਆਂ ਤੋਂ ਪੁੱਛੇ ਤੇ ਜਿਨ੍ਹਾਂ ਦਾ ਢੁੱਕਵਾਂ ਜਵਾਬ ਬੁਲਾਰਿਆਂ ਵੱਲੋਂ ਦਿੱਤਾ ਗਿਆ। ਅੰਤ ਵਿੱਚ ਯੂਨੀਵਰਸਿਟੀ ਦੇ ਐਨ.ਐਸ.ਐਸ. ਪ੍ਰੋਗਰਾਮ ਕੋਆਰਡੀਨੇਟਰ ਡਾਕਟਰ ਸਨਮਾਨ ਕੌਰ ਨੇ ਆਈਆਂ ਹੋਈਆਂ ਸਾਰੀਆਂ ਸ਼ਖ਼ਸੀਅਤਾਂ ਦਾ ਯੂਨੀਵਰਸਿਟੀ ਵੱਲੋਂ ਧੰਨਵਾਦ ਕੀਤਾ।

ਪੰਚਾਇਤੀ ਚੋਣਾਂ ਦੌਰਾਨ ਧੱਕੇਸ਼ਾਹੀ ਦੇ ਬਾਵਜੂਦ ਕਾਂਗਰਸ ਦੀ ਬੜ੍ਹਕ ਪੂਰੀ : ਜਲਾਲਪੁਰ

ਸਨੌਰ/ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪਟਿਆਲਾ ਵਿਧਾਨ ਸਭਾ ਹਲਕਾ ਘਨੌਰ ਵਿੱਚ ਸਰਕਾਰ ਦੀ ਧੱਕੇਸ਼ਾਹੀ ਅਤੇ ਕੀਤੀ ਗਈ ਗੁੰਡਾਗਰਦੀ ਦੇ ਬਾਵਜੂਦ ਪੰਚਾਇਤੀ ਚੋਣਾਂ ਦੌਰਾਨ ਪੂਰੇ ਹਲਕੇ ਵਿੱਚ ਕਾਂਗਰਸ ਪਾਰਟੀ ਨਾਲ ਸਬੰਧਤ ਸਰਪੰਚਾਂ ਵੱਲੋਂ ਜਿੱਤ ਦਰਜ ਕਰਕੇ ਲੋਕਤੰਤਰ ਦਾ ਘਾਣ ਕਰਨ ਵਾਲੇ ਲੋਕਾਂ ਨੂੰ ਮੂੰਹ ਦੀ ਖੁਆਈ ਹੈ।ਪੰਚਾਇਤੀ ਚੋਣਾਂ ਦੌਰਾਨ ਸਰਕਾਰ ਦੀ ਧੱਕੇਸ਼ਾਹੀ ਦੇ ਬਾਵਜੂਦ ਘਨੌਰ ਹਲਕੇ 'ਚ ਕਾਂਗਰਸ ਦੀ ਬੜ੍ਹਕ ਪੂਰੀ ਰਹੀ ਹੈ।ਇਸ ਦਾ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਘਨੌਰ ਦੇ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਵੱਲੋਂ ਘਨੌਰ ਹਲਕੇ ਦੇ ਪਿੰਡ ਹਰਪਾਲਪੁਰ ਪੰਚਾਇਤ ਦੀ ਹੋਈ ਸ਼ਾਨਦਾਰ ਜਿੱਤ 'ਤੇ ਉਨ੍ਹਾਂ ਨੂੰ ਸਨਮਾਨ ਕਰਨ ਸਮੇਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੀ ਕਿਸਾਨ ਵਿਰੋਧੀ ਨੀਤੀਆਂ ਕਾਰਨ ਪੰਜਾਬ ਦੀਆਂ ਮੰਡੀਆਂ 'ਚ ਝੋਨੇ ਦੀ ਸਮੇਂ ਸਿਰ ਖ਼ਰੀਦ

23-Oct-PAGE-3.qxd 10/22/2024 10:56 PM Page 1

ਡਿਫਾਲਟਰ ਸਕੂਲਾਂ ਦੀ ਸੂਚੀ ਸਕੱਤਰ ਨੂੰ ਸੌਂਪੀ ਜਾਵੇਗੀ : ਗਿੱਲ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਬੇਨਿਯਮੀਆਂ 'ਚ ਘਿਰੇ ਮਾਨਤਾ ਪ੍ਰਾਪਤ ਸਕੂਲਾਂ ਦੇ ਖਿਲ਼ਾਫ ਕਨੂੰਨ ਅਨੁਸਾਰ ਵਿਭਾਗੀ ਕਾਰਵਾਈ ਕਰਵਾਉਂਣ ਲਈ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਵਿਭਾਗ ਨੂੰ ਰਜ਼ਾਮੰਦ ਕਰ ਲਿਆ ਹੈ। ਇਸ ਸਬੰਧ 'ਚ ਅਧਿਕਾਰਤ ਤੌਰ 'ਤੇ ਜਾਣਕਾਰੀ ਦਿੰਦੇ ਹੋਏ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਅਤੇ ਪਟੀਸ਼ਨ ਕਰਤਾ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਸਕੱਤਰ ਪੰਜਾਬ ਸਕੂਲ ਸਿੱਖਿਆ ਬੋਰਡ ਨੇ ਡਿਫਾਲਟਰ ਪ੍ਰਾਈਵੇਟ ਸਕੂਲਾਂ ਖਿਲ਼ਾਫ ਵਿਭਾਗੀ ਕਾਰਵਾਈ ਲਈ ਹਾਮੀ ਭਰਦਿਆਂ ਪਟੀਸ਼ਨ ਕਰਤਾ ਧਿਰ ਤੋਂ ਉਨ੍ਹਾਂ ਸਮੂਹ ਸਕੂਲਾਂ ਦੇ ਨਾਵਾਂ ਦੇ ਵੇਰਵੇ ਮੰਗੇ ਹਨ ਜਿਨ੍ਹਾ ਖਿਲ਼ਾਫ ਸੰਭਾਵਿਤ ਤੌਰ 'ਤੇ ਕਾਰਵਾਈ ਕੀਤੀ ਜਾਣੀ ਹੈ। ਉਨ੍ਹਾ ਦੱਸਿਆ ਕਿ ਜ਼ਿਲ੍ਹੇ ਅੰਮ੍ਰਿਤਸਰ ਦੇ ਬਹੁ- ਗਿਣਤੀ ਪ੍ਰਾਈਵੇਟ ਸਕੂਲ ਜਿਨ੍ਹਾਂ 'ਚੋਂ 480 ਸਕੂਲਾਂ ਨੂੰ ਸੂਚੀਬੱਧ ਕਰਕੇ ਵਿਭਾਗੀ ਕਾਰਵਾਈ ਅਧੀਨ ਲਿਆਉਣ। ਵਿਭਾਗ ਨੇ ਭਾਵੇਂ ਕਿ ਤਿਆਰੀ ਕਰ ਲਈ ਹੈ, ਪਰ ਕੁਝ ਅਜਿਹੇ ਸਕੂਲ ਵੀ ਹਨ ਜੋ ਸਰਕਾਰ ਦਾ ਹੀ ਅੰਹਦਾਇਤਾਂ ਦੀ ਉਲੰਘਣਾ ਕਰਨ ਦੇ ਬਾਵਜੂਦ ਮਾਪਿਆਂ ਦਾ ਆਰਥਿਕ ਸ਼ੋਸ਼ਣ ਕਰਕੇ ਵਿਨਿਯਮਾਂ 'ਚ ਘਿਰ ਚੁੱਕੇ ਹਨ, ਉਨ੍ਹਾਂ ਸਕੂਲਾਂ ਦੀ ਵੱਖਰੇ ਤੌਰ 'ਤੇ ਸੂਚੀ ਬਣਾ ਕੇ ਸਕੱਤਰ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਨੂੰ ਸੌਂਪੀ ਜਾਵੇਗੀ।ਉਨ੍ਹਾ ਕਿਹਾ ਕਿ 2023 'ਚ ਮੇਰੇ ਦੁਆਰਾ ਡੀ ਪੀ ਆਈ ਐਲੀਮੈਂਟਰੀ/ਸੈਕੰਡਰੀ, ਡਾਇਰੈਕਟਰ ਹਾਈ ਸਕੰਡਰੀ ਸਕੂਲ ਸਿੱਖਿਆ, ਡੀ ਜੀ ਐਸ ਸੀ ਅਤੇ ਚੇਅਰਮੈਨ ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਨੂੰ ਭੇਜੀਆਂ ਸ਼ਿਕਾਇਤਾਂ 'ਤੇ ਕੀਤੀ ਗਈ ਵਿਭਾਗੀ ਕਾਰਵਾਈ ਦੀ ਉਤਾਰਾ ਅਤੇ ਸਿੱਟਾ ਰਿਪੋਰਟ ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਦੇ ਦਖਲ ਨਾਲ ਪ੍ਰਾਪਤ ਕਰਨ ਲਈ ਅੱਜ ਇੱਕ ਵਿਸ਼ੇਸ਼ ਪੱਤਰ ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਨੂੰ ਭੇਜ ਦਿੱਤਾ ਹੈ।ਇੱਕ ਸਵਾਲ ਦੇ ਜਵਾਬ 'ਚ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਮੈਂ ਪਿੰਡਾਂ ਸ਼ਹਿਰਾਂ ਅਤੇ ਕਸਬਿਆਂ 'ਚ ਆਪਣੀਆਂ ਟੀਮਾਂ ਲੈ ਕੇ ਮਾਪਿਆਂ ਨੂੰ ਜਾਗਰੂਕ ਕਰਾਂਗਾ ਕਿ ਪ੍ਰਾਈਵੇਟ ਸਕੂਲ 'ਚ ਸਲਾਨਾ ਫੀਸ, ਟਿਊਸ਼ਨ ਫੀਸ, ਬਿਲਡਿੰਗ ਫੀਸ, ਮੁਰੰਮਤ ਫੀਸ ਸਕੂਲ ਨੂੰ ਜਮ੍ਹਾ ਕਰਵਾਉਣ ਤੋਂ ਪਹਿਲਾਂ ਸਕੂਲਾਂ ਦੁਆਰਾ ਪੰਜਾਬ ਸਰਕਾਰ ਦਾ ਉਹ ਪੱਤਰ ਨੋਟਿਸ ਬੋਰਡ 'ਤੇ ਲਗਾਉਣ ਅਤੇ ਅਖਬਾਰਾਂ 'ਚ ਇਸ਼ਤਿਹਾਰ ਦੇਣ ਕਿ ਉਕਤ ਚਾਰੇ ਫੀਸਾਂ ਮਾਪੇ ਦੇਣ ਲਈ ਪਾਬੰਦ ਹਨ ਤਾਂ ਉਕਤ ਚਾਰੇ ਫੀਸਾਂ ਸਕੂਲਾਂ ਨੂੰ ਜਮ੍ਹਾ ਕਰਵਾਓ ਨਹੀਂ ਤਾਂ ਬੇਲੋੜੀਆਂ ਫੀਸਾਂ ਦੀ ਅਦਾਇਗੀ ਕਰਨ ਤੋਂ ਇਨਕਾਰੀ ਕਰੋ।ਉਨ੍ਹਾ ਕਿਹਾ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਕਿਸਾਨਾਂ, ਮਜ਼ਦੂਰਾਂ, ਮਾਪਿਆਂ, ਵੱਖ ਵੱਖ ਰਾਜਸੀ ਪਾਰਟੀਆਂ ਨੂੰ ਨਾਲ ਲੈ ਕੇ ਸਕੂਲਾਂ ਦੇ ਬਾਹਰ ਧਰਨੇ ਦੇਵਾਂਗੇ ਅਤੇ ਨਵੇਂ ਸਾਲ 'ਚ ਹੋਣ ਵਾਲੇ ਦਾਖਲੇ ਸਰਕਾਰੀ ਤੈਅ ਸ਼ੁਦਾ ਫੀਸਾਂ ਅਨੁਸਾਰ ਹੋਣ ਦੇਵਾਂਗੇ।

ਕਿਸਾਨ ਜਾਗਰੂਕਤਾ ਕੈਂਪ ਰਾਹੀਂ ਲੋਕਾਂ ਨੂੰ ਕੁਦਰਤੀ ਖੇਤੀ ਲਈ ਪ੍ਰੇਰਿਆ

ਮੱਤੇਵਾਲ (ਦਵਿੰਦਰ ਸਿੰਘ ਤਰਸਿੱਕਾ)- ਬਲਾਕ ਤਰਸਿੱਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਆਰ ਸੀ ਆਰ ਸੈਲ ਲੁਧਿਆਣਾ ਅਤੇ ਟੀ ਐਨ ਸੀ ਵੱਲੋਂ ਚਲਾਏ ਜਾ ਰਹੇ ਪ੍ਰਾਨਾ ਪ੍ਰੋਜੈਕਟ ਅਧੀਨ ਏਰੀਆ ਮੈਨੇਜਰ ਬਲਜਿੰਦਰ ਸਿੰਘ ਅਤੇ ਜ਼ਿਲ੍ਹਾ ਅਧਿਕਾਰੀ ਹਰਕੀਰਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤੇ ਫੀਲਡ ਅਸਿਸਟੈਂਟ ਮਮਤਾ ਵੱਲੋਂ ਪਿੰਡ ਕਰਤਾਰ ਸਿੰਘ ਨਗਰ ਤਰਸਿੱਕਾ ਵਿਖੇ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ । ਜਿਸ ਵਿੱਚ ਕਿਸਾਨਾਂ ਨੂੰ ਕੁਦਰਤੀ ਖੇਤੀ ਨਾਲ ਜੁੜਨ ਲਈ ਪ੍ਰੇਰਿਆ ਗਿਆ। ਉਹਨਾਂ ਨੇ ਪਰਾਲੀ ਨੂੰ ਸਾਂਭਣ ਦੇ ਵੱਖ-ਵੱਖ ਤਰੀਕਿਆਂ ਦੇ ਵਿੱਚ ਵਿਚਾਰ ਵਟਾਂਦਰਾ ਕੀਤਾ ਅਤੇ ਨਤੀਜਿਆਂ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਰਹਿੰਦ ਖੂੰਹਦ ਨੂੰ ਮਿੱਟੀ ਵਿੱਚ ਮਿਲਾਉਣ ਤਾਂ ਜੋ ਧਰਤੀ ਨੂੰ ਪੌਸ਼ਟਿਕ ਤੱਤ ਕੁਦਰਤੀ ਤੌਰ 'ਤੇ ਮਿਲਦੇ ਰਹਿਣ । ਮੈਡਮ ਮਮਤਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਜ਼ਮੀਨ ਦੀ ਪਰਖ ਹਰ ਫਸਲ ਉਗਾਉਣ ਤੋਂ ਪਹਿਲਾਂ ਜ਼ਰੂਰ ਕਰਵਾਉਣ ਤਾਂ ਜੋ ਪਤਾ ਚੱਲ ਜਾ ਸਕੇ ਕਿ ਕਿਹੜੀ ਚੀਜ਼ ਦੀ ਘਾਟ ਹੈ ਤੇ ਉਸੇ ਹੀ ਘਾਟ ਨੂੰ ਪੂਰਾ ਕਰਨ ਦੇ ਲਈ ਖਾਦ ਦਵਾਈਆਂ ਦੀ ਵਰਤੋਂ ਕੀਤੀ ਜਾ ਸਕੇ। ਇਸ ਮੌਕੇ ਲੋਕ ਕਲਾ ਮੰਚ ਮਜੀਠਾ ਦੇ ਕਲਾਕਾਰਾਂ ਵੱਲੋਂ ਨੁੱਕੜ ਨਾਟਕਾਂ ਰਾਹੀਂ ਲੋਕਾਂ ਨੂੰ ਧਰਤੀ ਨਾਲ ਪ੍ਰੇਮ ਕਰਨ ਲਈ ਪਰੇਰਿਆ । ਇਸ ਮੌਕੇ ਪਿੰਡ ਕਰਤਾਰ ਸਿੰਘ ਦੀ ਸਮੁੱਚੀ ਪੰਚਾਇਤ, ਖੇਤੀ ਦੂਤ ਅਜੀਤ ਸਿੰਘ ਹਰਜੀਤ ਸਿੰਘ ਅਤੇ ਲਖਵਿੰਦਰ ਸਿੰਘ ਵੀ ਹਾਜ਼ਰ ਰਹੇ।

ਹਲਕਾ ਰਾਜਾਸਾਂਸੀ 'ਚ ਬਹੁਗਿਣਤੀ ਕਾਂਗਰਸ ਪੱਖੀ ਪੰਚਾਇਤਾਂ ਬਣੀਆਂ : ਕੱਕੜ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਚਾਇਤ ਚੋਣਾਂ ਵਿੱਚ ਪੰਜਾਬ ਸਰਕਾਰ ਵੱਲੋਂ ਧੱਕੇਸ਼ਾਹੀ ਕਰਕੇ ਸਰਕਾਰ ਪੱਖੀ ਪੰਚਾਇਤਾਂ ਬਣਾਉਣ ਦਾ ਪੂਰਾ ਜ਼ੋਰ ਲਗਾਇਆ ਗਿਆ।ਕਾਂਗਰਸ ਪੱਖੀ ਪੰਚਾਇਤਾਂ ਬਣਾਉਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਹਰ ਤਰੀਕਾ ਵਰਤਿਆ ਗਿਆ।ਇਸ ਦੇ ਬਾਵਜੂਦ ਹਲਕਾ ਰਾਜਾਸਾਂਸੀ ਦੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਵੱਲੋਂ ਹਲਕਾ ਰਾਜਾਸਾਂਸੀ ਵਿੱਚ ਬਿਨਾਂ ਕਿਸੇ ਵਿਤਕਰੇ ਦੇ ਕਰਵਾਏ ਗਏ ਵਿਕਾਸ ਕਾਰਜਾਂ ਕਾਰਨ ਹਲਕਾ ਰਾਜਾਸਾਂਸੀ ਦੀ ਸੂਝਵਾਨ ਜਨਤਾ ਨੇ ਹਲਕੇ ਵਿੱਚ ਬਹੁਗਿਣਤੀ ਵਿੱਚ ਕਾਂਗਰਸ ਪੱਖੀ ਪੰਚਾਇਤਾਂ ਬਣਾਈਆਂ।ਜੋ ਕੰਮ ਹਲਕਾ ਰਾਜਾਸਾਂਸੀ ਵਿੱਚ ਸਰਕਾਰੀਆ ਨੇ ਕਰਵਾਏ ਉਹ ਅੱਜ ਤੱਕ ਨਾ ਕਿਸੇ ਕਰਵਾਏ ਅਤੇ ਨਾ ਕੋਈ ਕਰਵਾ ਸਕੇਗਾ।ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਰਾਜਾਸਾਂਸੀ ਦੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਇੱਕ ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਹਨਾਂ ਕਿਹਾ ਕਿ ਮਾਨ ਸਰਕਾਰ ਦੇ ਆਗੂਆਂ ਨੇ ਆਪਣੀ ਸਰਕਾਰ ਦੇ ਕਾਰਜਕਾਲ ਵਿੱਚ ਅਜੇ ਹਲਕੇ ਵਿੱਚ ਕੋਈ ਵਿਕਾਸ ਦਾ ਕੰਮ ਨਹੀਂ ਕੀਤਾ।ਸਰਕਾਰੀਆ ਵੱਲੋਂ ਬਣਾਈਆਂ ਸੜਕਾਂ ਦੀ ਇਸ ਸਰਕਾਰ ਨੇ ਮੁਰੰਮਤ ਤੱਕ ਨਹੀਂ ਕਰਵਾਈ।ਖੇਡ ਸਟੇਡੀਅਮਾਂ ਦਾ ਵੀ ਬੁਰਾ ਹਾਲ ਹੈ।ਕੱਕੜ ਨੇ ਕਿਹਾ ਕਿ ਲੋਕ ਸਭਾ ਦੀਆਂ ਚੋਣਾਂ ਵਿੱਚ ਵੀ ਹਲਕਾ ਰਾਜਾਸਾਂਸੀ ਵਿੱਚ ਜਨਤਾ ਨੇ ਸਰਕਾਕਾਰੀਆ ਦਾ ਹੀ ਸਾਥ ਦਿੱਤਾ ਸੀ।ਉਹਨਾਂ ਕਿਹਾ ਕਿ ਪੰਚਾਇਤੀ ਚੋਣਾਂ ਵਿੱਚ ਵੀ ਬਹੁਗਿਣਤੀ ਵਿੱਚ ਕਾਂਗਰਸ ਪੱਖੀ ਪੰਚਾਇਤਾਂ ਬਣਾ ਕੇ ਹਲਕੇ ਦੀ ਜਨਤਾ ਨੇ ਸਾਬਤ ਕਰ ਦਿੱਤਾ ਕਿ ਉਹ ਅੱਜ ਵੀ ਸਰਕਾਰੀਆ ਨਾਲ ਹਨ।ਕੱਕੜ ਨੇ ਕਿਹਾ ਕਿ ਆ ਰਹੀਆਂ ਨਗਰ ਨਿਗਮ, ਨਗਰ ਪਾਲਿਕਾਵਾਂ, ਜ਼ਿਲ੍ਹਾ ਪ੍ਰੀਸ਼ਦਾਂ, ਬਲਾਕ ਸੰਮਤੀ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਦੂਸਰੀਆਂ ਪਾਰਟੀਆਂ ਨੂੰ ਮੂੰਹ ਦੀ ਖਾਣੀ ਪਵੇਗੀ ਅਤੇ ਹਲਕੇ ਦੀ ਜਨਤਾ ਕਾਂਗਰਸੀ ਉਮੀਦਵਾਰਾਂ ਨੂੰ ਜਿਤਾ ਕੇ ਹਲਕਾ ਰਾਜਾਸਾਂਸੀ ਦੀ ਆਨ ਬਾਨ ਅਤੇ ਸ਼ਾਨ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਜੀ ਦੇ ਹੱਥ ਹੋਰ ਮਜ਼ਬੂਤ ਕਰੇਗੀ।ਇਸ ਵਕਤ ਉਹਨਾਂ ਨਾਲ ਕੁਲਦੀਪ ਸਿੰਘ ਛੀਨਾ ਜਨਰਲ ਸਕਤੱਰ ਪੰਜਾਬ, ਗੁਰਭੇਜ ਸਿੰਘ ਵਣੀਏਕੇ ਬਲਾਕ ਪ੍ਰਧਾਨ ਚੋਗਾਵਾਂ, ਲਖਵਿੰਦਰ ਸਿੰਘ ਝੰਜੋਟੀ ਬਲਾਕ ਪ੍ਰਧਾਨ ਹਰਸ਼ਾ ਛੀਨਾ, ਜਸਪਾਲ ਸਿੰਘ ਭੱਟੀ ਪ੍ਰਧਾਨ ਰਾਜਾਸਾਂਸੀ, ਜਸਕਰਨ ਸਿੰਘ ਕੋਹਰੀ ਪ੍ਰਧਾਨ ਯੂਥ ਕਾਂਗਰਸ ਰਾਜਾਸਾਂਸੀ, ਹਰਕੰਵਲਜੀਤ ਸਿੰਘ ਹੈਪੀ ਅਦਲੀਵਾਲ, ਸੋਨਾ ਸਿੱਧੂ ਬਲਗਣ, ਗੁਰਜੰਟ ਸਿੰਘ, ਗੁਰਸਾਹਬ ਸਿੰਘ ਪੱਧਰੀ,ਬਲਜਿੰਦਰ ਸਿੰਘ,ਗੁਰਜੰਟ ਸਿੰਘ ਮੁੱਧ, ਗੁਰਮੀਤ ਸਿੰਘ ਡਾਲਾ,ਰਾਜੂ ਲਾਵੇਂ, ਸਰਪੰਚ ਬੱਬੂ ਕਾਵੇਂ, ਰੇਸ਼ਮ ਸਿੰਘ ਬੱਚੀਵਿੰਡ ਆਦਿ ਹਾਜ਼ਰ ਸਨ।

ਕਾਮਰੇਡ ਜਗਜੀਤ ਸਿੰਘ ਸੋਹਲ ਨਹੀਂ ਰਹੇ

ਪਟਿਆਲਾ : ਪੰਜਾਬ ਵਿੱਚ ਨਕਸਲੀ ਲਹਿਰ ਦੇ ਮੋਢੀ ਆਗੂਆਂ 'ਚੋਂ ਇੱਕ ਕਾਮਰੇਡ ਜਗਜੀਤ ਸਿੰਘ ਸੋਹਲ ਲੰਮਾ ਸਮਾਂ ਬਿਮਾਰ ਰਹਿਣ ਤੋਂ ਬਾਅਦ 20 ਅਕਤੂਬਰ ਨੂੰ ਸਦੀਵੀ ਵਿਛੋੜਾ ਦੇ ਗਏ। ਕਮਿਊਨਿਸਟ ਰਵਾਇਤਾਂ ਅਨੁਸਾਰ ਇਨਕਲਾਬੀ ਨਾਅਰੇ ਬੁਲੰਦ ਕਰਕੇ ਉਨ੍ਹਾਂ ਨੂੰ ਪਟਿਆਲਾ ਵਿਖੇ ਅੰਤਮ ਵਿਦਾਇਗੀ ਦਿੱਤੀ ਗਈ।ਇਸ ਮੌਕੇ ਪੰਜਾਬ ਦੀਆਂ ਵੱਖ-ਵੱਖ ਇਨਕਲਾਬੀ ਜਥੇਬੰਦੀਆਂ ਦੇ ਆਗੂ, ਕਾਰਕੁੰਨ ਅਤੇ ਹੋਰ ਜਮਹੂਰੀ ਸ਼ਖ਼ਸੀਅਤਾਂ ਨੇ ਹਾਜ਼ਰ ਹੋ ਕੇ ਉਨ੍ਹਾਂ ਨੂੰ ਅਕੀਦਤ ਭੇਟ ਕੀਤੀ।ਰੂਪੋਸ਼ ਜ਼ਿੰਦਗੀ ਗੁਜ਼ਾਰ ਰਹੇ ਜਗਜੀਤ ਸਿੰਘ ਸੋਹਲ ਕਮਿਊਨਿਸਟ ਇਨਕਲਾਬੀ ਹਲਕਿਆਂ ਵਿਚ ਕਾਮਰੇਡ ਸ਼ਰਮਾ ਵਜੋਂ ਜਾਣੇ ਜਾਂਦੇ ਸਨ। ਉਹ ਆਖ਼ਰੀ ਸਾਹਾਂ ਤੱਕ ਇਨਕਲਾਬ ਦੇ ਅਕੀਦੇ ਨੂੰ ਸਮਰਪਿਤ ਰਹੇ ਅਤੇ ਆਪਣੀ 96 ਸਾਲ ਦੀ ਜ਼ਿੰਦਗੀ ਦਾ ਵੱਡਾ ਹਿੱਸਾ ਉਨ੍ਹਾਂ ਨੇ ਭਾਰਤ ਵਿੱਚ ਇਨਕਲਾਬ ਲਈ ਜੱਦੋ ਜਹਿਦ ਦੇ ਲੇਖੇ ਲਾਇਆ।ਜ਼ਿਲ੍ਹਾ ਸੰਗਰੂਰ ਦੇ ਪਿੰਡ ਸ਼ਾਹਪੁਰ ਨਾਲ ਸੰਬੰਧਤ ਕਾਮਰੇਡ ਜਗਜੀਤ ਸਿੰਘ ਦਾ ਪੈਪਸੂ ਦੇ ਮੁਜ਼ਾਰਾ ਘੋਲ ਨਾਲ ਜੁੜਨ ਤੋਂ ਲੈ ਕੇ ਸੀ ਪੀ ਆਈ ਐੱਮ ਐੱਲ ਦੇ ਸੂਬਾ ਸਕੱਤਰ ਅਤੇ ਜਨਰਲ ਸਕੱਤਰ ਦੀਆਂ ਇਤਿਹਾਸਕ ਜ਼ਿੰਮੇਵਾਰੀਆਂ ਨਿਭਾਉਣ ਅਤੇ ਹਥਿਆਰਬੰਦ ਇਨਕਲਾਬ ਦਾ ਝੰਡਾ ਬੁਲੰਦ ਰੱਖਣ ਦਾ ਸਾਢੇ ਸੱਤ ਦਹਾਕੇ ਲੰਮਾ ਸ਼ਾਨਾਮੱਤਾ ਇਤਿਹਾਸ ਹੈ।

ਖ਼ਾਲਸਾ ਕਾਲਜ ਵਿਖੇ 'ਡਾਟਾ ਅਨੈਲੀਸਸ ਯੂਜ਼ਿੰਗ ਆਰ ਲੈਂਗੁਉਏਜ਼' ਵਿਸ਼ੇ 'ਤੇ ਵਰਕਸ਼ਾਪ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)—ਖ਼ਾਲਸਾ ਕਾਲਜ ਦੇ ਮੈਥ ਵਿਭਾਗ ਵੱਲੋਂ 'ਡਾਟਾ ਅਨੈਲਿਸਿਸ ਯੂਜ਼ਿੰਗ ਆਰ ਲੈਂਗੁਉਏਜ਼' ਵਿਸ਼ੇ 'ਤੇ ਇਕ ਰੋਜ਼ਾ ਵਰਕਸ਼ਾਪ ਕਰਵਾਈ ਗਈ। ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਆਯੋਜਿਤ ਵਰਕਸ਼ਾਪ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਫ਼ਾਇਨੈਂਸ਼ੀਅਲ ਸਟੱਡੀਜ਼ ਵਿਭਾਗ ਤੋਂ ਡਾ. ਬਲਵਿੰਦਰ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਅਨੈਲਿਸਿਸ ਦੀ ਮਹੱਤਤਾ ਅਤੇ ਲੋੜ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਜਾਣਕਾਰੀ ਪ੍ਰਦਾਨ ਕੀਤੀ ।ਉਨ੍ਹਾਂ ਆਰ ਲੈਗੁਏਜ ਦੀ ਮਹੱਤਤਾ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਇਸ ਸਾਫ਼ਟਵੇਅਰ ਨੂੰ ਸਿੱਖਣ ਪ੍ਰਤੀ ਆਪਣੀ ਰੁਚੀ ਵਧਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਯੂਨੀਵਰਸਿਟੀ ਤੋਂ ਆਏ ਅਸਿਸਟੈਂਟ ਪ੍ਰੋ: ਗੁਰਪਾਲ ਸਿੰਘ ਨੇ ਵਿਸ਼ੇ 'ਤੇ ਵਿਸਥਾਰ ਨਾਲ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਵਿਭਾਗ ਮੁਖੀ ਡਾ. ਰਾਜਿੰਦਰਪਾਲ ਕੌਰ ਨੇ ਪ੍ਰਿੰ: ਡਾ. ਮਹਿਲ ਸਿੰਘ ਦਾ ਅਜਿਹੇ ਪ੍ਰੋਗਰਾਮ ਨੂੰ ਉਲੀਕਣ ਲਈ ਦਿੱਤੇ ਗਏ ਸਹਿਯੋਗ ਦੀ ਸ਼ਲਾਘਾ ਕਰਦਿਆਂ ਆਏ ਮਹਿਮਾਨਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਮੌਕੇ ਆਰਗੇਨਾਈਜਰ ਸੈਕਟਰੀ ਦੀ ਭੂਮਿਕਾ ਡਾ. ਨਵਯੋਧ ਸਿੰਘ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਡਾ. ਤਮਿੰਦਰ ਸਿੰਘ ਭਾਟੀਆ ਤੋਂ ਇਲਾਵਾ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

ਕਿਸਾਨਾਂ ਨੂੰ ਪ੍ਰਤੀ ਕੁਇੰਟਲ 300 ਰੁਪਏ ਦਾ ਕੱਟ ਝੱਲਣ ਲਈ ਮਜਬੂਰ ਕੀਤਾ ਜਾ ਰਿਹੈ : ਬਾਜਵਾ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਵਿਰੋਧੀ ਧਿਰ ਦੇ ਨੇਤਾ ਹਲਕਾ ਵਿਧਾਇਕ ਕਾਦੀਆਂ ਪ੍ਰਤਾਪ ਸਿੰਘ ਬਾਜਵਾ ਵੱਲੋਂ ਕਾਦੀਆਂ ਸ਼ਹਿਰ ਦੀ ਅਨਾਜ ਮੰਡੀ ਦਾ ਦੌਰਾ ਕਰਕੇ ਉੱਥੇ ਪਿਛਲੇ ਇੱਕ ਹਫਤੇ ਤੋਂ ਖੱਜਲ ਖਵਾਰ ਹੋ ਰਹੇ ਕਿਸਾਨਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਅਤੇ ਨਾਲ ਹੀ ਪੰਜਾਬ ਸਰਕਾਰ ਸਮੇਤ ਸੰਬੰਧਤ ਮੰਤਰੀਆਂ ਨੂੰ ਇਸ ਮੁਸ਼ਕਲ ਸਬੰਧੀ ਜਦੋਂ ਫੋਨ ਲਗਾਇਆ ਗਿਆ ਤਾਂ ਉਹਨਾਂ ਦੇ ਫੋਨ ਅੱਗੋਂ ਬੰਦ ਆਏ । ਪ੍ਰਤਾਪ ਸਿੰਘ ਬਾਜਵਾ ਨੇ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਪਹਿਲੀ ਵਾਰ ਝੋਨੇ ਦੀ ਖਰੀਦ ਦੇ ਅਜਿਹੇ ਹਾਲਾਤ ਬਣੇ ਹਨ ਕਿ ਸਰਕਾਰ ਕਿਸਾਨਾਂ ਦੀ ਪੁੱਤਾਂ ਵਾਂਗੂ ਪਾਲੀ ਫ਼ਸਲ ਨੂੰ ਚੁੱਕਣ ਲਈ ਤਿਆਰ ਨਹੀਂ ਹੈ, ਕਿਸਾਨਾਂ ਨੂੰ ਪ੍ਰਤੀ ਕੁਇੰਟਲ 300 ਰੁਪਏ ਦਾ ਕੱਟ ਝੱਲਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਭਗਵੰਤ ਮਾਨ ਮੰਡੀਆਂ ਵਿ

23-Oct-PAGE-4.qxd 10/22/2024 11:17 PM Page 1

ਨਵਾਂ ਜ਼ਮਾਨਾ
ਬੁੱਧਵਾਰ, 23 ਅਕਤੂਬਰ 2024

ਦਾਅ ਪੁੱਠਾ ਪਿਆ

ਭਾਜਪਾ ਦੀਆਂ ਧਰੁਵੀਕਰਨ ਕਰਵਾ ਕੇ ਯੂ ਪੀ ਦੇ 9 ਅਸੰਬਲੀ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਜਿੱਤਣ ਦੀਆਂ ਖਾਹਿਸ਼ਾਂ ਨੂੰ ਬਹਿਰਾਈਚ ਦੰਗਿਆਂ ਦੇ ਬਾਅਦ ਦੇ ਘਟਨਾਕ੍ਰਮ ਨੇ ਪਲੀਤਾ ਲਾ ਦਿੱਤਾ ਹੈ। ਪਹਿਲਾਂ ਦੰਗੇ ਵਿਚ ਮਾਰੇ ਗਏ ਨੌਜਵਾਨ ਰਾਮ ਗੋਪਾਲ ਮਿਸ਼ਰਾ ਦੀ ਫਰਜ਼ੀ ਪੋਸਟ-ਮਾਰਟਮ ਰਿਪੋਰਟ ਨੂੰ ਲੈ ਕੇ ਸਿਆਪਾ ਕਰ ਰਹੇ ਭਾਜਪਾ ਆਗੂਆਂ ਦੇ ਚਲਦਿਆਂ ਭਾਜਪਾ ਨੂੰ ਬੈਕਫੁਟ 'ਤੇ ਜਾਣਾ ਪਿਆ ਤੇ ਹੁਣ ਸਥਾਨਕ ਭਾਜਪਾ ਵਿਧਾਇਕ ਨੇ ਆਪਣੀ ਪਾਰਟੀ ਦੇ ਅਹੁਦੇਦਾਰਾਂ 'ਤੇ ਉਪੱਦਰ ਕਰਾਉਣ ਦਾ ਦੋਸ਼ ਲਾਉਂਦਿਆਂ ਐੱਫ ਆਈ ਆਰ ਦਰਜ ਕਰਵਾ ਕੇ ਪਾਰਟੀ ਨੂੰ ਕਸੂਤਾ ਫਸਾ ਦਿੱਤਾ ਹੈ। ਨੁਕਸਾਨ ਦੇ ਡਰੋਂ ਹੁਣ ਭਾਜਪਾ ਜ਼ਿਮਨੀ ਚੋਣ ਵਾਲੇ ਹਲਕਿਆਂ ਵਿਚ ਬਹਿਰਾਈਚ ਦਾ ਜ਼ਿਕਰ ਕਰਨੋਂ ਵੀ ਹਟ ਗਈ ਹੈ। ਜ਼ਿਲ੍ਹਾ ਬਹਿਰਾਈਚ ਦੇ ਜਿਸ ਮਹਿਸੀ ਖੇਤਰ 'ਚ ਦੰਗੇ ਹੋਏ, ਉਥੋਂ ਦੇ ਵਿਧਾਇਕ ਸੁਰੇਸ਼ਵਰ ਸਿੰਘ ਨੇ ਪਾਰਟੀ ਦੇ ਯੁਵਾ ਮੋਰਚਾ ਪ੍ਰਧਾਨ ਅਰਪਿਤ ਸ੍ਰੀਵਾਸਤਵ ਸਣੇ ਅੱਠ ਜਣਿਆਂ ਖਿਲਾਫ ਲਿਖਾਈ ਐੱਫ ਆਈ ਆਈ ਵਿਚ ਕਿਹਾ ਹੈ ਕਿ ਦਰਅਸਲ ਦੰਗਾ ਇਸ ਕਰਕੇ ਭੜਕਾਇਆ ਗਿਆ ਕਿ ਉਨ੍ਹਾ ਦੀ ਜਾਨ ਲਈ ਜਾ ਸਕੇ। ਵਿਧਾਇਕ ਦਾ ਦਾਅਵਾ ਹੈ ਕਿ ਜਦੋਂ ਉਹ ਰਾਮ ਗੋਪਾਲ ਮਿਸ਼ਰਾ ਦੀ ਹੱਤਿਆ ਤੋਂ ਬਾਅਦ ਮੌਕੇ 'ਤੇ ਪੁੱਜੇ ਤਾਂ ਉਨ੍ਹਾ 'ਤੇ ਪਥਰਾਅ ਤੇ ਫਾਇਰਿੰਗ ਕੀਤੀ ਗਈ।

ਇਸ ਤੋਂ ਪਹਿਲਾਂ ਮਿਸ਼ਰਾ ਦੀ ਫਰਜ਼ੀ ਪੋਸਟ-ਮਾਰਟਮ ਰਿਪੋਰਟ ਕਾਰਨ ਭਾਜਪਾ ਆਗੂਆਂ ਤੇ ਗੋਦੀ ਮੀਡੀਆ ਦੀ ਕਾਫੀ ਥੂ-ਥੂ ਹੋ ਚੁੱਕੀ ਹੈ। ਇਕ ਕੌਮੀ ਹਿੰਦੀ ਅਖਬਾਰ ਨੇ ਛਾਪ ਦਿੱਤਾ ਸੀ ਕਿ ਮਿਸ਼ਰਾ ਦੇ ਸਰੀਰ 'ਤੇ ਤਲਵਾਰ ਤੇ ਚਾਕੂ ਦੇ 35 ਜ਼ਖਮ ਕੀਤੇ ਗਏ ਤੇ ਨਹੁੰ ਤੱਕ ਉਖਾੜੇ ਗਏ। ਇਸ ਤੋਂ ਬਾਅਦ ਦਿੱਲੀ ਤੋਂ ਲੈ ਕੇ ਯੂ ਪੀ ਤੱਕ ਦੇ ਭਾਜਪਾ ਆਗੂਆਂ ਨੇ ਬਿਆਨ ਦੇਣੇ ਸ਼ੁਰੂ ਕਰ ਦਿੱਤੇ। ਭਾਜਪਾ ਨੇਤਰੀ ਨੂਪੁਰ ਸ਼ਰਮਾ ਨੇ ਖੂਨ ਉਬਾਲਣ ਵਾਲਾ ਭਾਸ਼ਣ ਦੇ ਮਾਰਿਆ। ਹਾਲਾਤ ਵਿਗੜਦੇ ਦੇਖ ਯੂ ਪੀ ਪੁਲਸ ਨੇ ਮੀਡੀਆ ਵਿਚ ਆਈ ਪੋਸਟ-ਮਾਰਟਮ ਰਿਪੋਰਟ ਨੂੰ ਮਾਹੌਲ ਵਿਗਾੜਨ ਵਾਲੀ ਸਾਜ਼ਿਸ਼ ਦੱਸਿਆ। ਪੋਸਟ-ਮਾਰਟਮ ਕਰਾਉਣ ਵਾਲੇ ਮੁੱਖ ਮੈਡੀਕਲ ਅਧਿਕਾਰੀ ਨੇ ਸਰੀਰ 'ਤੇ ਜ਼ਖਮਾਂ ਤੇ ਨਹੁੰ ਉਖਾੜਨ ਦੇ ਦਾਅਵਿਆਂ ਨੂੰ ਨਕਾਰਿਆ।

ਦੰਗਿਆਂ ਦਾ ਮਾਹੌਲ ਬਣਾਉਣ ਤੇ ਧਰੁਵੀਕਰਨ ਦੀ ਆਸ ਪਾਲੀ ਬੈਠੀ ਯੂ ਪੀ ਸਰਕਾਰ ਨੇ ਧਿਆਨ ਦੂਜੇ ਪਾਸੇ ਲਿਜਾਣ ਲਈ ਬੁਲਡੋਜ਼ਰ ਇਨਸਾਫ ਦਾ ਸ਼ੋਸ਼ਾ ਛੱਡਿਆ ਅਤੇ ਮਹਿਸੀ ਦੇ ਮਹਿਰਾਜਗੰਜ ਬਾਜ਼ਾਰ ਵਿਚ ਦੰਗਾ ਫੈਲਾਉਣ ਦੇ ਮੁਲਜ਼ਮਾਂ ਦੇ ਘਰਾਂ ਤੇ ਦੁਕਾਨਾਂ ਨੂੰ ਢਾਹੁਣ ਦੇ ਨੋਟਿਸ ਚਿਪਕਾ ਦਿੱਤੇ। ਦਰਜਨ-ਭਰ ਬੁਲਡੋਜ਼ਰ ਵੀ ਲਿਆ ਕੇ ਖੜ੍ਹੇ ਕਰ ਦਿੱਤੇ। ਜਿਨ੍ਹਾਂ 26 ਘਰਾਂ ਤੇ ਦੁਕਾਨਾਂ 'ਤੇ ਨੋਟਿਸ ਚਿਪਕਾਏ ਗਏ, ਉਨ੍ਹਾਂ ਵਿਚ 23 ਘੱਟ ਗਿਣਤੀਆਂ ਦੀਆਂ ਸਨ। ਮਾਮਲਾ ਅਲਾਹਾਬਾਦ ਹਾਈ ਕੋਰਟ ਪੁੱਜਾ ਤਾਂ ਉਸ ਨੇ 15 ਦਿਨਾਂ ਲਈ ਬੁਲਡੋਜ਼ਰਾਂ ਦੀ ਬਰੇਕਾਂ ਲੁਆ ਦਿੱਤੀਆਂ। ਜਿਨ੍ਹਾਂ ਦੇ ਘਰ ਜ਼ਦ ਵਿਚ ਆ ਰਹੇ ਸਨ, ਉਨ੍ਹਾਂ ਕਿਹਾ ਕਿ ਉਨ੍ਹਾਂ ਦੇ 10 ਤੋਂ 70 ਸਾਲ ਪੁਰਾਣੇ ਮਕਾਨਾਂ ਨੂੰ ਨਜਾਇਜ਼ ਦੱਸ ਕੇ ਢਾਹੁਣ ਦੀ ਗੱਲ ਕਹੀ ਜਾ ਰਹੀ ਹੈ। ਕਈ ਵਿਚਾਰਿਆਂ ਨੇ ਨੋਟਿਸਾਂ ਤੋਂ ਬਾਅਦ ਆਪਣੇ ਘਰ ਢਾਹੁਣੇ ਵੀ ਸ਼ੁਰੂ ਕਰ ਦਿੱਤੇ ਸਨ। ਭਾਜਪਾ ਦੇ ਸੀਨੀਅਰ ਆਗੂ ਵੀ ਦੱਬੀ ਜ਼ੁਬਾਨ ਵਿਚ ਕਹਿ ਰਹੇ ਹਨ ਕਿ ਅਮਨ-ਕਾਨੂੰਨ ਦੇ ਨਾਂਅ 'ਤੇ ਆਪੋਜ਼ੀਸ਼ਨ ਨੂੰ ਕਟਹਿਰੇ ਵਿਚ ਖੜ੍ਹੇ ਕਰਨ ਦਾ ਹਥਿਆਰ ਵੀ ਇਨ੍ਹਾਂ ਦੰਗਿਆਂ ਦੇ ਚਲਦਿਆਂ ਨਾਕਾਮ ਹੋ ਗਿਆ ਹੈ ਤੇ ਆਪਣਿਆਂ ਦੀਆਂ ਹਰਕਤਾਂ ਨੇ ਤਾਂ ਸ਼ਰਮਸਾਰ ਕਰ ਦਿੱਤਾ ਹੈ।

ਗੋਦੀ ਮੀਡੀਆ ਦੇ ਸਹਿਯੋਗ ਨਾਲ ਫਿਰਕੂ ਕਤਾਰਬੰਦੀ ਨਾਲ ਸੱਤਾ ਹਾਸਲ ਕਰਨ ਵਿਚ ਕਾਮਯਾਬ ਰਹੀ ਭਾਜਪਾ ਦੀਆਂ ਚਾਲਾਂ ਨੂੰ ਸੋਸ਼ਲ ਮੀਡੀਆ ਨਾਕਾਮ ਕਰਦਾ ਆ ਰਿਹਾ ਹੈ। ਲੋਕ ਸੋਸ਼ਲ ਮੀਡੀਆ 'ਤੇ ਵਧੇਰੇ ਯਕੀਨ ਕਰਨ ਲੱਗੇ ਹਨ। ਪਿਛਲੀਆਂ ਲੋਕ ਸਭਾ ਚੋਣਾਂ ਵਿਚ ਵੀ ਲੋਕਾਂ ਨੇ ਗੋਦੀ ਮੀਡੀਆ ਦੇ ਪ੍ਰਚਾਰ ਨੂੰ ਨਕਾਰ ਕੇ ਸੋਸ਼ਲ ਮੀਡੀਆ 'ਤੇ ਯਕੀਨ ਕਰਕੇ ਭਾਜਪਾ ਨੂੰ ਯੂ ਪੀ 'ਚ ਬੁਰੀ ਮਾਰ ਮਾਰੀ ਸੀ ਤੇ ਜ਼ਿਮਨੀ ਚੋਣਾਂ ਵਿਚ ਵੀ ਭਾਜਪਾ ਦਾ ਉਹੀ ਹਾਲ ਹੁੰਦਾ ਨਜ਼ਰ ਆ ਰਿਹਾ ਹੈ।

ਭਾਰਤੀ ਜਮਹੂਰੀਅਤ : ਦਾਅਵੇ ਅਤੇ ਹਕੀਕਤਾਂ

ਗੁਰਮੀਤ ਸਿੰਘ ਪਲਾਹੀ

ਦੇਸ਼ ਦੇ ਦੂਜੇ ਵੱਡੇ ਸੂਬੇ ਮਹਾਰਾਸ਼ਟਰ ਅਤੇ ਝਾਰਖੰਡ ਦੇ ਨਾਲ-ਨਾਲ ਤਿੰਨ ਲੋਕ ਸਭਾ ਅਤੇ ਘੱਟੋ-ਘੱਟ 47 ਵਿਧਾਨ ਸਭਾਵਾਂ ਦੀਆਂ ਜ਼ਿਮਨੀ ਚੋਣਾਂ 2024 ਦੀ ਨਵੰਬਰ 13 ਅਤੇ 20 ਨੂੰ ਭਾਰਤੀ ਚੋਣ ਕਮਿਸ਼ਨ ਨੇ ਕਰਵਾਉਣ ਦਾ ਐਲਾਨ ਕੀਤਾ ਹੈ। ਇਹ ਦੋ ਰਾਜਾਂ ਦੀਆਂ ਚੋਣਾਂ ਹਰਿਆਣਾ ਅਤੇ ਜੰਮੂ-ਕਸ਼ਮੀਰ ਦੀਆਂ ਚੋਣਾਂ ਵੇਲੇ ਹੀ ਹੋਣੀਆਂ ਸਨ, ਪਰ ਕੁਝ ਦਿਸਦੇ-ਅਣਦਿਸਦੇ ਸਿਆਸੀ ਕਾਰਨਾਂ ਕਾਰਨ ਉਸ ਵੇਲੇ ਨਹੀਂ ਕਰਵਾਈਆਂ ਗਈਆਂ। ਪੰਜਾਬ 'ਚ 4 ਵਿਧਾਨ ਸਭਾ ਸੀਟਾਂ ਉੱਤੇ ਵੀ ਜ਼ਿਮਨੀ ਚੋਣਾਂ ਹੋਣਗੀਆਂ, ਜਿਹਨਾਂ 'ਚ ਚੱਬੇਵਾਲ, ਬਰਨਾਲਾ, ਡੇਰਾ ਬਾਬਾ ਨਾਨਕ ਅਤੇ ਗਿੱਦੜਬਾਹਾ ਪੰਜਾਬ ਵਿਧਾਨ ਸਭਾ ਹਲਕੇ ਸ਼ਾਮਲ ਹਨ।

ਦੇਸ਼ ਇਕ ਹੋਰ ਚੋਣ-ਤਮਾਸ਼ਾ ਵੇਖੇਗਾ। ਵੱਡੇ ਨੇਤਾ ਵੱਡੇ ਭਾਸ਼ਣ ਦੇਣਗੇ। ਲੋਕਾਂ ਨੂੰ ਸਬਜ਼ਬਾਗ਼ ਦਿਖਾਉਣਗੇ। ਲੋਕਾਂ ਦੇ ਦਰੀਂ ਢੁਕਣਗੇ। ਵਾਅਦੇ ਕਰਨਗੇ। ਵੋਟਾਂ ਪ੍ਰਾਪਤ ਕਰਨ ਲਈ ਸਾਮ-ਦਾਮ-ਦੰਡ ਦੇ ਪਰਖੇ ਹੋਏ ਫਾਰਮੂਲੇ ਦੀ ਵਰਤੋਂ ਕਰਨਗੇ। ਦੇਸ਼ ਦੇ ਗੋਦੀ ਮੀਡੀਏ ਦੀ ਵਰਤੋਂ ਚੋਣਾਂ 'ਚ ਭਰਪੂਰ ਹੋਏਗੀ। ਸੋਸ਼ਲ ਮੀਡੀਆ ਵੀ ਵਾਹ ਲੱਗਦੀ ਆਪਣੀ ਗੱਲ ਕਹੇਗਾ। ਕੌਣ ਜਿੱਤੇਗਾ, ਕੌਣ ਹਾਰੇਗਾ, ਇਹ ਤਹਿ ਕਰਨ ਦਾ ਯਤਨ ਹੋਏਗਾ।

ਦੇਸ਼ ਦੇ ਹਾਲਾਤ ਕਿਹੋ ਜਿਹੇ ਹਨ? ਦੇਸ਼ ਵਾਸੀ ਕਿਸ ਕਿਸਮ ਦੇ ਦੌਰ 'ਚੋਂ ਗੁਜ਼ਰ ਰਹੇ ਹਨ? ਇਸ ਦੀ ਬਾਤ ਕੌਣ ਪਾਏਗਾ, ਕਿਸੇ ਨੂੰ ਕੁਝ ਪਤਾ ਨਹੀਂ? ਅਤੇ ਜੇਕਰ ਬਾਤ ਪਾਏਗਾ ਵੀ ਤਾਂ ਉਸ ਬਾਤ ਦਾ ਸਿੱਟਾ ਆਖ਼ਰ ਕੀ ਹੋਏਗਾ?

ਲੋਕਾਂ ਨੂੰ ਤਾਂ ਰੋਟੀ-ਕੱਪੜਾ-ਮਕਾਨ ਚਾਹੀਦਾ ਹੈ। ਲੋਕ ਮਹਿੰਗਾਈ ਦੀ ਮਾਰ ਤੋਂ ਬਚਣਾ ਚਾਹੁੰਦੇ ਹਨ। ਕੀ ਦੇਸ਼ ਦੇ ਹਾਕਮ ਜਾਣਦੇ ਹਨ ਕਿ ਮਹਿੰਗਾਈ ਸਿਖ਼ਰਾਂ ਛੂਹ ਰਹੀ ਹੈ। ਟਮਾਟਰ ਸੂਹਾ ਲਾਲ ਹੋ ਗਿਆ ਹੈ, ਪਿਆਜ਼ ਏਨਾ ਕੌੜਾ ਹੋ ਗਿਆ ਹੈ ਕਿ ਅੱਖਾਂ 'ਚੋਂ ਨਿਰੰਤਰ ਅੱਥਰੂ ਵਗਣ ਲੱਗੇ ਹਨ। ਹੋਰ ਤਾਂ ਹੋਰ ਦੇਸ਼ ਦੀ ਆਰਥਿਕਤਾ ਡਿਗੂੰ-ਡਿਗੂੰ ਕਰ ਰਹੀ ਹੈ। ਇਕ ਪੌਂਡ 109 ਰੁਪਏ ਦਾ, ਇਕ ਅਮਰੀਕੀ ਡਾਲਰ 86 ਰੁਪਈਆਂ ਨੂੰ ਢੁਕ ਗਿਆ ਹੈ ਅਤੇ ਦੇਸ਼ ਦਾ ਹਾਕਮ 'ਸੀਟੀਆਂ' ਵਜਾ ਰਿਹਾ ਹੈ।

ਦੇਸ਼ ਦਾ ਹਾਕਮ ਦਾਅਵਾ ਕਰਦਾ ਹੈ ਕਿ ਦੇਸ਼ ਤਰੱਕੀ ਕਰ ਰਿਹਾ ਹੈ। ਦੁਨੀਆ ਦੀ ਵੱਡੀ ਆਰਥਿਕਤਾ ਬਣਨ ਵੱਲ ਅੱਗੇ ਵਧ ਰਿਹਾ ਹੈ। ਦੇਸ਼ 'ਚ ਵੱਡੀਆਂ ਸੜਕਾਂ ਬਣ ਰਹੀਆਂ ਹਨ, ਮੌਲ ਉਸਰ ਰਹੇ ਹਨ, ਦੇਸ਼ ਤਰੱਕੀਆਂ ਕਰ ਰਿਹਾ ਹੈ, ਪਰ ਕੀ ਦੇਸ਼ ਦਾ ਹਾਕਮ ਇਸ ਗੱਲ ਤੋਂ ਜਾਣੂ ਹੈ ਕਿ ਦੁਨੀਆਂ ਭਰ ਦੇ 1.1 ਅਰਬ ਅਤਿ ਗਰੀਬੀ ਵਿਚ ਰਹਿ ਰਹੇ ਲੋਕਾਂ 'ਚ ਪਹਿਲਾ ਨੰਬਰ ਭਾਰਤ ਦਾ ਹੈ, ਜਿਸ ਦੇ 23.4 ਕਰੋੜ ਲੋਕ ਅਤਿ ਗਰੀਬ ਹਨ, ਜਿਹਨਾਂ ਦੇ ਪੇਟ ਨੂੰ ਇਕ ਡੰਗ ਦੀ ਰੋਟੀ ਮਸਾਂ ਨਸੀਬ ਹੁੰਦੀ ਹੈ। ਇਹਨਾਂ ਅਤਿ ਗਰੀਬ ਲੋਕਾਂ 'ਚੋਂ ਅੱਧੇ ਬੱਚੇ ਹਨ, ਇਹ ਰਿਪੋਰਟ ਸੰਯੁਕਤ ਰਾਸ਼ਟਰ ਨੇ ਛਾਪੀ ਹੈ ਅਤੇ ਜਿਸ 'ਚ ਦਰਸਾਇਆ ਗਿਆ ਹੈ ਕਿ ਭਾਰਤ ਦਾ ਗਰੀਬਾਂ ਦੀ ਗਿਣਤੀ 'ਚ ਪਹਿਲਾ ਨੰਬਰ ਹੈ। ਇਹ ਰਿਪੋਰਟ ਉਹਨਾਂ ਲੋਕਾਂ ਦੀਆਂ ਮੁਸ਼ਕਲ ਹਕੀਕਤਾਂ ਨੂੰ ਉਜਾਗਰ ਕਰਦੀ ਹੈ, ਜੋ ਇਕੋ ਸਮੇਂ ਸੰਘਰਸ਼ ਅਤੇ ਗਰੀਬੀ ਦਾ ਸਾਹਮਣਾ ਕਰ ਰਹੇ ਹਨ।

ਸਾਡੇ ਦੇਸ਼ ਦੇ ਹਾਕਮਾਂ ਦਾ ਹਾਲ ਵੇਖੋ, ਮਰਦਿਆਂ, ਡੁਬਦਿਆਂ ਲਈ ਕੁਝ 'ਆਕਰਸ਼ਤ' ਸਕੀਮਾਂ ਚਲਾਈਆਂ ਜਾਂਦੀਆਂ ਹਨ, ਉਹਨਾਂ ਦਾ ਪ੍ਰਚਾਰ ਕੀਤਾ ਜਾਂਦਾ ਹੈ, ਧਰਮ ਦਾ ਸਿੱਕਾ ਚਲਾਇਆ ਜਾਂਦਾ ਹੈ, ਇਤਿਹਾਸ ਦੇ ਪੰਨਿਆਂ ਨੂੰ ਤਰੋੜਿਆ-ਮਰੋੜਿਆ ਜਾਂਦਾ ਹੈ, ਦੇਸ਼ ਵਾਸੀਆਂ ਨੂੰ ਧਰਮ ਦੇ ਨਾਂਅ 'ਤੇ ਵੰਡਿਆ ਜਾਂਦਾ ਹੈ, ਵੋਟ ਬਟੋਰੇ ਜਾਂਦੇ ਹਨ ਅਤੇ ਤਾਕਤ ਆਪਣੇ ਹੱਥ-ਵੱਸ ਕਰਕੇ 'ਕੁੰਭਕਰਨੀ' ਨੀਂਦੇ ਸੋਇਆ ਜਾਂਦਾ ਹੈ। ਇਹੀ ਇਸ ਸਮੇਂ ਭਾਰਤੀ ਲੋਕਤੰਤਰ ਦਾ ਵੱਡਾ ਨਜ਼ਾਰਾ ਹੈ।

ਵੈਸੇ ਤਾਂ 'ਲੋਕਤੰਤਰ ਦਾ ਨਜ਼ਾਰਾ' ਪੰਜਾਬ ਦੀਆਂ ਪੰਚਾਇਤੀ ਚੋਣਾਂ 'ਚ ਪੰਜਾਬ ਦੇ ਲੋਕਾਂ ਨੇ ਵੇਖਿਆ, ਜਿੱਥੇ ਅਰਬਾਂ ਦੀ ਸ਼ਰਾਬ ਪੰਜਾਬੀਆਂ ਦੇ ਪੱਲੇ ਵੱਡੀਆਂ ਢੁੱਠਾਂ ਵਾਲਿਆਂ ਨੇ ਪਾਈ, ਅਰਬਾਂ ਰੁਪਏ ਦੀਆਂ ਵੋਟਾਂ ਖਰੀਦ ਕੇ ਸਰਪੰਚੀਆਂ ਹਥਿਆਈਆਂ, ਚਾਰ ਦਿਨ ਹੱਲਾ-ਗੁੱਲਾ ਕੀਤਾ। ਹਰਿਆਣਾ ਵੀ ਪਿੱਛੇ ਨਹੀਂ ਰਿਹਾ, ਧਰਮ ਧਰੁਵੀਕਰਨ ਦੀ ਨੀਤੀ ਹੀ ਹਾਕਮਾਂ ਨੇ ਨਹੀਂ ਵਰਤੀ, ਸਗੋਂ ਜੱਟ, ਗ਼ੈਰ-ਜੱਟ ਦਾ ਜਾਤੀਵਾਦੀ ਸਿੱਕਾ ਚਲਾ ਕੇ ਹੱਥੋ ਜਾਂਦੀ-ਜਾਂਦੀ ਤਾਕਤ ਮੁੜ ਹਥਿਆ ਲਈ। ਲੋਕਤੰਤਰ ਦਾ ਉਹ ਨੰਗਾ ਨਾਚ ਵੇਖਣ ਨੂੰ ਮਿਲਿਆ, ਜਿਸ ਨਾਲ ਲੋਕ ਜਿੱਤਦੇ-ਜਿੱਤਦੇ ਹਰਦੇ ਦਿਸੇ। ਗੁਰਮੀਤ ਰਾਮ ਰਹੀਮ ਸਿੰਘ ਵਰਗੇ ਜੇਲ੍ਹ ਕੱਟ ਰਹੇ ਵਿਅਕਤੀ ਨੂੰ ਚੋਣਾਂ ਦੇ ਐਨ ਮੌਕੇ ਪੈਰੋਲ 'ਤੇ ਛੱਡ ਦਿੱਤਾ ਗਿਆ, ਤਾਂ ਕਿ ਉਸ ਦੇ ਪੈਰੋਕਾਰਾਂ ਦੀਆਂ ਵੋਟਾਂ ਆਪਣੇ ਪਾਲ਼ੇ ਲਿਆਂਦੀਆਂ ਜਾ ਸਕਣ। ਹਰਿਆਣਾ ਦੇ ਹਾਕਮਾਂ ਨੇ ਤਾਂ ਇਸ 'ਮਹਾਂਪੁਰਸ਼' ਸੰਬੰਧੀ ਕਾਨੂੰਨ ਦੀਆਂ ਧੱਜੀਆਂ ਉਡਾ ਦਿੱਤੀਆਂ, ਜਿਸ ਨੂੰ ਬਾਵਜੂਦ ਉਮਰ ਕੈਦ ਦੀ ਸਜ਼ਾ ਦੇ ਪੈਰੋਲ ਰਿਹਾਈ ਦਿੱਤੀ ਗਈ। ਇਹ ਵਿਅਕਤੀ ਬਲਾਤਕਾਰ ਅਤੇ ਹੱਤਿਆ ਕੇਸ 'ਚ ਸਜ਼ਾ ਕੱਟ ਰਿਹਾ ਹੈ। ਗੁਰਮੀਤ ਰਾਮ ਰਹੀਮ ਨੂੰ ਪਿਛਲੇ 4 ਵਰ੍ਹਿਆਂ 'ਚ 11 ਵੇਰ ਪੈਰੋਲ ਰਿਹਾਈ ਮਿਲ ਚੁੱਕੀ ਹੈ। ਯਾਦ ਰਹੇ ਹਰਿਆਣਾ 'ਚ ਉਸ ਦੇ ਲੱਖਾਂ ਪੈਰੋਕਾਰ ਹਨ। ਹੈਰਾਨੀ ਨਹੀਂ ਹੋਈ, ਇਹ ਸਭ ਕੁਝ ਵੇਖ, ਸੁਣ, ਜਾਣ ਕੇ, ਕਿਉਂਕਿ ਆਮ ਲੋਕਾਂ ਦੀ ਦੇਸ਼ 'ਚ ਸੁਣਵਾਈ ਕੋਈ ਨਹੀਂ, ਉਨਾਂ ਦੀ ਆਵਾਜ਼ ਏਨੀ ਕਮਜ਼ੋਰ ਹੈ ਕਿ ਸੱਤਾ ਦੇ ਗਲਿਆਰਿਆਂ 'ਚ ਪੁੱਜਦੀ ਹੀ ਨਹੀਂ। ਜੇਕਰ ਉਹਨਾਂ ਦੀ ਆਵਾਜ਼ ਉਹਨਾਂ ਤੱਕ ਪੁੱਜਦੀ ਵੀ ਹੈ ਤਾਂ ਅਣਦੇਖੀ ਕੀਤੀ ਜਾਂਦੀ ਹੈ।

ਕੀ ਦੇਸ਼ ਦਾ ਹਾਕਮ ਨਹੀਂ ਜਾਣਦਾ ਕਿ ਆਮ ਲੋਕ ਬੇਰੁਜ਼ਗਾਰੀ ਦੀ ਮਾਰ ਹੇਠ ਹਨ। ਗੰਦੀਆਂ ਬਸਤੀਆਂ 'ਚ ਜੀਵਨ ਬਸਰ ਕਰਨ ਲਈ ਮਜਬੂਰ ਹਨ। ਇਹਨਾਂ ਬਸਤੀਆਂ 'ਚ ਜ਼ਿਆਦਾਤਰ ਮਕਾਨ ਕੱਚੇ ਹਨ, ਉਹਨਾਂ 'ਚ ਫਰਸ਼ ਕੋਈ ਨਹੀਂ, ਬੱਚੇ ਨੰਗੇ ਘੁੰਮਦੇ ਹਨ ਨੰਗੇ ਪੈਰਾਂ ਨਾਲ, ਚਿਹਰਿਆਂ ਤੋਂ ਪਤਾ ਲੱਗਦਾ ਹੈ ਕਿ ਉਹ ਕੁਪੋਸ਼ਣ ਦੇ ਸ਼ਿਕਾਰ ਹਨ। ਗਰਮੀਆਂ, ਸਰਦੀਆਂ, ਬਰਸਾਤਾਂ 'ਚ ਉਹਨਾਂ ਦਾ ਜੀਵਨ ਨਰਕਾਂ ਵਾਲਾ ਹੈ। ਹਾਲ-ਬੇਹਾਲ ਇਹ ਬਸਤੀਆਂ ਜੀਵਨ-ਮਰਨ ਦਾ ਚੱਕਰ ਹੰਢਾ ਰਹੀਆਂ ਹਨ।

ਗਰੀਬੀ ਦੀ ਸਮੱਸਿਆ ਭਾਰਤ 'ਚ ਪੁਰਾਣੀ ਹੈ। ਗਰੀਬੀ ਤੇ ਭਾਰਤ ਇਕ ਹਕੀਕਤ ਹੈ। ਕੀ ਇਸ ਹਕੀਕਤ ਨੂੰ ਦੇਸ਼ ਦੇ ਹਾਕਮਾਂ (ਰਾਜਿਆਂ, ਮਹਾਰਾਜਿਆਂ) ਨੇ ਕਦੇ ਸਮਝਿਆ? ਕਦੇ ਉਹਨਾਂ ਬਾਰੇ ਚਿੰਤਾ ਕੀਤੀ। ਗਰੀਬੀ ਹਟਾਓ ਦਾ ਨਾਹਰਾ ਤਾਂ ਲੱਗਾ, ਪਰ ਹਕੀਕਤ ਇਹ ਕਿ ਗਰੀਬ ਵੀ ਹਟਾ ਦਿੱਤੇ ਗਏ।

ਰਾਜ ਨੇਤਾ ਜਨਤਾ ਦੇ ਸੇਵਕ ਕਹੇ ਜਾਣੇ ਜਾਂਦੇ ਹਨ, ਇਹ ਉਹ ਦਾਅਵਾ ਵੀ ਕਰਦੇ ਹਨ, ਪਰ ਹਕੀਕਤ ਇਹ ਹੈ ਕਿ ਰਾਜਨੀਤੀ ਇਕ ਵਪਾਰ ਬਣ ਗਈ ਹੈ। ਨੇਤਾ ਜਨਤਾ ਦੀ ਸੇਵਾ ਕਰਦੇ ਤਾਂ ਦਿਖਦੇ ਹਨ, ਪਰ ਇਸ ਸੇਵਾ 'ਚ ਉਹਨਾਂ ਦਾ ਆਪਣਾ ਸਵਾਰਥ ਲੁਕਿਆ ਹੁੰਦਾ ਹੈ।

ਦੇਸ਼ 'ਚ ਭ੍ਰਿਸ਼ਟਾਚਾਰ ਹੈ। ਦੇਸ਼ ਦੇ ਮੌਜੂਦਾ ਹਾਕਮਾਂ ਨੇ ਭ੍ਰਿਸ਼ਟਾਚਾਰ ਮੁਕਤ ਦੇਸ਼ ਬਣਾਉਣ ਦਾ ਦਾਅਵਾ ਕੀਤਾ। ਪੰਜਾਬ ਦੇ ਹਾਕਮਾਂ ਨੇ ਇਸੇ ਨਾਹਰੇ 'ਤੇ ਸੱਤਾ ਹਥਿਆਈ, ਪਰ ਇਸ ਵੇਲੇ ਹਾਲਾਤ ਕੀ ਹਨ ਦੇਸ਼ ਦੇ। ਭ੍ਰਿਸ਼ਟਾਚਾਰ ਵਿਰੁੱਧ ਲੜਾਈ ਖੋਖਲੀ ਹੈ। ਭ੍ਰਿਸ਼ਟਾਚਾਰ 'ਚ ਉਹ ਲੋਕ ਦੇਸ਼ 'ਚ ਫੜੇ ਜਾਂਦੇ ਹਨ, ਜੋ ਭਾਰਤੀ ਜਨਤਾ ਪਾਰਟੀ ਨਾਲ ਸਬੰਧ ਨਹੀਂ ਰੱਖਦੇ।

ਦਾਅਵਿਆਂ ਦਾ ਮੁੱਢ ਚੋਣਾਂ ਵੇਲੇ ਬੱਝਦਾ ਹੈ। ਹਕੀਕਤ ਚੋਣਾਂ ਜਿੱਤਣ ਦੇ ਦੋ ਵਰ੍ਹਿਆਂ ਬਾਅਦ ਸਾਹਮਣੇ ਆਉਂਦੀ ਹੈ। ਜਦੋਂ ਲੋਕਾਂ ਦੀ ਝੋਲੀ ਖਾਲੀ ਦਿਸਦੀ ਹੈ, ਨੇਤਾ ਲੋਕ ਕੁਝ ਨਹੀਂ ਕਰਦੇ, ਹੰਕਾਰ ਨਾਲ ਭਰੇ ਬੱਸ ਆਪਣੀ ਦੁਨੀਆਂ 'ਚ ਵਿਚਰਦੇ ਹਨ। ਉਹ ਲੋਕ ਜਿਹੜੇ ਝੂਠ ਅਤੇ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰਕੇ ਚੋਣਾਂ ਜਿੱਤਦੇ ਹਨ, ਉਹਨਾਂ ਲੋਕਾਂ ਨੂੰ ਵੀ ਆਪਣੀ ਜੱਫੀ 'ਚ ਲੈ ਲੈਂਦੇ ਹਨ, ਜਿਹੜੇ ਉਹਨਾਂ ਦੇ ਵਿਰੋਧੀ ਹੁੰਦੇ ਹਨ। ਤਾਕਤ ਦੇ ਨਸ਼ੇ 'ਚ ਇਹ ਲੋਕ ਆਪਣੇ ਆਪ ਨੂੰ ਸੁਪਰਮੈਨ, ਫਿਰ ਦੇਵਤਾ ਅਤੇ ਫਿਰ ਭਗਵਾਨ ਸਮਝਣ ਲੱਗਦੇ ਹਨ।

ਕਥਨੀ ਅਤੇ ਕਰਨੀ ਤੋਂ ਦੂਰ ਹਟੇ ਅੱਜ ਦੇ ਹਾਕਮ, ਆਪਣੇ ਹੱਕਾਂ ਦਾ ਦੁਰਉਪਯੋਗ ਕਰਦੇ ਦਿੱਸਦੇ ਹਨ, ਉਹ ਵਿਰੋਧੀ ਧਿਰਾਂ ਨੂੰ ਗਾਲੀ-ਗਲੋਚ ਕਰਦੇ ਹਨ ਅਤੇ ਆਪਣੀਆਂ ਸੌੜੀਆਂ ਸਿਆਸੀ ਨੀਤੀਆਂ ਨੂੰ ਅੱਗੇ ਵਧਾਉਂਦੇ, ਵਿ

23-OCT-PAGE-5.qxd 10/22/2024 10:48 PM Page 1

ਝੋਨੇ ਦੀ ਬੇਕਦਰੀ ਖ਼ਿਲਾਫ਼ ਹਜ਼ਾਰਾਂ ਕਿਸਾਨ 51 ਮੋਰਚਿਆਂ 'ਤੇ ਡਟੇ ਰਹੇ

ਪਟਿਆਲਾ (ਰਾਜਿੰਦਰ ਸਿੰਘ ਬਿੰਦ)

ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਝੋਨੇ ਦੀ ਨਿਰਵਿਘਨ ਖਰੀਦ ਅਮਲੀ ਰੂਪ 'ਚ ਚਾਲੂ ਕਰਾਉਣ ਲਈ ਛੇਵੇਂ ਦਿਨ ਵੀ 51 ਥਾਂਵਾਂ 'ਤੇ ਪੱਕੇ ਮੋਰਚਿਆਂ ਵਿੱਚ ਡਟੇ ਰਹੇ।

ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ ਇਨ੍ਹਾਂ ਮੋਰਚਿਆਂ ਵਿੱਚ ਕੁੱਲ ਮਿਲਾ ਕੇ ਸੈਂਕੜੇ ਔਰਤਾਂ ਤੇ ਨੌਜਵਾਨਾਂ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਸ਼ਾਮਲ ਹੋਏ। ਛੇ ਦਿਨਾਂ ਤੋਂ 26 ਟੋਲ ਪਲਾਜ਼ਿਆਂ ਤੇ ਪੰਜ ਦਿਨਾਂ ਤੋਂ 25 ਸਿਆਸੀ ਆਗੂਆਂ ਦੇ ਘਰਾਂ/ਦਫ਼ਤਰਾਂ ਅੱਗੇ ਲਾਏ ਗਏ ਇਹ ਪੱਕੇ ਮੋਰਚੇ ਝੋਨੇ ਦੀ ਨਿਰਵਿਘਨ ਖਰੀਦ ਬਾਰੇ ਸਰਕਾਰੀ ਐਲਾਨ ਅਮਲੀ ਰੂਪ 'ਚ ਲਾਗੂ ਹੋਣ ਤੱਕ ਦਿਨ-ਰਾਤ ਜਾਰੀ ਰੱਖੇ ਜਾਣਗੇ।

ਉਨ੍ਹਾਂ ਦੋਸ਼ ਲਾਇਆ ਕਿ ਸਰਕਾਰੀ ਦਾਅਵਿਆਂ ਦੇ ਬਾਵਜੂਦ ਬਹੁਤੇ ਜ਼ਿਲ੍ਹਿਆਂ ਵਿੱਚ ਸਥਿਤੀ ਜਿਉਂ ਦੀ ਤਿਉਂ ਗੰਭੀਰ ਬਣੀ ਹੋਈ ਹੈ, ਸਿਰਫ਼ ਕਿਤੇ ਕਿਤੇ ਹੀ ਨਾਮਾਤਰ ਸੁਧਾਰ ਹੋਇਆ ਹੈ। ਮੋਰਚਿਆਂ ਨੂੰ ਸੰਬੋਧਨ ਕਰਨ ਵਾਲੇ ਮੁੱਖ ਬੁਲਾਰਿਆਂ ਵਿੱਚ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਰੂਪ ਸਿੰਘ ਛੰਨਾ, ਹਰਦੀਪ ਸਿੰਘ ਟੱਲੇਵਾਲ, ਜਗਤਾਰ ਸਿੰਘ ਕਾਲਾਝਾੜ, ਜਨਕ ਸਿੰਘ ਭੁਟਾਲ, ਹਰਿੰਦਰ ਕੌਰ ਬਿੰਦੂ, ਕਮਲਜੀਤ ਕੌਰ ਬਰਨਾਲਾ ਤੇ ਕੁਲਦੀਪ ਕੌਰ ਕੁੱਸਾ ਤੋਂ ਇਲਾਵਾ ਸੰਬੰਧਤ ਜ਼ਿਲ੍ਹਾ ਅਤੇ ਬਲਾਕ ਪੱਧਰਾਂ ਦੇ ਸੈਂਕੜੇ ਆਗੂ ਸ਼ਾਮਲ ਸਨ।

ਬੁਲਾਰਿਆਂ ਨੇ ਮੋਰਚਿਆਂ ਦੀਆਂ ਮੰਗਾਂ ਦੁਹਰਾਈਆਂ ਕਿ ਝੋਨੇ ਦੀ ਪੂਰੇ ਐੱਮ ਐੱਸ ਪੀ 'ਤੇ ਨਿਰਵਿਘਨ ਖਰੀਦ ਤੇ ਨਾਲੋ ਨਾਲ ਚੁਕਾਈ ਅਮਲੀ ਰੂਪ 'ਚ ਚਾਲੂ ਕੀਤੀ ਜਾਵੇ ਅਤੇ ਹੁਣ ਤੱਕ ਘੱਟ ਮੁੱਲ 'ਤੇ ਵਿਕੇ ਝੋਨੇ ਦੀ ਕਮੀ ਪੂਰਤੀ ਕੀਤੀ ਜਾਵੇ, ਸਰਕਾਰੀ ਸਿਫ਼ਾਰਸ਼ ਅਨੁਸਾਰ ਪਾਣੀ ਦੀ ਬੱਚਤ ਲਈ ਬੀਜੀ ਗਈ ਪੀ ਆਰ 126 ਕਿਸਮ ਦੇ ਪੂਸਾ 44 ਨਾਲੋਂ ਘੱਟ ਝਾੜ ਅਤੇ ਐੱਮ ਐੱਸ ਪੀ ਤੋਂ ਘੱਟ ਮਿਲੇ ਮੁੱਲ ਕਾਰਨ ਪਏ ਘਾਟੇ ਦੀ ਕਮੀ ਪੂਰਤੀ ਕੀਤੀ ਜਾਵੇ, ਬਾਸਮਤੀ ਦਾ ਲਾਭਕਾਰੀ ਐੱਮ ਐੱਸ ਪੀ ਮਿਥਿਆ ਜਾਵੇ, ਐਤਕੀਂ ਵੀ ਪਿਛਲੇ ਸਾਲ ਵਾਲੇ ਔਸਤ ਰੇਟ 'ਤੇ ਖਰੀਦ ਕੀਤੀ ਜਾਵੇ ਅਤੇ ਘੱਟ ਰੇਟ 'ਤੇ ਖਰੀਦ ਕਾਰਨ ਹੁਣ ਤੱਕ ਪੈ ਚੁੱਕੇ ਘਾਟੇ ਦੀ ਕਮੀ ਪੂਰਤੀ ਕੀਤੀ ਜਾਵੇ, ਝੋਨੇ ਦੀ ਨਮੀ ਘੱਟ ਤੋਂ ਘੱਟ 22% ਕੀਤੀ ਜਾਵੇ ਤੇ ਦਾਗੀ ਦਾਣਿਆਂ ਵਰਗੀਆਂ ਹੋਰ ਸਰਤਾਂ ਨਰਮ ਕੀਤੀਆਂ ਜਾਣ, ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਉਨ੍ਹਾਂ ਦੀ ਮੰਗ ਅਨੁਸਾਰ ਹਰਿਆਣੇ ਦੇ ਬਰਾਬਰ ਮਿੱਥੀ ਜਾਵੇ ਤੇ ਹੋਰ ਹੱਕੀ ਮੰਗਾਂ ਮੰਨੀਆਂ ਜਾਣ, ਪੁਆੜੇ ਦੀ ਜੜ੍ਹ ਸੰਸਾਰ ਵਪਾਰ ਸੰਸਥਾ ਦੀ ਖੁੱਲ੍ਹੀ ਮੰਡੀ ਦੀ ਨੀਤੀ ਰੱਦ ਕੀਤੀ ਜਾਵੇ ਤੇ ਇਸ ਸੰਸਥਾ ਨਾਲੋਂ ਨਾਤਾ ਤੋੜਿਆ ਜਾਵੇ, ਨਵੇਂ ਚੌਲਾਂ ਦੀ ਸਟੋਰੇਜ ਲਈ ਸ਼ੈਲਰ ਮਾਲਕਾਂ ਦੇ ਜਮ੍ਹਾਂ ਪਏ ਚੌਲਾਂ ਦੀ ਚੁਕਾਈ ਤੇਜ਼ੀ ਨਾਲ ਕੀਤੀ ਜਾਵੇ ਤੇ ਪੀ ਆਰ 126 ਕਿਸਮ ਦੇ ਚੌਲਾਂ ਦੀ ਘੱਟ ਨਿਕਾਸੀ ਸਮੇਤ ਹੋਰ ਹੱਕੀ ਮੰਗਾਂ ਤੁਰੰਤ ਪੂਰੀਆਂ ਕੀਤੀਆਂ ਜਾਣ, ਪਰਾਲੀ ਸਾੜਨ ਤੋਂ ਬਗੈਰ ਨਿਪਟਾਰੇ ਲਈ 200 ਰੁਪਏ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ। ਇਸ ਬਾਰੇ ਮੜ੍ਹੇ ਗਏ ਮੁਕੱਦਮੇ/ਜੁਰਮਾਨੇ/ਵਰੰਟ/ਲਾਲ ਐਂਟ੍ਰੀਆ ਦੇ ਸਾਰੇ ਜਾਬਰ ਕਦਮ ਵਾਪਸ ਲਏ ਜਾਣ। ਹੁਣ ਚੱਲ ਰਹੇ ਮੋਰਚਿਆਂ ਦੌਰਾਨ ਵੀ ਇਹ ਜਾਬਰ ਸਿਲਸਿਲਾ ਸ਼ੁਰੂ ਕਰਨ ਦੀ ਸਖਤ ਨਿਖੇਧੀ ਕੀਤੀ ਗਈ ਤੇ ਕਿਸਾਨਾਂ ਨੂੰ ਸੱਦਾ ਦਿੱਤਾ ਗਿਆ ਕਿ ਇਸ ਸੰਬੰਧੀ ਗ੍ਰਿਫ਼ਤਾਰੀਆਂ ਕਰਨ ਆਏ ਅਧਿਕਾਰੀਆਂ ਦੇ ਫ਼ੈਸਲਾਕੁੰਨ ਘਿਰਾਓ ਕੀਤੇ ਜਾਣ।

ਬੁਲਾਰਿਆਂ ਨੇ ਡੀ.ਏ.ਪੀ ਦੀ ਬਿਨਾਂ ਸ਼ਰਤ ਨਿਰਵਿਘਨ ਸਪਲਾਈ ਦੀ ਗਰੰਟੀ ਕਰਨ ਦੀ ਮੰਗ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਸਾਨਾਂ ਦੀਆਂ ਇਨ੍ਹਾਂ ਹੱਕੀ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕਰਨ ਲਈ ਕੇਂਦਰ ਤੇ ਪੰਜਾਬ ਦੀਆਂ ਦੋਨਾਂ ਸਰਕਾਰਾਂ ਨੂੰ ਦੋਸ਼ੀ ਠਹਿਰਾਇਆ ਜਿਹੜੀਆਂ ਛੋਟੇ ਦਰਮਿਆਨੇ ਕਿਸਾਨਾਂ ਨੂੰ ਆਰਥਿਕ ਪੱਖੋਂ ਤਬਾਹ ਕਰਕੇ ਜ਼ਮੀਨਾਂ ਹਥਿਆਉਣ ਵਾਲੀ ਸੰਸਾਰ ਵਪਾਰ ਸੰਸਥਾ ਦੀ ਕਾਰਪੋਰੇਟ ਪੱਖੀ ਖੁੱਲ੍ਹੀ ਮੰਡੀ ਦੀ ਨੀਤੀ ਮੜ੍ਹਨ 'ਤੇ ਉਤਾਰੂ ਹਨ। ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਕੁੱਝ ਮੋਰਚਿਆਂ ਵਿੱਚ ਸ਼ਮੂਲੀਅਤ ਕੀਤੀ ਗਈ। ਬੁਲਾਰਿਆਂ ਵੱਲੋਂ ਸਮੂਹ ਪਿੰਡਾਂ ਦੇ ਕਿਸਾਨਾਂ ਮਜ਼ਦੂਰਾਂ ਨੂੰ ਸੱਦਾ ਦਿੱਤਾ ਗਿਆ ਕਿ ਸਰਕਾਰਾਂ ਦੇ ਇਸ ਕਿਸਾਨ ਮਾਰੂ ਕਾਰਪੋਰੇਟ ਪੱਖੀ ਹਮਲੇ ਨੂੰ ਮਾਤ ਦੇਣ ਲਈ ਪੱਕੇ ਮੋਰਚਿਆਂ ਵਿੱਚ ਪੂਰੇ ਜੋਸ ਤੇ ਧੜੱਲੇ ਨਾਲ ਪ੍ਰਵਾਰਾਂ ਸਮੇਤ ਕਾਫਲੇ ਬੰਨ੍ਹ ਕੇ ਪੁੱਜਿਆ ਜਾਵੇ।

ਮੈਨੇਜਮੈਂਟ ਦੀ ਅਣਗਹਿਲੀ ਨਾਲ ਵਾਪਰਿਆ ਹਾਦਸਾ, ਇੱਕ ਮੌਤ, ਦੋ ਜ਼ਖ਼ਮੀ

ਮੂਣਕ (ਰਾਜਪਾਲ ਸਿੰਗਲਾ)

ਭਾਰਤ ਸਰਕਾਰ ਦੀ ਸੰਸਥਾ ਫੂਡ ਕਾਰਪੋਰੇਸ਼ਨ ਵੱਲੋਂ ਅਨਾਜ ਭੰਡਾਰ ਬਣਾਇਆ ਜਾ ਰਿਹਾ ਹੈ। ਸੈਲੋ ਗੁਦਾਮ ਦੀ ਉਸਾਰੀ ਦਾ ਠੇਕਾ ਇੱਕ ਪ੍ਰਾਈਵੇਟ ਠੇਕੇਦਾਰ, ਜੋ ਜ਼ਿਲ੍ਹਾ ਮਾਨਸਾ ਪਿੰਡ ਰਾਏਪੁਰ ਦਾ ਰਹਿਣ ਵਾਲਾ ਹੈ, ਉਸ ਨੂੰ ਦਿੱਤਾ ਗਿਆ। ਜਿਸ ਵੇਲੇ ਇਸ ਗੋਦਾਮ ਵਿੱਚ ਪਿੰਡ ਘੋੜੇਨਬ ਦੇ ਦੋ ਮਜ਼ਦੂਰ, ਜੋ ਟਰੱਕ ਵਿੱਚੋਂ ਬੱਜਰੀ ਲਾਹ ਰਹੇ ਸੀ, ਉੱਥੇ ਠੇਕੇਦਾਰ ਤੇ ਮੈਨੇਜਮੈਂਟ ਦੀ ਅਣਗਹਿਲੀ ਕਰਕੇ ਹਾਦਸਾ ਵਾਪਰ ਗਿਆ, ਜਿਹੜੀ 11000 ਹਾਜਾਰ ਵੋਲਟੇਜ ਲਾਇਨ ਜੋ ਖੇਤਾਂ ਵਾਲੀਆਂ ਮੋਟਰਾਂ ਲਈ ਹੈ, ਉਹਦੇ ਨਾਲ ਗੱਡੀ ਟਕਰਾ ਕੇ ਹਾਦਸਾ ਵਾਪਰਿਆ।

ਮੌਕੇ 'ਤੇ ਇੱਕ ਮਜ਼ਦੂਰ ਦੀ ਮੌਤ ਹੋ ਗਈ ਤੇ ਦੋ ਜ਼ਖ਼ਮੀ ਜੇਰੇ ਇਲਾਜ ਮੂਣਕ ਹਸਪਤਾਲ ਵਿੱਚ ਹਨ। ਪਿੰਡ ਘੋੜੇਨਬ ਦੇ ਕਿਸਾਨ ਮਜ਼ਦੂਰ ਮ੍ਰਿਤਕ ਦੇ ਪਰਵਾਰ ਨਾਲ ਉਨ੍ਹਾਂ ਨੂੰ ਇਨਸਾਫ ਦਿਵਾਉਣ ਵਾਸਤੇ ਸੰਘਰਸ਼ ਕਮੇਟੀ ਬਣਾ ਕੇ ਇਸ ਗੋਦਾਮ ਵਾਲੀ ਥਾਂ ਉੱਤੇ ਧਰਨਾ ਲਾਈ ਬੈਠੇ ਨੇ। ਇਸ ਸਮੇਂ ਉਨ੍ਹਾਂ ਦੇਨਾਲ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਹਰਭਗਵਾਨ ਸਿੰਘ ਮੂਨਕ ਜ਼ਿਲ੍ਹਾ ਆਗੂ ਗੋਪੀ ਕੱਲਰਭੈਣੀ ਦਲਿਤ ਮਨੁੱਖੀ ਅਧਿਕਾਰ ਸਭਾ ਦੇ ਆਗੂ ਸੇਬੀ ਸਿੰਘ ਖੰਡੇਬਾਦ ਅਤੇ ਮਜ਼ਦੂਰ ਮੁਕਤੀ ਮੋਰਚਾ ਵੱਲੋਂ ਨਿੱਕਾ ਸਿੰਘ ਬਹਾਦਰਪੁਰ ਹਾਜ਼ਰ ਸਨ। ਉਪਰੋਕਤ ਸੰਘਰਸ਼ ਕਮੇਟੀ ਤੇ ਜਥੇਬੰਦੀਆਂ ਦੇ ਆਗੂਆਂ ਨੇ ਸਾਂਝੇ ਤੌਰ 'ਤੇ ਮੰਗ ਕੀਤੀ ਕਿ ਮ੍ਰਿਤਕ ਦੇ ਪਰਵਾਰ ਨੂੰ 50 ਲੱਖ ਰੁਪਿਆ, ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਤੇ ਬੱਚਿਆਂ ਦੀ ਪਾਲਣ ਪੋਸ਼ਣ ਤੇ ਪੜ੍ਹਾਈ ਦੀ ਜ਼ਿੰਮੇਵਾਰੀ ਸਰਕਾਰ ਓਟੇ। ਪਰਵਾਰ ਸਿਰ ਚੜ੍ਹਿਆ ਸਰਕਾਰੀ, ਗੈਰ ਸਰਕਾਰੀ ਕਰਜ਼ਾ ਮਾਫ ਕੀਤਾ ਜਾਵੇ, ਜੋ ਗੁਦਾਮ ਨੂੰ ਬਣਵਾਉਣ ਵਾਲੀ ਮੈਨੇਜਮੈਂਟ ਤੇ ਠੇਕੇਦਾਰ ਹੈ, ਉਨ੍ਹਾਂ 'ਤੇ ਪਹਿਲ ਦੇ ਅਧਾਰ 'ਤੇ ਅਣਗਹਿਲੀ ਦੀ ਕਾਰਵਾਈ ਦਾ ਪਰਚਾ ਦਰਜ ਕੀਤਾ ਜਾਵੇ। ਜ਼ਖ਼ਮੀ ਹੋਏ ਦੋ ਮਜ਼ਦੂਰਾਂ ਦਾ ਇਲਾਜ ਵੀ ਸਰਕਾਰ ਵੱਲੋਂ ਕਰਾਇਆ ਜਾਵੇ ਤੇ ਪੰਜ-ਪੰਜ ਲੱਖ ਰੁਪਿਆ ਉਨ੍ਹਾਂ ਨੂੰ ਸਹਾਇਤਾ ਰਾਸ਼ੀ ਦਿੱਤੀ ਜਾਵੇ।

ਪ੍ਰਭਾਰੀ ਸਕੱਤਰ ਤੇ ਡਿਪਟੀ ਕਮਿਸ਼ਨਰ ਨੇ ਮੈਗਾ ਮਾਪੇ-ਅਧਿਆਪਕ ਮਿਲਣੀ ਦਾ ਲਿਆ ਜਾਇਜ਼ਾ

ਮੋਗਾ (ਇਕਬਾਲ ਸਿੰਘ ਖਹਿਰਾ)

ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਾਈ ਦਾ ਪੱਧਰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਉੱਦਮਾਂ ਤਹਿਤ ਜ਼ਿਲ੍ਹਾ ਮੋਗਾ ਦੇ ਪ੍ਰਭਾਰੀ ਸਕੱਤਰ ਡੀ ਕੇ ਤਿਵਾੜੀ ਅਤੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਜ਼ਿਲ੍ਹਾ ਮੋਗਾ 'ਚ ਮੈਗਾ ਮਾਪੇ ਅਧਿਆਪਕ ਮਿਲਣੀ ਦਾ ਜਾਇਜ਼ਾ ਲਿਆ।

ਇਸ ਮੌਕੇ ਤਿਵਾੜੀ ਨੇ ਜਿੱਥੇ ਵੀਡੀਉ ਕਾਨਫਰੰਸ ਰਾਹੀਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਉਥੇ ਹੀ ਡਿਪਟੀ ਕਮਿਸ਼ਨਰ ਸ਼੍ਰੀ ਸਾਰੰਗਲ ਨੇ ਪਿੰਡ ਲੰਡੇਕੇ ਦੇ ਸਕੂਲ ਆਫ਼ ਐਮੀਨੇਂਸ ਵਿੱਚ ਅਧਿਆਪਕਾਂ ਤੇ ਵਿਦਿਆਰਥੀਆਂ ਨਾਲ ਨਿੱਜੀ ਰਾਬਤਾ ਕੀਤਾ।

ਦੋਵੇਂ ਜਗ੍ਹਾ ਬੋਲਦਿਆਂ ਡੀ ਕੇ ਤਿਵਾੜੀ ਤੇ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਮਜ਼ਬੂਤ ਕਰਨ ਦੇ ਨਾਲ-ਨਾਲ ਅਧਿਆਪਕਾਂ ਦਾ ਵਿਦਿਆਰਥੀਆਂ ਦੇ ਮੁਕਾਬਲੇ ਸਹੀ ਅਨੁਪਾਤ ਵੀ ਯਕੀਨੀ ਬਣਾਇਆ ਜਾ ਰਿਹਾ ਹੈ। ਸ਼੍ਰੀ ਤਿਵਾੜੀ ਨੇ ਵਿਦਿਆਰਥੀਆਂ ਨੂੰ ਸਕੂਲ ਸਿੱਖਿਆ ਮੁਕੰਮਲ ਕਰਨ ਉਪਰੰਤ ਉਚੇਰੀ ਸਿੱਖਿਆ ਲਈ ਸਹੀ ਵਿਸ਼ਿਆਂ ਦੀ ਚੋਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।

ਉਨ੍ਹਾਂ ਕਿਹਾ ਕਿ ਸਕੂਲ ਸਿੱਖਿਆ ਪੂਰੀ ਕਰਨ ਉਪਰੰਤ ਸਹੀ ਵਿਸ਼ਿਆਂ ਦੀ ਚੋਣ ਬਹੁਤ ਹੀ ਮਹੱਤਵਪੂਰਨ ਫੈਸਲਾ ਹੁੰਦਾ ਹੈ। ਉਹਨਾਂ ਵੱਲੋਂ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਅਧਿਆਪਕਾਂ ਨੂੰ ਸਮੇਂ-ਸਮੇਂ ਤੇ ਸਿੱਖਿਆ ਦੀਆਂ ਨਵੀਆਂ ਸ਼ੈਲੀਆਂ ਨੂੰ ਅਪਣਾਉਣ ਦਾ ਸੁਝਾਅ ਦਿੱਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦਾ ਮਨੋਬਲ ਉੱਚਾ ਚੁੱਕਣ ਲਈ ਅਧਿਆਪਕ ਉਨ੍ਹਾਂ ਨੂੰ ਸਕੂਲਾਂ ਵਿੱਚ ਦੋਸਤਾਨਾ ਮਾਹੌਲ ਮੁਹੱਈਆ ਕਰਾਉਣਾ ਯਕੀਨੀ ਬਣਾਉਣ ਤਾਂ ਜੁ ਉਹ ਬੇਝਿਜਕ ਹੋ ਕੇ ਆਪਣੀਆਂ ਵਿੱਦਿਅਕ ਉਲਝਣਾਂ ਦਾ ਹੱਲ ਕਰਵਾ ਸਕਣ।

ਡਿਪਟੀ ਕਮਿਸ਼ਨਰ ਨੇ ਅਧਿਆਪਕਾਂ ਤੇ ਮਾਪਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਸੁਧਾਰ ਲਿਆਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਭਵ ਮਦਦ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਅਧਿਆਪਕਾਂ ਵੱਲੋਂ ਨਿਰੰਤਰ ਪੂਰੀ ਮਿਹਨਤ ਨਾਲ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦਾ ਬੌਧਿਕ ਤੇ ਸਰੀਰਕ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਧਿਆਪਕ ਚੰਗੇ ਸਮਾਜ ਦੇ ਨਿਰਮਾਣ ਦੀ ਨੀਂਹ ਹਨ, ਕਿਉਂਕਿ ਵਿਦਿਆਰਥੀ ਹੀ ਅੱਗੇ ਚੱਲ ਕੇ ਨਿਰੋਏ ਸਮਾਜ ਦੀ ਸਿਰਜਣਾ ਕਰਦੇ ਹਨ। ਦੱਸਣਯੋਗ ਹੈ ਕਿ ਸਮੂਹ ਸੀਨੀਅਰ ਅਧਿਕਾਰੀਆਂ, ਐੱਸ ਡੀ ਐੱਮਜ਼ ਵੱਲੋਂ ਵੀ ਵੱਖ-ਵੱਖ ਸਕੂਲਾਂ ਦਾ ਦੌਰਾ ਕਰਕੇ ਅਧਿਆਪਕ ਮਾਪੇ ਮਿਲਣੀ ਵਿੱਚ ਸ਼ਿਰਕਤ ਕੀਤੀ।

ਕਾਤਰਾਂ

ਸੜਕ ਹਾਦਸੇ 'ਚ ਇੱਕ ਜ਼ਖ਼ਮੀ, ਮਾਮਲਾ ਦਰਜ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਜੀਟੀ ਰੋਡ ਖਾਈ ਫੇਮੇ ਕੀ ਵਿਖੇ ਹੋਏ ਇੱਕ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਦੇ ਜ਼ਖ਼ਮੀ ਹੋਣ ਦੀ ਘਟਨਾ ਸਾਹਮਣੇ ਆਈ ਹੈ।ਹਾਦਸੇ ਵਿੱਚ ਇੱਕ ਤੇਜ਼ ਰਫਤਾਰ ਸਵਿਫਟ ਕਾਰ ਨੇ ਮੋਟਰਸਾਈਕਲ ਨੂੰ ਟੱਕਰ ਮਾਰੀ।ਮੋਟਰਸਾਈਕਲ ਸਵਾਰ ਰਮੇਸ਼ ਪੁੱਤਰ ਬੋਹੜਾ, ਜੋ ਪਿੰਡ ਦੁੱਲੇਵਾਲਾ ਤੋਂ ਖਾਈ ਫੇਮੇ ਕੀ ਜਾ ਰਿਹਾ ਸੀ, ਨੂੰ ਸੱਟਾਂ ਲੱਗੀਆਂ ਤੇ ਉਸ ਦਾ ਮੋਟਰਸਾਈਕਲ ਵੀ ਨੁਕਸਾਨਿਆ ਹੈ।ਥਾਣਾ ਸਦਰ ਫ਼ਿਰੋਜ਼ਪੁਰ ਦੀ ਪੁਲਿਸ ਨੇ ਰਮੇਸ਼ ਦੇ ਬਿਆਨਾਂ ਦੇ ਆਧਾਰ 'ਤੇ ਅਣਪਛਾਤੇ ਕਾਰ ਚਾਲਕ ਵਿਰੁੱਧ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਦੀ ਅਗਵਾਈ ਹੇਠ 281, 125 ਏਬੀ, 324 (4) ਬੀਐੱਨਐੱਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਸਬੰਧੀ ਪੰਜ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਦੀ ਪੁਲਿਸ ਵੱਲੋਂ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਦੇ ਕਥਿਤ ਮਾਮਲਿਆਂ ਸਬੰਧੀ ਪੰਜ ਪੁਲਸ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪੰਜਾਬ ਰਿਮੋਟ ਸੈਂਸਿੰਗ ਸੈਂਟਰ ਵੱਲੋਂ ਪਿੰਡ ਬਾਗ ਸਿੰਕਦਰ ਵਿਖੇ ਖੇਤਾਂ 'ਚ ਰਹਿੰਦ ਖੂੰਦ ਸਬੰਧੀ ਸੂਚਨਾ ਦਿੱਤੇ ਜਾਣ 'ਤੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਨਾਮਾਲੂਮ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ।ਵੱਖਰੇ ਮਾਮਲੇ 'ਚ ਪੰਜਾਬ ਰਿਮੋਟ ਸੈਂਸਿੰਗ ਸੈਂਟਰ ਵੱਲੋਂ ਪਿੰਡ ਜੱਲ੍ਹਾ ਦੇ ਪਿੰਡ ਮਾਜਰਾ ਨਿਧੇ ਸਿੰਘ ਵਾਲਾ ਦੇ ਖੇਤਾਂ 'ਚ ਅੱਗ ਲਾਉਣ ਸਬੰਧੀ ਦਿੱਤੀ ਗਈ ਸੂਚਨਾ ਦੇ ਆਧਾਰ 'ਤੇ ਥਾਣਾ ਸਰਹਿੰਦ ਦੀ ਪੁਲਿਸ ਵੱਲੋਂ ਨਾਮਾਲੂਮ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ।ਇੱਕ ਵੱਖਰੇ ਮਾਮਲੇ 'ਚ ਪਿੰਡ ਬਲਾੜ੍ਹੀ ਕਲਾਂ ਵਿਖੇ ਖੇਤਾਂ 'ਚ ਅੱਗ ਲੱਗਣ ਦੀ ਸੂਚਨਾ ਮਿਲਣ ਸਬੰਧੀ ਥਾਣਾ ਬੜਾਲੀ ਆਲਾ ਸਿੰਘ ਦੀ ਪੁਲਸ ਵੱਲੋਂ ਕੇਸ ਦਰਜ ਕੀਤਾ ਗਿਆ ਹੈ।ਇੱਕ ਵੱਖਰੇ ਮਾਮਲੇ 'ਚ ਪਿੰਡ ਜਟਾਣਾ ਨੀਵਾਂ ਦੇ ਖੇਤਾਂ 'ਚ ਅੱਗ ਲੱਗਣ ਸਬੰਧੀ ਸੂਚਨਾ ਮਿਲਣ 'ਤੇ ਥਾਣਾ ਖਮਾਣੋਂ ਦੀ ਪੁਲਸ ਵੱਲੋਂ ਨਾਮਾਲੂਮ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ।ਉਪਰੋਕਤ ਸਾਰੇ ਮਾਮਲਿਆਂ 'ਚ ਪੁਲਿਸ ਵੱਲੋਂ ਅ/ਧ 223 ਬੀ.ਐਨ.ਐਸ. ਤਹਿਤ ਕਾਰਵਾਈ ਅਮਲ 'ਚ ਲਿਆਂਦੀ ਗਈ ਹੈ।

ਸੱਟਾਂ ਮਾਰਨ ਦੇ ਦੋਸ਼ 'ਚ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼

23 - October - Page - 6.qxd 10/22/2024 11:17 PM Page 1

ਈ ਟੀ ਟੀ 5994 ਭਰਤੀ : ਸਿੱਖਿਆ ਮੰਤਰੀ ਦੀ ਕੋਠੀ ਅੱਗੇ ਦੂਜੇ ਦਿਨ ਜਾਰੀ ਰਹੀ ਭੁੱਖ ਹੜਤਾਲ

ਨੰਗਲ, (ਸੁਰਜੀਤ ਸਿੰਘ ਢੇਰ) ਪਿੰਡ ਗੰਭੀਰਪੁਰ ਵਿਖੇ ਸਥਿਤ ਸਕੂਲੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਕੋਠੀ ਅੱਗੇ ਈ ਟੀ ਟੀ 5994 ਭਰਤੀ ਨਾਲ ਸਬੰਧਿਤ ਮਹਿਲਾ ਉਮੀਦਵਾਰਾਂ ਵੱਲੋਂ ਆਰੰਭੀ ਗਈ ਭੁੱਖ ਹੜਤਾਲ ਦੂਜੇ ਦਿਨ ਵੀ ਜਾਰੀ ਰਹੀ।ਦੂਜੇ ਦਿਨ ਮਹਿਕਦੀਪ ਮਾਨਸਾ, ਹਰਪ੍ਰੀਤ ਮਾਨਸਾ, ਲਖਵਿੰਦਰ ਮਾਨਸਾ, ਨੀਰੂ ਫਿਰੋਜਪੁਰ ਅਤੇ ਕਮਲ ਸੰਗਰੂਰ ਭੁੱਖ ਹੜਤਾਲ 'ਤੇ ਬੈਠੀਆਂ।ਇਸ ਦੇ ਨਾਲ ਹੀ ਯੂਨੀਅਨ ਦੇ ਦੋ ਉਮੀਦਵਾਰ ਅਨਮੋਲ ਬੱਲੂਆਣਾ ਅਤੇ ਆਦਰਸ਼ ਅਬੋਹਰ ਪਿਛਲੇ 19 ਦਿਨਾਂ ਤੋਂ ਪਿੰਡ ਢੇਰ ਵਿਖੇ ਪਾਣੀ ਵਾਲੀ ਟੈਂਕੀ ਉੱਪਰ ਬੈਠੇ ਹੋਏ ਹਨ।ਇਸ ਮੌਕੇ ਸੂਬਾ ਕਮੇਟੀ ਮੈਂਬਰ ਬੱਗਾ ਖੁਡਾਲ, ਪਰਮਪਾਲ ਫਾਜਿਲਕਾ, ਬੰਟੀ ਕੰਬੋਜ, ਕੁਲਵਿੰਦਰ ਬਰੇਟਾ, ਬਲਿਹਾਰ ਸਿੰਘ, ਅਸ਼ੋਕ ਬਾਵਾ, ਹਰੀਸ਼ ਫਾਜਿਲਕਾ ਅਤੇ ਪ੍ਰਗਟ ਬੋਹਾ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇੱਥੇ ਨੇੜਲੇ ਪਿੰਡ ਨੰਗਲ ਵਿਖੇ ਸਥਿਤ ਸਰਕਾਰੀ ਸਕੂਲ 'ਚ ਆਯੋਜਿਤ ਮਾਪੇ-ਅਧਿਆਪਕ ਮਿਲਣੀ ਵਿੱਚ ਪਹੁੰਚੇ ਸਨ, ਪਰ ਉਨ੍ਹਾਂ ਨੂੰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਕੋਠੀ ਅੱਗੇ ਭੁੱਖ ਹੜਤਾਲ 'ਤੇ ਬੈਠੀਆਂ ਮਹਿਲਾ ਉਮੀਦਵਾਰਾਂ ਅਤੇ ਪਿਛਲੇ 19 ਦਿਨਾਂ ਤੋਂ ਟੈਂਕੀ ਉਪਰ ਬੈਠ ਕੇ ਰਾਤਾਂ ਕੱਟ ਰਹੇ ਦੋ ਉਮੀਦਵਾਰ ਦਿਖਾਈ ਨਹੀਂ ਦਿੱਤੇ। ਆਗੂਆਂ ਨੇ ਕਿਹਾ ਕਿ ਜਿਮਨੀ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਜ਼ੋਰਦਾਰ ਵਿਰੋਧ ਕੀਤਾ ਜਾਵੇਗਾ।

ਕਿਸਾਨਾਂ ਦੇ ਖਾਤਿਆਂ 'ਚ 62.35 ਕਰੋੜ ਦੀ ਹੋਈ ਅਦਾਇਗੀ : ਡਿਪਟੀ ਕਮਿਸ਼ਨਰ

ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਕੀਤੀ ਅਪੀਲ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)- ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਦਾ ਕੰਮ ਲਗਾਤਾਰ ਜਾਰੀ ਹੈ। ਜ਼ਿਲ੍ਹੇ ਦੀਆਂ 68 ਮੰਡੀਆਂ ਅਤੇ 20 ਆਰਜ਼ੀ ਖਰੀਦ ਕੇਂਦਰਾਂ ਵਿਚ ਬੀਤੀ ਸ਼ਾਮ ਤੱਕ ਲਗਭਗ 86131 ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿਚੋਂ 62877 ਟਨ ਝੋਨੇ ਦੀ ਵੱਖ-ਵੱਖ ਸਰਕਾਰੀ ਏਜੰਸੀਆਂ ਵੱਲੋਂ ਖਰੀਦ ਕੀਤੀ ਜਾ ਚੁੱਕੀ ਹੈ। ਇਨ੍ਹਾਂ ਖਰੀਦ ਕੇਂਦਰਾਂ ਵਿਚ ਲਗਭਗ 5100 ਟਨ ਝੋਨੇ ਦੀ ਲਿਫਟਿੰਗ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 4953 ਕਿਸਾਨਾਂ ਨੂੰ ਬਣਦੀ 64.18 ਕਰੋੜ ਵਿਚੋਂ 62.35 ਕਰੋੜ ਦੀ ਅਦਾਇਗੀ ਕਰ ਦਿੱਤੀ ਗਈ ਹੈ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਬਿਲਕੁਲ ਸੁੱਕਾ ਝੋਨਾ ਹੀ ਮੰਡੀ ਵਿੱਚ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਵਾਤਾਵਰਣ ਦੀ ਸੰਭਾਲ ਲਈ ਪਰਾਲੀ ਨੂੰ ਅੱਗ ਨਾ ਲਗਾ ਕੇ ਆਪਣਾ ਯੋਗਦਾਨ ਪਾਉਣ।ਰਾਜ ਰਿਸ਼ੀ ਮਹਿਰਾ ਡੀ.ਐਫ.ਐਸ.ਸੀ. ਨੇ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਵਿਚ 70 ਰਾਈਸ ਮਿੱਲਾਂ ਨੇ ਆਨਲਾਈਨ ਅਲਾਟਮੈਂਟ ਲਈ ਅਪਲਾਈ ਕੀਤਾ ਹੈ, ਜਿਸ ਵਿਚੋਂ 63 ਰਾਈਸ ਮਿੱਲਾਂ ਵੱਖ-ਵੱਖ ਏਜੰਸੀਆਂ ਨੂੰ ਅਲਾਟ ਕਰ ਦਿੱਤੀਆਂ ਗਈਆਂ ਹਨ। ਇਨ੍ਹਾਂ ਰਾਈਸ

ਮਿੱਲਾਂ ਵਿਚੋਂ 33 ਮਿੱਲਾਂ ਨੇ ਏਜੰਸੀਆਂ ਨਾਲ ਐਗਰੀਮੈਂਟ ਕਰ ਲਏ ਹਨ। ਇਨ੍ਹਾਂ ਸਾਰੀਆਂ ਰਾਈਸ ਮਿੱਲਾਂ ਨੂੰ ਜ਼ਿਲ੍ਹੇ ਦੇ ਵੱਖ-ਵੱਖ ਖਰੀਦ ਕੇਂਦਰਾਂ/ਆਰਜ਼ੀ ਫੜ੍ਹਾਂ ਨਾਲ ਲਿੰਕ ਕਰ ਦਿੱਤਾ ਗਿਆ ਹੈ ਤਾਂ ਜੋ ਲਿਫਟਿੰਗ ਦੇ ਕੰਮ ਵਿਚ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ। ਇਸ ਤੋਂ ਇਲਾਵਾ ਸਰਕਾਰ ਵੱਲੋਂ ਝੋਨੇ ਦੀ ਖਰੀਦ ਅਤੇ ਲਿਫਟਿੰਗ ਵਿਚ ਤੇਜ਼ੀ ਲਿਆਉਣ ਲਈ ਵੱਖ-ਵੱਖ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਨਵੀਆਂ ਰਾਈਸ ਮਿੱਲਾਂ ਲਈ ਮਿੱਥੀ ਝੋਨੇ ਦੀ ਮਿਕਦਾਰ ਨੂੰ ਪਹਿਲਾਂ ਤੋਂ ਸਥਾਪਿਤ ਰਾਈਸ ਮਿੱਲਾਂ ਦੇ ਬਰਾਬਰ ਕਰ ਦਿੱਤਾ ਗਿਆ ਹੈ। ਰਾਈਸ ਮਿੱਲਾਂ ਦੀਆਂ ਰਜਿਸਟਰੇਸ਼ਨਾਂ ਸਬੰਧੀ ਵਿਭਾਗੀ ਪੋਰਟਲ ਮੁੜ ਖੋਲ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਆਰ.ਓ. ਦੀ ਫੀਸ 75 ਰੁ. ਪ੍ਰਤੀ ਟਨ ਤੋਂ ਘਟਾ ਕੇ 15 ਰੁ. ਪ੍ਰਤੀ ਟਨ ਅਤੇ 50 ਰੁ. ਪ੍ਰਤੀ ਟਨ ਵਾਲੀ ਫੀਸ ਘਟਾ ਕੇ 10 ਰੁ. ਪ੍ਰਤੀ ਟਨ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਿਹੜੇ ਰਾਈਸ ਮਿੱਲ ਮਿਤੀ 21 ਅਕਤੂਬਰ ਰਾਤ 10 ਵਜੇ ਤੱਕ ਆਰ.ਓ. ਅਪਲਾਈ ਕਰ ਦੇਣਗੇ ਅਤੇ 22 ਅਕਤੂਬਰ ਦੇ ਰਾਤ 12 ਵਜੇ ਤੱਕ ਪੈਡੀ ਲਿਫਟ ਕਰਨੀ ਸ਼ੁਰੂ ਕਰ ਦੇਣਗੇ, ਉਨ੍ਹਾਂ ਦੀ ਉਕਤ ਆਰ.ਓ. ਫੀਸ ਵੀ ਰਿਫੰਡ ਕਰ ਦਿੱਤੀ ਜਾਵੇਗੀ। ਉਨ੍ਹਾਂ ਸਮੂਹ ਮਿਲਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਰਾਈਸ ਮਿੱਲਾਂ ਨੂੰ ਜਲਦ ਵਿਭਾਗ ਨਾਲ ਅਲਾਟ ਕਰਵਾਉਣ ਤਾਂ ਜੋ ਝੋਨੇ ਦੀ ਖਰੀਦ ਅਤੇ ਲਿਫਟਿੰਗ ਵਿਚ ਤੇਜ਼ੀ ਲਿਆਈ ਜਾ ਸਕੇ।

ਲੋਕ ਪੱਖੀ ਸਮਾਜਿਕ ਤਬਦੀਲੀ ਲਈ ਤਰਕਸ਼ੀਲ ਸੋਚ ਜਰੂਰੀ : ਤਰਕਸ਼ੀਲ਼ ਸੁਸਾਇਟੀ

ਬਰਨਾਲਾ : ਵਿਦਿਆਰਥੀਆਂ ਵਿੱਚ ਵਿਗਿਆਨਕ ਚੇਤਨਾ ਵਿਕਸਤ ਕਰਨ ਅਤੇ ਉਨ੍ਹਾਂ ਨੂੰ ਵਹਿਮਾਂ ਭਰਮਾਂ, ਅੰਧ ਵਿਸ਼ਵਾਸਾਂ ਅਤੇ ਸਮਾਜਿਕ ਬੁਰਾਈਆਂ ਤੋਂ ਮੁਕਤ ਕਰਨ ਦੇ ਮਕਸਦ ਵਜੋਂ ਤਰਕਸ਼ੀਲ਼ ਸੁਸਾਇਟੀ ਪੰਜਾਬ ਵੱਲੋਂ ਪੰਜਾਬ ਦੇ ਸੈਂਕੜੇ ਸਕੂਲਾਂ ਵਿੱਚ ਛੇਵੀਂ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 20 ਅਤੇ 21 ਅਕਤੂਬਰ ਨੂੰ ਕਰਵਾਈ ਗਈ ਜਿਸ ਵਿੱਚ 26735 ਵਿਦਿਆਰਥੀਆਂ ਨੇ ਭਾਗ ਲਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਤਰਕਸ਼ੀਲ਼ ਸੁਸਾਇਟੀ ਪੰਜਾਬ ਦੇ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿਭਾਗ ਦੇ ਮੁਖੀ ਰਾਮ ਸਵਰਨ ਲੱਖੇਵਾਲੀ ਅਤੇ ਮੀਡੀਆ ਵਿਭਾਗ ਦੇ ਮੁਖੀ ਸੁਮੀਤ ਸਿੰਘ ਨੇ ਦੱਸਿਆ ਕਿ ਇਸ ਪ੍ਰੀਖਿਆ ਵਿੱਚ ਮਿਡਲ ਅਤੇ ਸੈਕੰਡਰੀ ਗਰੁੱਪਾਂ ਲਈ ਸਮੁੱਚੇ ਪੰਜਾਬ ਵਿੱਚ ਕੁੱਲ ਰਜਿਸਟਰ ਹੋਏ 29352 ਵਿਦਿਆਰਥੀਆਂ ਵਿੱਚੋਂ 26735 ਵਿੱਦਿਆਰਥੀਆਂ ਨੇ ਭਾਗ ਲਿਆ ਜਿਸ ਲਈ ਵੱਖ ਵੱਖ ਸਰਕਾਰੀ ਅਤੇ ਨਿੱਜੀ ਸਕੂਲਾਂ ਵਿਚ 445 ਪ੍ਰੀਖਿਆ ਕੇਂਦਰ ਸਥਾਪਤ ਕੀਤੇ ਗਏ ਸਨ। ਤਰਕਸ਼ੀਲ਼ ਆਗੂਆਂ ਨੇ ਦੱਸਿਆ ਕਿ ਇਸ ਪ੍ਰੀਖਿਆ ਦੀ ਤਿਆਰੀ ਲਈ ਤਰਕਸ਼ੀਲ਼ ਸੁਸਾਇਟੀ ਵੱਲੋਂ ਮਿਡਲ ਅਤੇ ਸੈਕੰਡਰੀ ਗਰੁੱਪਾਂ ਲਈ ਦੋ ਵੱਖ ਵੱਖ ਪੁਸਤਕਾਂ ਤਿਆਰ ਕਰਕੇ ਵਿਦਿਆਰਥੀਆਂ ਨੂੰ ਦੋ ਮਹੀਨੇ ਪਹਿਲਾਂ ਮੁੱਹਈਆ ਕਰਵਾ ਦਿੱਤੀਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਇਸ ਪ੍ਰੀਖਿਆ ਦਾ ਨਤੀਜਾ ਅਗਲੇ ਮਹੀਨੇ ਐਲਾਨਿਆ ਜਾਵੇਗਾ ਅਤੇ ਸੂਬੇ, ਜੋਨ ਅਤੇ ਇਕਾਈ ਪੱਧਰ 'ਤੇ ਮੈਰਿਟ ਵਿਚ ਆਉਣ ਵਾਲੇ ਮਿਡਲ ਅਤੇ ਸੈਕੰਡਰੀ ਗਰੁੱਪ ਦੇ ਵੱਖ ਵੱਖ ਵਿਦਿਆਰਥੀਆਂ ਨੂੰ ਨਕਦ ਇਨਾਮ, ਤਰਕਸ਼ੀਲ਼ ਕਿਤਾਬਾਂ,ਯਾਦਗਾਰੀ ਚਿੰਨ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਜਾਵੇਗਾ।ਇਸ ਮੌਕੇ ਤਰਕਸ਼ੀਲ਼ ਆਗੂਆਂ ਨੇ ਦੱਸਿਆ ਕਿ ਇਸ ਪ੍ਰੀਖਿਆ ਨੂੰ ਸਮੁੱਚੇ ਪੰਜਾਬ ਵਿੱਚ ਪੂਰੇ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਕਰਵਾਉਣ ਲਈ 10 ਜੋਨਾਂ ਅਤੇ 60 ਇਕਾਈਆਂ ਦੇ ਸੈਂਕੜੇ ਤਰਕਸ਼ੀਲ ਆਗੂਆਂ, ਮੈਂਬਰਾਂ ਅਤੇ ਸਹਿਯੋਗੀ ਸਾਥੀਆਂ ਵੱਲੋਂ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾਈ ਗਈ।ਇਸ ਪ੍ਰੀਖਿਆ ਸੰਬੰਧੀ ਪੰਜਾਬ ਦੇ ਵੱਖ ਵੱਖ ਸਕੂਲਾਂ ਦੇ ਮੁਖੀਆਂ, ਅਧਿਆਪਕਾਂ ਅਤੇ ਪ੍ਰਬੰਧਕਾਂ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਮੌਜੂਦਾ ਵਿਗਿਆਨ ਦੇ ਯੁੱਗ ਵਿਚ ਵਿਦਿਆਰਥੀਆਂ ਨੂੰ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ, ਧਾਗੇ ਤਵੀਤਾਂ,ਜਨਮ ਟੇਵਿਆਂ, ਨਸ਼ਿਆਂ, ਫਿਰਕਾਪ੍ਰਸਤੀ, ਪਾਖੰਡੀ ਬਾਬਿਆਂ, ਸਾਧਾਂ, ਜੋਤਸ਼ੀਆਂ, ਡੇਰਿਆਂ ਦੇ ਝਾਂਸਿਆਂ ਤੋਂ ਬਚਣ ਅਤੇ ਜਿੰਦਗੀ ਦੀਆਂ ਸਮੱਸਿਆਵਾਂ ਦੇ ਟਾਕਰੇ ਲਈ ਵਿਗਿਆਨਕ ਦ੍ਰਿਸ਼ਟੀਕੋਣ ਅਪਨਾਉਣ ਲਈ ਵਿਦਿਅਕ ਅਦਾਰਿਆਂ ਵਿੱਚ ਸਮੇਂ ਸਮੇਂ ਉਤੇ ਅਜਿਹੀਆਂ ਵਿਗਿਆਨਕ ਚੇਤਨਾ ਪ੍ਰੀਖਿਆਵਾਂ ਬੇਹੱਦ ਜਰੂਰੀ ਹਨ ਅਤੇ ਤਰਕਸ਼ੀਲ਼ ਸੁਸਾਇਟੀ ਵੱਲੋਂ ਪਿਛਲੇ ਚਾਰ ਦਹਾਕਿਆਂ ਤੋਂ ਲਗਾਤਾਰ ਇਸ ਖੇਤਰ ਵਿਚ ਨਿਭਾਈ ਜਾ ਰਹੀ ਭੂਮਿਕਾ ਬੇਹੱਦ ਸ਼ਲਾਘਾਯੋਗ ਹੈ ਅਤੇ ਮੌਜੂਦਾ ਸਮਿਆਂ ਦੀ ਲੋੜ ਵੀ ਹੈ।ਤਰਕਸ਼ੀਲ਼ ਸੁਸਾਇਟੀ ਨੇ ਸੰਬੰਧਿਤ ਸਕੂਲਾਂ ਦੇ ਮੁਖੀਆਂ, ਅਧਿਆਪਕਾਂ,ਪ੍ਰਬੰਧਕਾਂ ਵੱਲੋਂ ਦਿੱਤੇ ਪੂਰਨ ਸਹਿਯੋਗ ਅਤੇ ਵਿਦਿਆਰਥੀਆਂ ਵਲੋਂ ਦਿੱਤੇ ਵੱਡੇ ਹੁੰਗਾਰੇ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਹੈ।

ਅਕਾਲ ਗਲੈਕਸੀ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਕਰਾਟੇ ਟੂਰਨਾਮੈਂਟ 'ਚ ਮਾਰੀਆਂ ਗਈਆਂ ਮੱਲਾਂ

ਲੋਹੀਆਂ ਖਾਸ, (ਯੋਗੇਸ਼ਵਰ) ਅਕਾਲ ਕਰਾਟੇ ਕੱਪ ਚੈਂਪੀਅਨਸ਼ਿਪ ਅਕਾਲ ਗਰੁੱਪ ਆਫ ਇੰਸਟੀਟਿਊਸ਼ਨ ਵੱਲੋਂ ਆਯੋਜਿਤ ਕੀਤਾ ਗਿਆ ਜਿਸ ਵਿੱਚ ਵੱਖ - ਵੱਖ ਜਿਲ੍ਹਿਆਂ ਦੇ ਜਿਵੇਂ ਲੁਧਿਆਣਾ, ਹੁਸ਼ਿਆਰਪੁਰ , ਸੁਲਤਾਨਪੁਰ ਲੋਧੀ ਅਤੇ ਪਠਾਨਕੋਟ ਟੀਮਾਂ ਨੇ ਭਾਗ ਲਿਆ।ਇਸ ਟੂਰਨਾਮੈਂਟ ਵਿੱਚ ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਦੇ 24 ਵਿਦਿਆਰਥੀਆਂ ਦੁਆਰਾ ਭਾਗ ਲਿਆ ਗਿਆ ਅਤੇ ਸਾਰੇ ਹੀ ਵਿਦਿਆਰਥੀਆਂ ਦੁਆਰਾ ਬਹੁਤ ਹੀ ਵਧੀਆ ਖੇਡਿਆ ਗਿਆ । ਸਕੂਲ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਇਹਨਾਂ 24 ਵਿਦਿਆਰਥੀਆਂ ਨੇ ਹੀ ਮੈਡਲ ਹਾਸਲ ਕੀਤੇ, ਇਸ ਵਿੱਚ ਨੌਂ ਵਿਦਿਆਰਥੀਆਂ ਨੇ ਗੋਲਡ ਮੈਡਲ, ਸੱਤ ਵਿਦਿਆਰਥੀਆਂ ਨੇ ਸਿਲਵਰ ਮੈਡਲ ਅਤੇ ਅੱਠ ਵਿਦਿਆਰਥੀਆਂ ਦੁਆਰਾ ਬਰੋਨਜ਼ ਮੈਡਲ ਹਾਸਲ ਕੀਤੇ ਗਏ। ਇਸ ਕਰਾਟੇ ਟੂਰਨਾਮੈਂਟ ਵਿੱਚ ਇਹਨਾਂ ਦੇ ਕਰਾਟੇ ਕੋਚ ਗੁਰਪ੍ਰੀਤ ਸੇਠੀ ਜੀ ਅਤੇ ਕਰਾਟੇ ਕੋਆਰਡੀਨੇਟਰ ਕਾਰਤਿਕ ਸਚਦੇਵਾ ਵੀ ਹਾਜ਼ਰ ਸਨ।

ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ

ਮਾਨਸਾ (ਆਤਮਾ ਸਿੰਘ ਪਮਾਰ) ਸਰਕਾਰੀ ਸੈਕੰਡਰੀ ਸਕੂਲ ਅੱਕਾਂਵਾਲੀ ਵਿਖੇ ਮਾਪੇ ਅਧਿਆਪਕ ਮਿਲਣੀ ਦੌਰਾਨ ਨਵੇਂ ਚੁਣੇ ਗਏ ਸਰਪੰਚ ਤੇ ਗ੍ਰਾਮ ਪੰਚਾਇਤ ਤੋਂ ਇਲਾਵਾ ਮਾਪਿਆਂ ਦਾ ਸਵਾਗਤ ਕਰਦਿਆਂ ਸਕੂਲ ਮੁਖੀ ਸਿੰਘ ਨਰਿੰਦਰ ਸਿੰਘ ਮੋਹਲ ਵੱਲੋਂ ਜੀ ਆਇਆਂ ਵੀ ਕਿਹਾ।ਇਸ ਸਮੇਂ ਨਵਨਿਯੁਕਤ ਸਰਪੰਚ ਜਸਵੰਤ ਸਿੰਘ ਅਤੇ ਗ੍ਰਾਮ ਪੰਚਾਇਤ ਵੱਲੋਂ ਸਕੂਲ ਮੁਖੀ ਤੇ ਸਟਾਫ਼ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਸਕੂਲ ਲਈ ਲੋੜੀਦੇ ਹਰ ਕੰਮ ਨੂੰ ਪਹਿਲੇ ਦੇ ਆਧਾਰ 'ਤੇ ਕਰਾਇਆ ਜਾਵੇਗਾ।

ਉਨ੍ਹਾਂ ਮਾਪੇ ਅਧਿਆਪਕ ਮਿਲਣੀ ਦੌਰਾਨ ਮਾਪਿਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖ਼ਲ ਕਰਾਉਣ ਅਤੇ ਸਰਕਾਰ ਵਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ।

ਉੱਤਰ ਰੇਲਵੇ

ਭੰਡਾਰ ਦੀ ਆਪੂਰਤੀ ਲਈ ਮੰਗ ਟੈਂਡਰ ਇਲੈਕਟ੍ਰੋਨਿਕ ਟੈਂਡਰ ਈ ਪ੍ਰਣਾਲੀ ਦੇ ਅੰਤਰਗਤ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਉਪ ਮੁੱਖ ਸਾਮਗਰੀ ਪ੍ਰਬੰਧਕ/ਉੱਤਰ ਰੇਲਵੇ/ਭੰਡਾਰ ਡਿਪੋ/ਯਾਂਤ੍ਰਿਕ ਕਾਰਖਾਨਾ/ਅੰਮ੍ਰਿਤਸਰ ਦੁਵਾਰਾ ਸੰਭਰਣਕਰਤਾਵਾਂ ਤੋਂ ਹੇਠਾ ਲਿਖੇ ਮਦਾਂ ਦੇ ਲਈ ਟੈਂਡਰ ਮੰਗ ਕੀਤੀ ਜਾਂਦੀ ਹੈ:-

ਲ. ਨੰ:	ਟੈਂਡਰ ਨੰ:	ਮਾਲ ਦਾ ਵੇਰਵਾ	ਮਾਤਰਾ	ਟੈਂਡਰ ਖੁਲਣ ਦੀ ਮਿਤੀ
01	62245275A	High-Capacity Draft Gear with Follower for BOXNHL Wagon	1560 Nos.	18.11.2024

ਟੈਂਡਰ ਸ਼ਰਤਾਂ- ireps ਦੀ ਵੈਬਸਾਈਟ www.ireps.gov.in ਉਤੇ ਉਪਲਬਧ ਹੈ । ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣਾ ਅਤੇ ਰਜਿਸਟਰਡ ਕਰਾਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ - III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾ ਤੋਂ ਪ੍ਰਾਪਤ ਨਹੀ ਕੀਤਾ ਹੈ) ਪ੍ਰਾਪਤ ਕਰਨਾ ਹੋਵੇਗਾ। ਹੱਥ ਨਾਲ ਲਿਖੀ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ ।

ਟੈਂਡਰ ਨੋਟਿਸ ਨੰ: 17/2024-25 ਮਿਤੀ : 22.10.2024 3274/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਕਲਾਸੀਫਾਈਡ ਇਸ਼ਤਿਹਾਰ

Change of Name

I, Sukhdeep Kaur Dhoot W/O Navjot Singh R/O VPO Dhoot Kalan, Distt. Hoshiarpur, Punjab have changed my name from Sukhdeep Kaur Dhoot to Sukhdeep Kaur. Concerned note.

I Daljeet Kaur W/o Iqbal of Vill.Gatti Rai Pur, Tehsil Shahkot, Distt. Jalandhar, Have Changed My Name Daljeet Kaur to Daljit Kaur. Concerned May Note.

I, Kuldeep Kaur W/o Surinder Singh R/o VPO. Jandu Singha, Bainsa Patti, Distt. Jalandhar have changed my name from Kuldeep Kaur to Kuldip Kaur. All concerned please note. (10869)

I, Amrik Singh S/o Sucha Singh R/o Vill. and PO. Pandori Nijran, Jalandhar- I have change my name Amrik Singh to Amreek Singh.

I, Avinabh S/o Narinder Kumar R/o H. No-431, Street No-3, Ward No.-23, Bhagat Nagar, Hoshiarpur. I change my name from Avinabh to Avinabh Kumar.

I, Anmol Chugh S/o Viresh Kumar Chugh R/o Ram Vihar Colony, Sector 18-18025, Jalandhar-144002, have changed my name from Anmol Chugh to Sam Cohen. All concerned please note.

I Hakekat Rai S/o Dharam Pal R/o H No.3202 , Bhargo Camp Jalandhar 144001 Punjab, India Have Changed My Name From Hakekat Rai To Hakikat Rai .

I, Boby Kumar S/o Kuldeep Raj R/o Village Chamyari Tehsil Ajnala District Amritsar have changed my name from Boby to Boby Kumar.

I, Jyoti Mehra W/o Sunil Suneja W/o Sunil Suneja R/o H.No.177 Sector 4 Panchkula Haryana 134112 have changed my name from Jyoti Mehra to Jyoti Suneja

I, Dalip Wadhawan S/o Prem Nath R/o 525, Basant Avenue Amritsar have changed my name Dilip Wadhawan to Dalip Wadhawan

I, Joginder Pal S/o Gyan Chand R/o D-26, Second Floor, Vishnu Garden Near Sheetal Mata Mandir, Tilak Nagar, West Delhi-110018 have changed my name from Joginder Pal to Joginder Pal Gandhi

I, Sonia W/o Satish Kumar Jhingan R/o 340, Basant Avenue Amritsar have changed my nane from Sonia to Sonia Jhingan

I, Mandeep Kumar S/o Mohan Lal R/o H.No.517, Ward No.5, Near Sant Bore Wale di Kutia, Talwandi Bhai District Ferozepur have changed my name from Mandeep Kumar to Mandeep Kumar Kaith

I, Sardul Singh S/o Sabeg Singh R/o VPO Gharka Teh

23-OCT-PAGE-7.qxd 10/22/2024 10:50 PM Page 1

ਕੁਸ਼ਟ ਆਸਰਮ ਦੇ ਪੈਂਤੀ ਪਰਵਾਰਾਂ ਨੂੰ ਰਾਸ਼ਨ ਵੰਡਿਆ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਅਖਿਲ ਭਾਰਤੀਆ ਤਰੁਣ ਸੰਗਮ ਕਲੱਬ ਵੱਲੋਂ ਕਲੱਬ ਦੇ ਚੇਅਰਮੈਨ ਮਲਕੀਤ ਸਿੰਘ ਚਾਂਗਲੀ, ਪ੍ਰਧਾਨ ਦਿਨੇਸ਼ ਕੁਮਾਰ ਦੇ ਨਿਰਦੇਸ਼ ਅਨੁਸਾਰ ਕੁਸ਼ਟ ਆਸ਼ਰਮ ਸੰਗਰੂਰ ਵਿਖੇ ਕਲੱਬ ਦੇ ਆਪਸੀ ਸਹਿਯੋਗ ਨਾਲ ਪੈਂਤੀ ਕੁਸ਼ਟ ਪਰਿਵਾਰਕ ਮੈਂਬਰਾਂ ਨੂੰ ਰਾਸ਼ਨ ਵੰਡਿਆ ਗਿਆ, ਜਿਸ ਵਿੱਚ ਹਰੇਕ ਪਰਵਾਰ ਨੂੰ ਦਸ ਕਿਲੋ ਆਟਾ, ਦਾਲਾਂ ਬੇਸਣ, ਤੇਲ, ਚਾਵਲ, ਖੰਡ, ਚਾਹ ਤੇ ਹੋਰ ਰਸੋਈ ਦੇ ਰੋਜ਼ਾਨਾ ਵਰਤੋਂ 'ਚ ਆਉਣ ਵਾਲਾ ਸਮਾਨ ਦਿੱਤਾ ਗਿਆ।

ਗਾਰਡਨ ਵੈਲੀ ਸਕੂਲ 'ਚ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਕੁਹਾੜਾ ਰੋਡ ਸਥਿਤ ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਵਿਖੇ ਚੌਥੇ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲੀ ਬੱਚਿਆਂ ਨੇ ਸ਼ਬਦ ਗਾਇਨ ਕੀਤਾ ਤੇ ਕੁਝ ਬੱਚਿਆਂ ਨੇ ਗੁਰੂ ਸਾਹਿਬ ਦੇ ਜੀਵਨ ਸਬੰਧੀ ਜਾਣਕਾਰੀ ਦਿੱਤੀ। ਸਕੂਲ ਦੇ ਮੁੱਖ ਅਧਿਆਪਕ ਡਾ. ਹਰਪ੍ਰੀਤ ਕੌਰ ਤਨੇਜਾ ਨੇ ਬੱਚਿਆਂ ਨੂੰ ਗੁਰੂ ਜੀ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ ਤੇ ਗੁਰੂ ਸਾਹਿਬਾਨ ਦੇ ਦੱਸੇ ਮਾਰਗ 'ਤੇ ਚੱਲਣ ਲਈ ਕਿਹਾ। ਇਸ ਸਮੇਂ ਸਾਰੇ ਬੱਚਿਆਂ ਨੂੰ ਪ੍ਰਸ਼ਾਦ ਵਰਤਾਇਆ ਗਿਆ ਤੇ ਸਾਰੇ ਬੱਚਿਆਂ ਨੂੰ ਸ਼ਬਦ ਕੀਰਤਨ ਲਈ ਪ੍ਰੇਰਤ ਕੀਤਾ।

ਨਵੀਂ ਚੁਣੀ ਪੰਚਾਇਤ ਦਾ ਵਿਧਾਇਕ ਪੰਡੋਰੀ ਵੱਲੋਂ ਸਨਮਾਨ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਕਲਾਲ ਮਾਜਰਾ ਵਿਖੇ ਗ੍ਰਾਮ ਪੰਚਾਇਤ ਦੀ ਚੋਣ ਉਪਰੰਤ ਸਰਬੱਤ ਦੇ ਭਲੇ ਲਈ ਤੇ ਵਾਹਿਗੁਰੂ ਦੇ ਸ਼ੁਕਰਾਨੇ ਲਈ ਧਾਰਮਿਕ ਸਮਾਗਮ ਗੁਰਦੁਆਰਾ ਸਾਹਿਬ ਵਿਖੇ ਕਰਾਇਆ ਗਿਆ।ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਸਰਪੰਚ ਜਗਜੀਵਨ ਸਿੰਘ ਤੇ ਸਮੁੱਚੀ ਪੰਚਾਇਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਕਲਾਲ ਮਾਜਰਾ ਦੇ ਲੋਕਾਂ ਨੇ ਉਹਨਾਂ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ। ਇਸ ਲਈ ਉਨ੍ਹਾਂ ਦਾ ਇਹ ਫ਼ਰਜ਼ ਬਣਦਾ ਹੈ ਕਿ ਬਗੈਰ ਕਿਸੇ ਭੇਦ ਭਾਵ ਤੋਂ ਪਿੰਡ ਦਾ ਸਰਬ ਪੱਖੀ ਵਿਕਾਸ ਕਰਾਉਣ।ਉਨ੍ਹਾਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਸਰਪੰਚ ਜਗਜੀਵਨ ਸਿੰਘ ਨੇ ਪਿੰਡ ਵਾਸੀਆਂ ਦਾ ਧੰਨਵਾਦ ਕਰਦੇ ਹਾਂ ਕਿਹਾ ਕਿ ਉਹ ਪਿੰਡ ਵਾਸੀਆਂ ਵੱਲੋਂ ਸੌਂਪੀ ਸੇਵਾ ਨੂੰ ਪੂਰੀ ਲਗਨ ਮਿਹਨਤ ਤੇ ਇਮਾਨਦਾਰੀ ਨਾਲ ਨਿਭਾਉਣਗੇ।

ਸੁਖਵੰਤ ਸਿੰਘ ਥੇਹ ਗੁੱਜਰ ਨੇ ਸਾਰੇ ਅਹੁਦਿਆਂ ਤੋਂ ਦਿੱਤਾ ਅਸਤੀਫ਼ਾ

ਮਮਦੋਟ (ਜਸਬੀਰ ਸਿੰਘ ਕੰਬੋਜ)-ਜ਼ਿਲ੍ਹਾ ਫ਼ਿਰੋਜ਼ਪੁਰ 'ਚ ਅਕਾਲੀ ਦਲ (ਬਾਦਲ) ਨੂੰ ਉਸ ਵੇਲੇ ਗਹਿਰਾ ਝਟਕਾ ਲੱਗਾ, ਜਦ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸਰਗਰਮ ਆਗੂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਅਤੇ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਜਥੇਦਾਰ ਸੁਖਵੰਤ ਸਿੰਘ ਥੇਹ ਗੁੱਜਰ ਨੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇਣ ਦਾ ਐਲਾਨ ਕਰ ਦਿੱਤਾ। ਫੇਸਬੁੱਕ ਪੇਜ ਰਾਹੀਂ ਅਸਤੀਫੇ ਦੀ ਕਾਪੀ ਪਾ ਕੇ ਵਾਇਰਲ ਕੀਤੀ ਵੀਡੀਓ ਵਿੱਚ ਉਨ੍ਹਾਂ ਦੱਸਿਆ ਕਿ ਉਹ ਇਸ ਸਮੇਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਪੀ.ਏ.ਪੀ ਕਮੇਟੀ ਮੈਂਬਰ ਅਤੇ ਸਟੇਟ ਡੈਲੀਗੇਟ ਦੇ ਅਹੁਦੇ ਤੇ ਆਪਣੀਆਂ ਸੇਵਾਵਾਂ ਦੇ ਰਹੇ ਸਨ। ਉਨ੍ਹਾਂ ਕਿਹਾ ਕਿ ਉਹ ਬੀਤੇ ਕਰੀਬ 27 ਸਾਲ ਤੋਂ ਵੱਧ ਸਮੇਂ ਤੋਂ ਅਕਾਲੀ ਦਲ ਦੀ ਬਿਨਾ ਕਿਸੇ ਨਿੱਜੀ ਫਾਇਦੇ ਦੇ ਸੇਵਾ ਕਰ ਰਹੇ ਸਨ ਤੇ ਇਸ ਸਮੇਂ ਦੌਰਾਨ ਉਨ੍ਹਾਂ ਨਾ ਹੀ ਅਜਿਹੀ ਹੋਰ ਕਿਸੇ ਅਹੁਦੇ ਦੀ ਮੰਗ ਕੀਤੀ ਹੈ। ਅਸਤੀਫਾ ਦੇਣ ਦਾ ਕਾਰਨ ਸਪੱਸ਼ਟ ਕਰਦੇ ਹੋਏ ਉਨ੍ਹਾਂ ਦੱਸਿਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਵਿੱਚ ਬਣਦਾ ਮਾਣ-ਸਤਿਕਾਰ ਨਾ ਮਿਲਣ ਕਾਰਨ ਉਹ ਇਸ ਸਮੇਂ ਅਕਾਲੀ ਦਲ ਬਾਦਲ ਵਿੱਚ ਬਹੁਤ ਘੁਟਣ ਮਹਿਸੂਸ ਕਰ ਰਹੇ ਸਨ, ਜਿਸ ਕਾਰਨ ਉਨ੍ਹਾਂ ਵੱਲੋਂ ਅਸਤੀਫ਼ਾ ਦਿੱਤਾ ਜਾ ਰਿਹਾ ਹੈ।

ਕਿਸਾਨਾਂ ਨੂੰ ਘਟੀਆ ਬੀਜ ਦਿੱਤੇ ਜਾਣ 'ਤੇ ਰੋਸ ਪ੍ਰਦਰਸ਼ਨ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਕਿਸਾਨਾਂ ਨੂੰ 1847 ਝੋਨੇ ਦਾ ਬੀਜ ਖੇਤੀਬਾੜੀ ਵਿਭਾਗ ਰਾਹੀਂ ਇਕ ਕੰਪਨੀ ਵਲੋਂ ਘਟੀਆ ਕਿਸਮ ਦਾ ਬੀਜ ਦਿੱਤੇ ਜਾਣ ਦੇ ਰੋਸ ਵਜੋ ਭਾਕਿਯੂ ਸਿੱਧੂਪੁਰ ਵੱਲੋਂ ਖੇਤੀਬਾੜੀ ਦਫ਼ਤਰ ਬਲਾਕ ਮਹਿਲ ਕਲਾਂ ਮੂਹਰੇ ਰੋਸ ਪ੍ਰਦਰਸ਼ਨ ਕੀਤਾ ਗਿਆ।ਕਿਸਾਨ ਆਗੂਆਂ ਕਰਨੈਲ ਸਿੰਘ ਗਾਂਧੀ, ਬਲਵਿੰਦਰ ਸਿੰਘ ਸਹਿਜੜਾ ਨੇ ਕਿਹਾ ਕਿ ਖੇਤੀਬਾੜੀ ਦਫਤਰ ਮਹਿਲ ਕਲਾਂ ਵੱਲੋਂ ਵੱਖ-ਵੱਖ ਪਿੰਡਾਂ ਦੇ ਕਿਸਾਨਾਂ ਨੂੰ ਝੋਨੇ ਦੀ ਬਿਜਾਈ ਸਮੇਂ ਕਰੀਬ 5 ਕੁਇੰਟਲ 1847 ਕਿਸਮ ਦੇ ਝੋਨੇ ਦਾ ਬੀਜ ਇਕ ਕੰਪਨੀ ਤੋਂ ਲੈ ਕੇ ਦਿੱਤਾ ਗਿਆ ਸੀ।

ਕਿਸਾਨ ਦਰਸ਼ਨ ਸਿੰਘ ਗੰਗਹੋਰ, ਸੁਖਚੈਨ ਸਿੰਘ ਗੰਗੋਹਰ, ਕਿਸਾਨ ਨੱਥਾ ਸਿੰਘ ਪੰਡੋਰੀ ਅਤੇ ਹਰਮਨਦੀਪ ਸਿੰਘ ਮਹਿਲ ਕਲਾਂ ਨੇ ਇਹ ਬੀਜ ਬੀਜਿਆ ਸੀ, ਪਰ ਹੁਣ ਜਦੋਂ ਝੋਨੇ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ, ਤਾਂ ਇਹ ਬੀਜ ਚੰਗੀ ਤਰ੍ਹਾਂ ਨਹੀਂ ਪੱਕਿਆ।ਕਿਸਾਨਾਂ ਵੱਲੋਂ ਮੱਕੀ ਦੀ ਫਸਲ ਕੱਟਣ ਤੋਂ ਬਾਅਦ ਇਸ ਬੀਜ ਨੂੰ ਬੀਜਿਆ ਗਿਆ ਸੀ, ਤਾਂ ਜੋ ਸਮੇਂ ਸਿਰ ਫਸਲ ਤਿਆਰ ਹੋ ਜਾਵੇ। ਖੇਤੀਬਾੜੀ ਵਿਭਾਗ ਵੱਲੋਂ ਦਿੱਤਾ ਗਿਆ ਬੀਜ ਸਹੀ ਸਮੇਂ ਤੇ ਤਿਆਰ ਨਾ ਹੋਣ ਕਾਰਨ ਕਿਸਾਨਾਂ ਦਾ ਵੱਡਾ ਨੁਕਸਾਨ ਹੋਇਆ ਹੈ। ਕਿਸਾਨ ਆਗੂਆਂ ਨੇ ਸਰਕਾਰ ਤੋ ਮੰਗ ਕੀਤੀ ਕਿ ਕਿਸਾਨਾਂ ਦੇ ਹੋਏ ਨੁਕਸਾਨ ਦੀ ਭਰਵਾਈ ਕਰਕੇ ਮੁਆਵਜ਼ਾ ਦਿੱਤਾ ਜਾਵੇ।ਕਿਸਾਨਾਂ ਵੱਲੋਂ ਮੰਗ ਪੱਤਰ ਖੇਤੀਬਾੜੀ ਵਿਭਾਗ ਮਹਿਲ ਕਲਾਂ ਦੇ ਅਧਿਕਾਰੀਆਂ ਨੂੰ ਦਿੱਤਾ ਗਿਆ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਇਹ ਮੰਗ ਪੱਤਰ ਉੱਚ ਅਧਿਕਾਰੀਆਂ ਤੱਕ ਪਹਿਲ ਦੇ ਅਧਾਰ 'ਤੇ ਭੇਜਿਆ ਜਾਵੇਗਾ।

ਝੋਨੇ ਦੀ ਖਰੀਦ, ਲਿਫਟਿੰਗ ਤੇ ਪਰਾਲੀ ਪ੍ਰਬੰਧਨ ਸੰਬੰਧੀ ਕਿਸਾਨ ਜਥੇਬੰਦੀਆਂ ਨਾਲ ਮੀਟਿੰਗ

ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)

ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਵੱਲੋਂ ਜ਼ਿਲ੍ਹੇ ਵਿੱਚ ਝੋਨੇ ਦੇ ਚੱਲ ਰਹੇ ਖਰੀਦ ਪ੍ਰਬੰਧਾਂ, ਲਿਫਟਿੰਗ ਤੋਂ ਇਲਾਵਾ ਵਾਤਾਵਰਨ ਦੀ ਸੰਭਾਲ ਲਈ ਪਰਾਲੀ ਨੂੰ ਅੱਗ ਨਾ ਲਾਉਣ, ਪਰਾਲੀ ਪ੍ਰਬੰਧਨ ਆਦਿ ਵਿਸ਼ਿਆਂ ਨੂੰ ਲੈ ਕੇ ਜ਼ਿਲ੍ਹੇ ਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਨਾਲ ਅਸ਼ੋਕਾ ਚੱਕਰ ਮੀਟਿੰਗ ਹਾਲ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਐਸ.ਐਸ.ਪੀ. ਡਾ. ਪ੍ਰੱਗਿਆ ਜੈਨ, ਜੀ.ਏ. ਮੈਡਮ ਤੁਸ਼ਿਤਾ ਗੁਲਾਟੀ, ਖੇਤੀਬਾੜੀ ਵਿਭਾਗ, ਖਰੀਦ ਏਜੰਸੀਆਂ ਦੇ ਅਧਿਕਾਰੀਆਂ ਤੋਂ ਇਲਾਵਾ ਸਿਵਲ ਤੇ ਪੁਲਸ ਵਿਭਾਗ ਦੇ ਵੱਡੀ ਗਿਣਤੀ ਵਿੱਚ ਅਧਿਕਾਰੀ ਤੇ ਕਿਸਾਨ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ।ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਜ਼ਿਆਦਾਤਰ ਖਰੀਦ ਕੇਂਦਰਾਂ ਵਿੱਚ ਖਰੀਦ ਦਾ ਕੰਮ ਚੱਲ ਰਿਹਾ ਹੈ ਤੇ ਜੈਤੋ ਮੰਡੀ ਵਿੱਚ ਆੜ੍ਹਤੀਆਂ, ਮਜ਼ਦੂਰ ਦੀ ਹੜਤਾਲ ਕਾਰਨ, ਖਰੀਦ ਦਾ ਕੰਮ ਰੁਕਿਆ ਸੀ, ਜੋ ਸ਼ਾਮ ਤੱਕ ਸ਼ੁਰੂ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਜਿਲ੍ਹੇ ਦੇ ਕਰੀਬ 90 ਤੋਂ 100 ਸੈਲਰਾਂ ਨਾਲ ਅੱਜ ਸ਼ਾਮ ਤੱਕ ਐਗਰੀਮੈਂਟ ਹੋਣ ਦੀ ਉਮੀਦ ਹੈ, ਜਿਸ ਮੁਤਾਬਕ ਲਿਫਟਿੰਗ, ਖਰੀਦ ਦੇ ਕੰਮ ਵਿੱਚ ਹੋਰ ਤੇਜ਼ੀ ਆਵੇਗੀ।ਉਨ੍ਹਾਂ ਕਿਸਾਨ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਖਰੀਦ ਪ੍ਰਬੰਧਾਂ ਤੇ ਵਾਤਾਵਰਣ ਦੀ ਸੰਭਾਲ ਲਈ ਜਿਲ੍ਹੇ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਨੂੰ ਸਹਿਯੋਗ ਦੇਣ ਤੋਂ ਜੁ ਕਿਸਾਨਾਂ, ਲੇਬਰ, ਆੜ੍ਹਤੀਆਂ ਤੋਂ ਇਲਾਵਾ ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ।

ਜ਼ਿਲ੍ਹੇ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਕਿਸਾਨਾਂ ਨੂੰ ਦੱਸਿਆ ਕਿ ਅਦਲ ਬਦਲ ਕੇ ਖੇਤਾਂ ਵਿਚ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਪ੍ਰਬੰਧ ਕਰਨ ਨਾਲ ਮਿੱਟੀ ਸਿਹਤ ਬਰਕਰਾਰ ਰੱਖਣ ਦੇ ਨਾਲ ਨਾਲ ਫ਼ਸਲਾਂ ਦੀ ਪੈਦਾਵਾਰ ਵਿੱਚ ਵਾਧਾ ਵੀ ਕੀਤਾ ਜਾ ਸਕਦਾ ਹੈ, ਜੋ ਆਉਣ ਵਾਲ਼ੀ ਪੀੜ੍ਹੀਆਂ ਲਈ ਇਕ ਬਹੁਕੀਮਤੀ ਤੋਹਫ਼ੇ ਹੋਵੇਗਾ।

ਉਨਾਂ ਦੱਸਿਆ ਕਿ ਜਿਵੇਂ ਜਿਵੇਂ ਮਿੱਟੀ ਦੇ ਭੌਤਿਕੀ,ਰਸਾਇਣਕ ਅਤੇ ਜੈਵਿਕ ਗੁਣਾਂ ਵਿਚ ਸੁਧਾਰ ਹੁੰਦਾ ਜਾਵੇਗਾ ਤਿਵੇਂ ਤਿਵੇਂ ਰਸਾਇਣਕ ਖਾਦਾਂ ਤੇ ਨਿਰਭਰਤਾ ਘਟਦੀ ਜਾਵੇਗੀ ਜੋਂ ਚਿਰਸਥਾਈ (ਹੰਢਣਸਾਰ) ਖੇਤੀ ਲਈ ਲਾਹੇਵੰਦ ਸਾਬਿਤ ਹੋਵੇਗੀ। ਇਸ ਮੌਕੇ ਕਿਸਾਨਾਂ ਨੂੰ ਵਾਤਾਵਰਨ ਦੀ ਸੰਭਾਲ ਸਬੰਧੀ, ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਪੈਫਲਿਟ ਵੀ ਵੰਡੇ ਗਏ।ਜ਼ਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਰਾਜ ਰਿਸ਼ੀ ਮਹਿਰਾ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ 78190 ਮੀਟਰਕ ਟਨ ਝੋਨਾ ਖਰੀਦਿਆ ਜਾ ਚੁੱਕਾ ਹੈ।ਸ਼ਾਮ ਤੱਕ ਹੋਈ ਖਰੀਦ ਦੇ ਅੰਕੜਿਆਂ ਮੁਤਾਬਕ ਵੱਖ ਵੱਖ ਏਜੰਸੀਆਂ ਜਿਨ੍ਹਾਂ ਵਿੱਚ ਪਨਗ੍ਰੇਨ ਨੇ 26881 ਮੀਟਰਕ ਟਨ, ਮਾਰਕਫੈਡ ਨੇ 18391.5 ਮੀਟਰਕ ਟਨ, ਪਨਸਪ ਨੇ 21688 ਮੀਟਰਕ ਟਨ, ਪੰਜਾਬ ਰਾਜ ਗੋਦਾਮ ਨਿਗਮ ਨੇ 10085 ਮੀਟਰਕ ਟਨ ਤੇ ਪ੍ਰਾਈਵੇਟ ਵਪਾਰੀਆਂ ਨੇ 1144 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਹੈ।ਉਨਾਂ ਦੱਸਿਆ ਹੁਣ ਤੱਕ ਜ਼ਿਲ੍ਹੇ ਵਿਚ ਕੁੱਲ 8306 ਮੀਟਰਕ ਟਨ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ।

ਡਾ. ਅਮਨਦੀਪ ਕੌਰ ਅਰੋੜਾ ਨੇ ਪੰਚਾਇਤਾਂ ਨੂੰ ਸਨਮਾਨਤ ਕੀਤਾ

ਮੋਗਾ (ਇਕਬਾਲ ਸਿੰਘ ਖਹਿਰਾ)

ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਮੋਗਾ ਜ਼ਿਲ੍ਹੇ ਦੇ ਪਿੰਡ ਬੁੱਧ ਸਿੰਘ ਵਾਲਾ ਤੇ ਨਿਧਾਵਾਲਾ ਦੀਆਂ ਨਵ-ਨਿਯੁਕਤ ਪੰਚਾਇਤਾਂ ਦੇ ਸਰਪੰਚਾਂ ਅਤੇ ਪੰਚਾਂ ਨੂੰ ਸਨਮਾਨਤ ਕਰਨ ਲਈ ਆਪਣੇ ਨਿਵਾਸ ਸਥਾਨ 'ਤੇ ਇਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ।

ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਬੁੱਧ ਸਿੰਘ ਵਾਲਾ ਦੇ ਸਰਪੰਚ ਸੁਖਦੇਵ ਸਿੰਘ, ਗ੍ਰਾਮ ਪੰਚਾਇਤ ਮੈਂਬਰਾਂ, ਪਿੰਡ ਨਿਧਾਵਾਲਾ ਦੇ ਸਰਪੰਚ ਹਰਮਨਜੀਤ ਸਿੰਘ ਖ਼ਾਲਸਾ ਅਤੇ ਪੰਚਾਇਤ ਮੈਂਬਰਾਂ ਨੂੰ ਸਿਰੋਪਾਓ ਤੇ ਮਠਿਆਈ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਨਵੀਆਂ ਚੁਣੀਆਂ ਪੰਚਾਇਤਾਂ ਪਿੰਡਾਂ ਦਾ ਵੱਧ ਤੋਂ ਵੱਧ ਵਿਕਾਸ ਕਰਾਉਣਗੀਆਂ। ਉਨ੍ਹਾਂ ਕਿਹਾ ਕਿ ਨਵੀਂ ਚੁਣੀ ਗਈ ਪੰਚਾਇਤ ਪਿੰਡ ਦੇ ਵੱਧ ਤੋਂ ਵੱਧ ਵਿਕਾਸ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕਰੇਗੀ।

ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਢਿੱਲ ਨਹੀਂ ਵਰਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਕਿਸੇ ਕਿਸਮ ਦੀ ਕੋਈ ਸਮੱਸਿਆ ਆ ਰਹੀ ਹੈ ਤਾਂ ਉਹ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ, ਜਿਸ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਪਿੰਡ ਦੀਆਂ ਚੁਣੀਆਂ ਹੋਈਆਂ ਪੰਚਾਇਤਾਂ ਨੇ ਹਲਕਾ ਵਿਧਾਇਕ ਡਾ: ਅਮਨਦੀਪ ਕੌਰ ਅਰੋੜਾ ਦਾ ਵਿਸ਼ੇਸ਼ ਸਨਮਾਨ ਕਰਨ ਲਈ ਧੰਨਵਾਦ ਕੀਤਾ।

ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ

ਰਾਜਪੁਰਾ (ਰਮੇਸ਼ ਕਟਾਰੀਆ)

ਪਾਵਰਕੌਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਹੈੱਡ ਆਫ਼ਿਸ ਯੂਨਿਟ ਪਟਿਆਲਾ ਦੀ ਅਣਖੀ ਭਵਨ ਫੈਕਟਰੀ ਏਰੀਆ ਪਟਿਆਲਾ ਵਿਖੇ ਮੀਟਿੰਗ ਭਿੰਦਰ ਸਿੰਘ ਚਹਿਲ ਦੀ ਪ੍ਰਧਾਨਗੀ ਹੇਠ ਹੋਈ। ਇੰਜ: ਹਰਜੀਤ ਸਿੰਘ ਸਕੱਤਰ ਵੱਲੋਂ ਜਾਣੂ ਕਰਾਇਆ ਗਿਆ ਕਿ ਸੂਬਾ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਰਿਆਣਾ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਸੱਤਾ ਹਾਸਲ ਕਰਨ ਲਈ ਪੰਜਾਬ ਵਿੱਚ ਜਨਤਾ ਨਾਲ ਕੀਤੇ ਛਲਾਵਿਆਂ ਦੀ ਪੋਲ ਖੋਲ੍ਹ ਅੰਬਾਲਾ ਵਿਖੇ ਰੈਲੀ ਵਿੱਚ ਸ਼ਮੂਲੀਅਤ ਕੀਤੀ ਗਈ ਤੇ ਹਰਿਆਣਵੀ ਜਨਤਾ ਨੂੰ ਅਸਲੀਅਤ ਤੋਂ ਜਾਣੂ ਕਰਾਇਆ ਗਿਆ, ਜਿਸ ਦੇ ਸਿੱਟੇ ਵਜੋਂ ਆਮ ਆਦਮੀ ਪਾਰਟੀ ਨੂੰ ਹਰਿਆਣਾ ਦੀਆਂ ਚੋਣਾਂ ਵਿੱਚ ਖ਼ਮਿਆਜ਼ਾ ਭੁਗਤਣਾ ਪਿਆ।ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਜੇ ਹੁਣ ਵੀ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਦਾ ਹੱਲ ਨਾ ਕੀਤਾ ਤਾਂ ਪੰਜਾਬ ਦੀਆਂ ਜ਼ਿਮਨੀ ਚੋਣਾਂ ਵਿੱਚ ਖ਼ਮਿਆਜ਼ਾ ਭੁਗਤਣਾ ਪਵੇਗਾ। ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਮੂਲ ਪੰਜਾਬ ਡਿਵੈਲਪਮੈਂਟ ਟੈਕਸ ਐਕਟ ਵਿੱਚ ਕੋਝੀ ਚਾਲ ਨਾ

23-Oct-PAGE-8.qxd 10/22/2024 10:55 PM Page 1

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੜਕੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਮੁਫ਼ਤ ਕੋਚਿੰਗ : ਡਿਪਟੀ ਕਮਿਸ਼ਨਰ

ਜਲੰਧਰ, (ਸ਼ੈਲੀ ਐਲਬਰਟ) ਮਹਿਲਾ ਸਸ਼ਕਤੀਕਰਨ ਨੂੰ ਹੁਲਾਰਾ ਦੇਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਵੇਕਲੀ ਪਹਿਲਕਦਮੀ ਤਹਿਤ ਲੜਕੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਮੁਫ਼ਤ ਕੋਚਿੰਗ ਮੁਹੱਈਆ ਕਰਵਾਉਣ ਤੋਂ ਇਲਾਵਾ ਆਤਮ ਰੱਖਿਆ ਲਈ ਸੈਲਫ਼ ਡਿਫੈਂਸ ਦੀ ਟ੍ਰੇਨਿੰਗ ਪ੍ਰਦਾਨ ਕਰਨ ਦਾ ਫੈਸਲਾ ਕੀਤਾ ਗਿਆ ਹੈ। ਅੱਜ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੁਨੀਲ ਫੋਗਟ ਆਈ.ਏ.ਐਸ. (ਯੂ.ਟੀ.) ਅਤੇ ਵੱਖ-ਵੱਖ ਵਿਭਾਗਾਂ ਨਾਲ ਸਮੀਖਿਆ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਲੜਕੀਆਂ ਨੂੰ ਸਸ਼ਕਤ ਬਣਾਉਣ ਲਈ ਚੱਲ ਰਹੇ ਉਪਰਾਲਿਆਂ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੜਕੀਆਂ ਨੂੰ ਉਚੇਰੀ ਸਿੱਖਿਆ ਹਾਸਲ ਕਰਨ ਤੋਂ ਬਾਅਦ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਕੋਚਿੰਗ ਪ੍ਰਦਾਨ ਕਰਨ ਲਈ ਜਲਦ ਮੁਫ਼ਤ ਕਲਾਸਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਹ ਕਲਾਸਾਂ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਦਫ਼ਤਰ ਵਿਖੇ ਲਗਾਈਆਂ ਜਾਣਗੀਆਂ। ਉਨ੍ਹਾਂ ਅਧਿਕਾਰੀਆਂ ਨੂੰ ਇਸ ਸਬੰਧੀ ਚੱਲ ਰਹੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਕਿਹਾ ਤਾਂ ਜੋ ਜਲਦ ਤੋਂ ਜਲਦ ਕਲਾਸਾਂ ਸ਼ੁਰੂ ਕੀਤੀਆਂ ਜਾ ਸਕਣ।

ਡਾ. ਅਗਰਵਾਲ ਨੇ ਅੱਗੇ ਦੱਸਿਆ ਕਿ ਪੰਜਾਬ ਕਰਾਟੇ ਐਸੋਸੀਏਸ਼ਨ ਦੇ ਸਹਿਯੋਗ ਨਾਲ ਲੜਕੀਆਂ ਨੂੰ ਆਤਮ ਰੱਖਿਆ ਲਈ ਟ੍ਰੇਨਿੰਗ ਵੀ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਨਿਜੀ ਦਿਲਚਸਪੀ ਲੈ ਕੇ ਇਨ੍ਹਾਂ ਪਹਿਲਕਦਮੀਆਂ ਨੂੰ ਯੋਜਨਾਬੰਦ ਢੰਗ ਨਾਲ ਨੇਪਰੇ ਚੜ੍ਹਾਉਣ ਤਾਂ ਜੋ ਵੱਧ ਤੋਂ ਵੱਧ ਲੜਕੀਆਂ ਨੂੰ ਲਾਭ ਮਿਲ ਸਕੇ।

ਲੜਕੀਆਂ ਵਿੱਚ ਹਿਮੋਗਲੋਬਿਨ ਦੇ ਪੱਧਰ ਦੀ ਜਾਂਚ ਲਈ ਸ਼ਾਹਕੋਟ ਬਲਾਕ ਦੇ ਪਿੰਡ ਢੰਡੋਵਾਲ ਤੋਂ ਵਿੱਢੀ ਮੁਹਿੰਮ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਪਹਿਲਾਂ ਬਲਾਕ ਦੇ 30 ਪਿੰਡਾਂ ਵਿੱਚ ਕੈਂਪ ਲਗਾਏ ਜਾਣਗੇ, ਜਿਸ ਉਪਰੰਤ ਸਮੁੱਚੇ ਜ਼ਿਲ੍ਹੇ ਨੂੰ ਕਵਰ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਅਨੀਮੀਆ ਤੋਂ ਪੀੜਤ ਪਾਈਆਂ ਗਈਆਂ ਲੜਕੀਆਂ ਨੂੰ ਆਇਰਨ ਫੋਲਿਕ ਐਸਿਡ ਦੀਆਂ ਗੋਲੀਆਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਅਧਿਕਾਰੀਆਂ ਨੂੰ ਇਨ੍ਹਾਂ ਸਾਰੀਆਂ ਗਤੀਵਿਧੀਆਂ ਨੂੰ ਸੁਚਾਰੂ ਢੰਗ ਚਲਾਉਣ ਦੀਆਂ ਹਦਾਇਤਾਂ ਦਿੱਤੀਆਂ।

ਉਨ੍ਹਾਂ ਲੜਕੀਆਂ ਦੇ ਸਸ਼ਕਤੀਕਰਨ ਲਈ ਵੱਡੇ ਪੱਧਰ 'ਤੇ ਜਾਗਰੂਕਤਾ ਮੁਹਿੰਮ ਚਲਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਅਧਿਕਾਰੀਆਂ ਨੂੰ ਪੋਫਲੈਟਾਂ ਦੀ ਵੰਡ, ਗ੍ਰਾਫਿਟੀ ਆਰਟ, ਪੋਸਟਰ, ਸਟੀਕਰ, ਸਲੋਗਨ ਲਿਖਣ ਆਦਿ ਗਤੀਵਿਧੀਆਂ ਕਰਵਾਉਣ ਦੇ ਨਿਰਦੇਸ਼ ਵੀ ਦਿੱਤੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਨ੍ਹਾਂ ਉਪਾਰਲਿਆਂ ਦਾ ਉਦੇਸ਼ ਲੜਕੀਆਂ ਨੂੰ ਸਮਾਜ ਵਿੱਚ ਹੋਰ ਸਸ਼ਕਤ ਬਣਾਉਣਾ ਹੈ।

ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ ਨੇ ਮਹਿਲਾ ਸਸ਼ਕਤੀਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੜਕੀਆਂ ਨੂੰ ਪੋਕਸੋ ਐਕਟ, ਬਾਲ ਵਿਆਹ, ਸਾਈਬਰ ਕ੍ਰਾਈਮ, ਘਰੇਲੂ ਹਿੰਸਾ, ਜਿਣਸੀ ਸ਼ੋਸ਼ਣ ਅਤੇ ਮਹਿਲਾ ਅਧਿਕਾਰਾਂ ਬਾਰੇ ਜਾਣਕਾਰੀ ਦੇਣ ਲਈ 21 ਸਕੂਲ-ਕਾਲਜਾਂ ਅਤੇ 26 ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਚੁੱਕੇ ਹਨ। ਇਸੇ ਤਰ੍ਹਾਂ ਪਿਛਲੇ 10 ਦਿਨਾਂ ਦੌਰਾਨ ਦਕੋਹਾ ਅਤੇ ਭੋਗਪੁਰ ਵਿਖੇ ਜ਼ਿਲ੍ਹਾ ਪੱਧਰ 'ਤੇ ਅਤੇ ਬਲਾਕ ਪੱਧਰ 'ਤੇ 51 ਵੱਖ-ਵੱਖ ਥਾਵਾਂ 'ਤੇ ਨਵ ਜੰਮੀਆਂ ਲੜਕੀਆਂ ਦੇ ਜਨਮ ਦਿਨ ਮਨਾਏ ਗਏ ਹਨ। ਇਸ ਤੋਂ ਇਲਾਵਾ 'ਇਕ ਪੇੜ ਮਾਂ ਕੇ ਨਾਮ' ਤਹਿਤ ਬਲਾਕਾਂ ਵਿੱਚ ਲਗਾਤਾਰ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।

ਡੀ ਜੀ ਪੀ ਨੇ ਪੁਲਸ ਸ਼ਹੀਦਾਂ ਨੂੰ ਭੇਟ ਕੀਤੀ ਸ਼ਰਧਾਂਜਲੀ

ਜਲੰਧਰ, :(ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ) ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਅੱਤਵਾਦੀਆਂ ਅਤੇ ਅਪਰਾਧੀਆਂ ਨਾਲ ਲੋਹਾ ਲੈਂਦਿਆਂ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਪੁਲਸ ਮੁਲਾਜ਼ਮਾਂ ਨੂੰ ਸ਼ਰਧਾਂਜਲੀ ਭੇਟ ਕਰਨ ਦੇ ਮੱਦੇਨਜ਼ਰ ਸੋਮਵਾਰ ਨੂੰ ਪੰਜਾਬ ਆਰਮਡ ਪੁਲਸ (ਪੀ ਏ ਪੀ) ਹੈੱਡਕੁਆਰਟਰ ਵਿਖੇ 65ਵਾਂ ਸੂਬਾ ਪੱਧਰੀ ਪੁਲਸ ਯਾਦਗਾਰੀ ਦਿਵਸ ਮਨਾਇਆ ਗਿਆ। ਪੁਲਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪੰਜਾਬ ਪੁਲਸ ਦੇ ਡਾਇਰੈਕਟਰ ਜਨਰਲ (ਡੀ.ਜੀ.ਪੀ.) ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲਸ ਇੱਕ ਬੇਮਿਸਾਲ ਫੋਰਸ ਹੈ, ਜਿਸ ਨੇ ਸ਼ਾਂਤੀ ਅਤੇ ਅਸਥਿਰਤਾ ਦੇ ਦੌਰ ਵਿੱਚ ਦੇਸ਼ ਦੀ ਸੇਵਾ ਕੀਤੀ ਹੈ। ਉਨ੍ਹਾਂ ਕਿਹਾ ਕਿ ਪੁਲਿਸ ਕਰਮੀਆਂ ਨੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣ ਅਤੇ ਲੋਕਾਂ ਨੂੰ ਸੁਰੱਖਿਆ ਦੇਣ ਲਈ ਆਪਣੀਆਂ ਜਾਨਾਂ ਵਾਰੀਆਂ ਹਨ।ਦੇਸ਼ ਦੀ ਖਾਤਰ ਆਪਣੀਆਂ ਜਾਨਾਂ ਨਿਛਾਵਰ ਕਰਨ ਵਾਲੇ ਸੂਰਬੀਰਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਪੁਲਸ ਮੁਖੀ ਨੇ ਕਿਹਾ ਕਿ ਇਨ੍ਹਾਂ ਸ਼ਹੀਦਾਂ ਦੀ ਬਦੌਲਤ ਹੀ ਅਸੀਂ ਸਾਰੇ ਆਜ਼ਾਦ ਫਿਜ਼ਾ ਵਿੱਚ ਸਾਹ ਲੈ ਰਹੇ ਹਾਂ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਸਟਰੀਟ ਕ੍ਰਾਈਮ ਅਤੇ ਨਸ਼ਿਆਂ ਦੀ ਵਿਕਰੀ ਦੋ ਅਜਿਹੀਆਂ ਗੰਭੀਰ ਚੁਣੌਤੀਆਂ ਹਨ, ਜੋ ਸਿੱਧੇ ਤੌਰ 'ਤੇ ਆਮ ਨਾਗਰਿਕਾਂ ਨੂੰ ਪ੍ਰਭਾਵਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਟਰੀਟ ਕ੍ਰਾਈਮ ਨਾਲ ਨਜਿੱਠਣ ਲਈ, ਅਪਰਾਧ ਮੈਪਿੰਗ ਦੀ ਵਰਤੋਂ ਕਰਦੇ ਹੋਏ ਅਪਰਾਧ ਦੇ ਹੌਟਸਪੌਟਸ ਦੀ ਪਛਾਣ ਕਰਨ ਅਤੇ ਅਜਿਹੇ ਖੇਤਰਾਂ 'ਤੇ ਪੁਲਸ ਗਸ਼ਤ ਅਤੇ ਤਾਇਨਾਤੀ ਨੂੰ ਵਧਾਉਣ ਲਈ ਰਣਨੀਤੀ ਤਿਆਰ ਕੀਤੀ ਗਈ ਹੈ। ਸਮਾਗਮ ਤੋਂ ਬਾਅਦ ਡੀ ਜੀ ਪੀ ਗੌਰਵ ਯਾਦਵ ਨੇ ਸ਼ਹੀਦਾਂ ਦੇ ਪਰਵਾਰਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਗੱਲ ਹਮਦਰਦੀ ਨਾਲ ਸੁਣਦਿਆਂ ਉਨ੍ਹਾਂ ਨੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਪੰਜਾਬ ਸਰਕਾਰ ਅਤੇ ਪੰਜਾਬ ਪੁਲਸ ਵੱਲੋਂ ਪੂਰਨ ਸਹਿਯੋਗ ਅਤੇ ਮਦਦ ਦਾ ਭਰੋਸਾ ਦਿੱਤਾ।

ਸੇਂਟ ਸੋਲਜਰ ਇੰਸਟੀਚਿਊਟ ਵਿਖੇ ਹੇਅਰ ਸਟਾਈਲ ਵਰਕਸ਼ਾਪ

ਜਲੰਧਰ (ਇਕਬਾਲ ਸਿੰਘ ਉਭੀ) ਸੇਂਟ ਸੋਲਜਰ ਇੰਸਟੀਚਿਊਟ ਆਫ ਬਿਜ਼ਨੈਸ ਮੈਨੇਜਮੈਂਟ ਐਂਡ ਐਗਰੀਕਲਚਰ ਵਿਖੇ ਬੀ ਐਸ ਸੀ ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ ਹੇਅਰ ਸਟਾਈਲ ਅਤੇ ਆਈ ਮੇਕਅੱਪ ਬਾਰੇ ਜਾਣਕਾਰੀ ਭਰਪੂਰ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸੁਨੀਲ ਕੁਮਾਰ, ਪ੍ਰਸਿੱਧ ਮੇਕਅੱਪ ਟੈਕਨੀਸ਼ੀਅਨ ਅਤੇ ਬਿਜ਼ਨਸ ਡਿਵੈਲਪਮੈਂਟ ਮੈਨੇਜਰ, ਨਿਊ ਇਮੇਜ ਇੰਸਟੀਚਿਊਟ ਨੇ ਸ਼ਿਰਕਤ ਕੀਤੀ। ਉਹਨਾਂ ਨੇ ਗਲੈਮ ਅਤੇ ਪਾਰਟੀ ਮੇਕਅਪ ਤਕਨੀਕਾਂ ਵਿੱਚ ਆਪਣੀ ਮੁਹਾਰਤ ਸਾਂਝੀ ਕੀਤੀ, ਵਿਹਾਰਕ ਪ੍ਰਦਰਸ਼ਨਾਂ ਅਤੇ ਪ੍ਰੈਕਟੀਕਲ ਟਿਪਸ ਨਾਲ ਦਰਸ਼ਕਾਂ ਨੂੰ ਆਕਰਸ਼ਿਤ ਕੀਤਾ।ਵਰਕਸ਼ਾਪ ਦੇ ਦੌਰਾਨ, ਸ਼੍ਰੀਮਤੀ ਸਿਮਰਨ ਅਰੋੜਾ ਨੇ ਆਪਣੇ ਜੀਵਨ ਦੇ ਤਜ਼ਰਬੇ ਅਤੇ ਕੁਝ ਤੇਜ਼ ਮੇਕਅਪ ਹੈਕ ਨੂੰ ਸਾਂਝਾ ਕੀਤੇ, 'ਤੇ ਆਪਣੀ ਨਿੱਜੀ ਸੂਝ ਨਾਲ ਸੈਸ਼ਨ ਨੂੰ ਭਰਪੂਰ ਬਣਾਇਆ। ਵਿਦਿਆਰਥੀਆਂ ਨੇ ਉਤਸ਼ਾਹ ਨਾਲ ਮਾਹਿਰਾਂ ਨਾਲ ਵਰਕਸ਼ਾਪ ਵਿੱਚ ਭਾਗ ਲਿਆ ਅਤੇ ਕਈ ਤਰ੍ਹਾਂ ਦੇ ਸਵਾਲ ਪੁੱਛੇ, ਜਿਨ੍ਹਾਂ ਦੇ ਜਵਾਬ ਸਿਮਰਨ ਅਰੋੜਾ ਵੱਲੋਂ ਸਪਸ਼ਟਤਾ ਅਤੇ ਨਿੱਘ ਨਾਲ ਦਿੱਤੇ ਗਏ।ਪ੍ਰਿੰਸੀਪਲ ਡਾ. ਸਿਮਰਨਜੀਤ ਸਿੰਘ ਨੇ ਸ੍ਰੀਮਤੀ ਸਿਮਰਨ ਅਰੋੜਾ ਦਾ ਉਨ੍ਹਾਂ ਦੇ ਵੱਡਮੁੱਲੇ ਯੋਗਦਾਨ ਲਈ ਧੰਨਵਾਦ ਕੀਤਾ।ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਨੇ ਇਸ ਵਰਕਸ਼ਾਪ ਨੂੰ ਸਾਰਿਆਂ ਲਈ ਇੱਕ ਮਹੱਤਵਪੂਰਨ ਸਿੱਖਣ ਦਾ ਤਜਰਬਾ ਦੱਸਿਆ।

ਬਲਾਕ ਭੁਲੱਥ ਦੀਆਂ ਖੇਡਾਂ ਕਰਵਾਈਆਂ

ਭੁਲੱਥ, (ਮਨਪ੍ਰੀਤ ਸਿੰਘ) ਸਬ ਡਵੀਜ਼ਨ ਕਸਬਾ ਭੁਲੱਥ ਤੋਂ ਥੋੜ੍ਹੀ ਦੂਰੀ 'ਤੇ ਪੈਂਦੇ ਪਿੰਡ ਖੱਸਣ ਦੇ ਸਰਕਾਰੀ ਸਕੂਲ 'ਚ ਬਲਾਕ ਭੁਲੱਥ ਦੀਆਂ 2024-25 ਦੀਆਂ ਬਲਾਕ ਪੱਧਰੀ ਖੇਡਾਂ ਜ਼ਿਲ੍ਹਾ ਸਿੱਖਿਆ ਅਫਸਰ ਮਮਤਾ ਰਾਣੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਬੀ ਪੀ ਈ ਓ ਰਾਜੇਸ਼ ਕੁਮਾਰ ਦੀ ਨਿਗਰਾਨੀ ਹੇਠ ਸਮੂਹ ਸੀ ਐਚ ਟੀਜ਼ ਬਲਾਕ ਭੁਲੱਥ ਦੀ ਅਗਵਾਈ ਹੇਠ ਕਰਵਾਈਆਂ ਗਈਆਂ।ਇਸ ਮੌਕੇ ਰਾਏਪੁਰ ਪੀਰ ਬਖਸ਼ ਵਾਲਾ ਤੇ ਨੰਗਲ ਲੁਬਾਣਾ ਦੇ ਨੈਸ਼ਨਲ ਸਟਾਈਲ ਕਬੱਡੀ (ਮੁੰਡੇ), ਜੈਦ ਤੇ ਬੇਗੋਵਾਲ ਨੈਸ਼ਨਲ ਸਟਾਈਲ ਕਬੱਡੀ (ਕੁੜੀਆਂ), ਖੋ-ਖੋ ਖੇਡ 'ਚ ਭੁਲੱਥ ਅਤੇ ਪੰਡੋਰੀ ਰਾਜਪੂਤਾਂ ਤੇ ਰਸਮ ਰੱਸੀ 'ਚ ਬਾਗੜੀਆਂ ਪਹਿਲੇ ਸਥਾਨ 'ਤੇ ਰਹੇ ।ਸਰਕਾਰੀ ਐਲੀਮੈਂਟਰੀ ਸਕੂਲ ਖਸਣ ਦੇ ਮੈਦਾਨ ਵਿੱਚ ਬੀ ਪੀ ਈ ਓ ਰਾਜੇਸ਼ ਕੁਮਾਰ ਸਮੂਹ ਅਧਿਆਪਕ ਸਾਹਿਬਾਨ ਰੋਸ਼ਨ ਲਾਲ, ਕੰਵਲਜੀਤ ਸਿੰਘ, ਮੋਹਣ ਸਿੰਘ, ਮੁਨੀਸ਼ ਦੱਤ, ਸੁਰਿੰਦਰ ਲਾਲ, ਬਲਜੀਤ, ਮੇਜਰ ਸਿੰਘ, ਰਜਨੀ, ਓਂਕਾਰ ਸਿੰਘ, ਮਨਪ੍ਰੀਤ ਸਿੰਘ, ਰਣਜੀਤ ਸਿੰਘ, ਗੁਰਦੇਵ ਸਿੰਘ, ਕੁਲਵਿੰਦਰ ਕੌਰ, ਸੁਖਵਿੰਦਰ ਸਿੰਘ ਘੁੰਮਣ, ਹਰਪ੍ਰੀਤ ਸਿੰਘ, ਸੰਖਿਆ ਕਿਰਨ, ਸਤਿੰਦਰ ਕੌਰ, ਕੁਲਵਿੰਦਰ ਕੌਰ, ਰਾਜਵਿੰਦਰ ਕੌਰ, ਸੁਖਵਿੰਦਰ ਸਿੰਘ, ਗੁਰਦਿਆਲ ਸਿੰਘ, ਰਣਜੀਤ ਸਿੰਘ ਖੱਸਣ ਹਾਜ਼ਰ ਸਨ।

ਸਰਕਾਰੀ ਸਕੂਲ ਸੂੰਢ ਵਿਖੇ ਮਾਪੇ-ਅਧਿਆਪਕ ਮਿਲਣੀ ਕਰਵਾਈ

ਬੰਗਾ (ਅਵਤਾਰ ਕਲੇਰ) ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅਤੇ ਸੁਰੇਸ਼ ਕੁਮਾਰ ਜ਼ਿਲ੍ਹਾ ਸਿੱਖਿਆ ਅਫਸਰ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੂੰਢ -ਮਕਸੂਦਪੁਰ ਵਿਖੇ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ।ਜਿਸ ਵਿੱਚ ਮਾਪੇ ਅਤੇ ਅਧਿਆਪਕਾਂ ਨੇ ਰਲ ਕੇ ਛੇਵੀਂ ਤੋਂ ਬਾਰ੍ਹਵੀਂ ਤੱਕ ਦੇ ਵਿਦਿਆਰਥੀਆਂ ਦੀ ਅਕਾਦਮਿਕ ਕਾਰਗੁਜ਼ਾਰੀ, ਭਾਵਨਾਤਮਕ ਵਿਕਾਸ, ਸਤੰਬਰ ਟੈਸਟ ਦੀ ਰਿਪੋਰਟ, 100% ਹਾਜ਼ਰੀ, ਸਾਲਾਨਾ ਇਮਤਿਹਾਨ ਦੀ ਤਿਆਰੀ ਪ੍ਰਤੀ ਚਰਚਾ ਕੀਤੀ ਗਈ। ਅਧਿਆਪਕਾਂ ਨੇ ਬੱਚਿਆਂ ਦੇ ਸਰਵਪੱਖੀ ਵਿਕਾਸ, ਖੇਡਾਂ ਦੀ ਕਾਰਗੁਜ਼ਾਰੀ, ਅੱਠਵੀਂ, ਦਸਵੀਂ ਤੇ ਬਾਰ੍ਹਵੀਂ ਦੀ ਪ੍ਰੀਖਿਆ ਦੀ ਤਿਆਰੀ ਸੰਬੰਧੀ ਕਈ ਨੁਕਤੇ ਮਾਪਿਆਂ ਨਾਲ ਸਾਂਝੇ ਕੀਤੇ ਅਤੇ ਸਕੂਲ ਦੇ ਪੁਰਾਣੇ ਵਿਦਿਆਰਥੀਆਂ ਨਾਲ ਵੀ ਰਾਬਤਾ ਕਾਇਮ ਕੀਤਾ। ਅਧਿਆਪਕਾਂ ਨੇ ਮਾਪਿਆਂ ਨੂੰ ਬੱਚਿਆਂ ਦਾ ਹੋਮਵਰਕ ਸਮੇਂ ਸਿਰ ਕਰਨ, ਸਕੂਲ ਭੇਜਣ ਅਤੇ ਬੱਚਿਆਂ ਦੀਆਂ ਕਾਪੀਆਂ ਨੂੰ ਠੀਕ ਢੰਗ ਨਾਲ ਪੂਰੀਆਂ ਕਰਨ ਲਈ ਤਵੱਜੋ ਦੇਣ ਲਈ ਕਿਹਾ।ਇਸ ਮੌਕੇ ਸਕੂਲ ਮੁਖੀ ਕਰਮਜੀਤ ਸਿੰਘ ਲੈਕ ਸੁਰਜੀਤ ਸੈਂਪਲੇ, ਲੈਕ ਰਾਮ ਲਾਲ ਮਜਾਰੀ, ਰਾਜਵਿੰਦਰ ਕੌਰ ਹਿੰਦੀ ਮਿਸਟਰ, ਗੁਰਵਿੰਦਰ ਕੌਰ ਸਾਇੰਸ ਮਿਸਟੈਸ, ਨਵਨੀਤ ਕੌਰ ਸਾਇੰਸ ਮਿਸਟੈਸ, ਲਾਲ ਚੰਦ ਐਸ ਐਸ ਮਾਸਟਰ, ਪਰਵੀਰ ਸਿੰਘ ਪੰਜਾਬੀ ਮਾਸਟਰ, ਰਾਮਜੀਤ ਅੰਗਰੇਜ਼ੀ ਮਾਸਟਰ, ਦਵਿੰਦਰ ਕੌਰ, ਰੈਨੂੰ ਬਾਲਾ, ਸੁਨੀਤਾ, ਪ੍ਰਭਜੋਤ ਕੌਰ ਅਤੇ ਬੁੱਧਰਾਮ ਸਫਾਈ ਸੇਵਕ ਆਦਿ ਹਾਜ਼ਰ ਸਨ

ਅੰਤਰ-ਹਾਊਸ ਵਾਲੀਬਾਲ ਮੁਕਾਬਲਾ

ਭੋਗਪੁਰ (ਕੁਲਵੀਰ ਸਿੰਘ ਕਾਹਲੋਂ) ਸ਼੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੌਰਾ ਵੱਲੋਂ 21 ਅਕਤੂਬਰ ਨੂੰ ਸਕੂਲ ਦੇ ਵਿਹੜੇ 'ਚ ਛੇਵੀ ਤੋਂ ਬਾਰ੍ਹਵੀਂ ਦੇ ਵਿਦਿਆਰਥੀਆਂ ਲਈ ਇੱਕ ਅੰਤਰ-ਹਾਊਸ ਵਾਲੀਬਾਲ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ।ਸ਼੍ਰੀਮਤੀ ਜਸਵਿੰਦਰ ਕੌਰ ਦੀ ਯੋਗ ਅਗਵਾਈ ਹੇਠ ਹੋਏ ਇਸ ਮੁਕਾਬਲੇ ਵਿੱਚ ਪ੍ਰਤੀਯੋਗੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਭਗਤ ਹਾਊਸ ਪਹਿਲਾ ਸਥਾਨ ਪ੍ਰਾਪਤ ਕਰਨ 'ਚ ਸਫਲ ਰਿਹਾ ਅਤੇ ਸਮੁੱਚੇ ਵਰਗ ਵਿੱਚ ਜੇਤੂ ਰਿਹਾ। ਚਾਰ ਹਾਊਸ (ਭਗਤ, ਰਾਜਗੁਰੂ, ਸੁਖਦੇਵ, ਆਜ਼ਾਦ ਹਾਊਸ) ਦੇ ਨਾਲ-ਨਾਲ ਸਰੋਤੇ ਜਿਨ੍ਹਾਂ ਨੇ ਆਪਣੇ-ਆਪਣੇ ਹਾਊਸ ਲਈ ਬਹੁਤ ਹੀ ਜੋਸ਼ ਅਤੇ ਉਤਸ਼ਾਹ ਨਾਲ ਤਾੜੀਆਂ ਮਾਰੀਆਂ। ਟੂਰਨਾਮੈਂਟ ਬਹੁਤ ਸਫਲ ਰਿਹਾ ਕਿਉਂਕਿ ਇਸ ਵਿੱਚ ਭਾਗੀਦਾਰਾਂ ਵਿੱਚ ਸਿਹਤਮੰਦ ਮੁਕਾਬਲਾ ਅਤੇ ਇੱਕ ਉਤਸ਼ਾਹੀ ਲੜਾਈ ਦੇਖਣ ਨੂੰ ਮਿਲੀ।

ਭਗਵਾਨ ਵਾਲਮੀਕਿ ਦਾ ਪ੍ਰਗਟ ਦਿਵਸ ਮਨਾਇਆ

ਬੰਗਾ (ਅਵਤਾਰ ਕਲੇਰ) ਡੇਰਾ 108 ਸੰਤ ਬਾਬਾ ਹੰਸ ਰਾਜ, ਸ਼੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾ ਵਿਖੇ ਭਗਵਾਨ ਵਾਲਮੀਕ

23-Oct-PAGE-9 qxd.qxd 10/22/2024 10:54 PM Page 1

ਵਾਤਾਵਰਣ ਦੀ ਸੰਭਾਲ ਲਈ ਕਿਸਾਨਾਂ ਨੂੰ ਸਾਂਝਾ ਹੰਭਲਾ ਮਾਰਨ ਦਾ ਸੱਦਾ

ਜਲੰਧਰ,(ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ) ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਿੱਥੇ ਕਿਸਾਨਾਂ ਨੂੰ ਪਰਾਲੀ ਨਾ ਸਾੜ ਕੇ ਵਾਤਾਵਰਣ ਦੀ ਸ਼ੁੱਧਤਾ ਬਰਕਰਾਰ ਰੱਖਣ ਲਈ ਸਾਂਝਾ ਹੰਭਲਾ ਮਾਰਨ ਦਾ ਸੱਦਾ ਦਿੱਤਾ, ਉੱਥੇ ਇਸ ਰੁਝਾਨ ਨੂੰ ਠੱਲ੍ਹ ਪਾਉਣ ਲਈ ਦਿਨ-ਰਾਤ ਫੀਲਡ ਵਿੱਚ ਡਟੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਆਉਣ 'ਤੇ ਤੁਰੰਤ ਕਾਰਵਾਈ ਕਰਨ ਦੀ ਹਦਾਇਤ ਵੀ ਕੀਤੀ।ਇਥੇ ਰੈਡ ਕਰਾਸ ਭਵਨ ਵਿਖੇ ਐਸ ਐਸ ਪੀ ਹਰਕਮਲ ਪ੍ਰੀਤ ਸਿੰਘ ਖੱਖ ਸਮੇਤ ਇਕ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਨੋਡਲ ਅਤੇ ਕਲੱਸਟਰ ਅਫ਼ਸਰਾਂ ਨੂੰ ਅਗਲੇ ਕਰੀਬ 20 ਦਿਨ ਹੋਰ ਸਰਗਰਮੀ ਨਾਲ ਨਿਗਰਾਨੀ ਕਰਨ ਲਈ ਕਿਹਾ, ਤਾਂ ਜੋ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।ਉਨ੍ਹਾਂ ਕਿਹਾ ਕਿ ਹੁਣ ਵਧੇਰੇ ਚੌਕਸੀ ਵਰਤੀ ਜਾਵੇ।ਉਨ੍ਹਾਂ ਕਿਹਾ ਕਿ ਕਾਰਵਾਈ ਕਰਨ ਤੋਂ ਇਲਾਵਾ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਮਸ਼ੀਨਰੀ ਦੀ ਉਪਲਬਧਤਾ ਬਾਰੇ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ। ਉਨ੍ਹਾਂ ਟੀਮਾਂ ਨੂੰ ਕਿਹਾ ਕਿ ਆਉਣ ਵਾਲੇ ਦਿਨ ਬਹੁਤ ਮਹੱਤਵਪੂਰਨ ਹਨ, ਜਿਸ ਦੇ ਮੱਦੇਨਜ਼ਰ ਫੀਲਡ ਵਿੱਚ ਦੌਰੇ ਜਾਰੀ ਰੱਖੇ ਜਾਣ। ਡਾ. ਅਗਰਵਾਲ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਕਿਸਾਨਾਂ ਨਾਲ ਰਾਬਤਾ ਕਾਇਮ ਕਰਕੇ ਖੇਤੀ ਮਸ਼ੀਨਰੀ ਬਾਰੇ ਜਾਣਕਾਰੀ ਦਿੱਤੀ ਜਾਵੇ। ਇਸ ਤੋਂ ਇਲਾਵਾ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਫ਼ਸਲਾਂ ਦੀ ਰਹਿੰਦ-ਖੂੰਹਦ ਦੀ ਸੁਚੱਜੇ ਢੰਗ ਨਾਲ ਸੰਭਾਲ ਲਈ ਖੇਤੀਬਾੜੀ ਵਿਭਾਗ ਵੱਲੋਂ ਪਿਛਲੇ 6 ਸਾਲਾਂ ਦੌਰਾਨ ਕਰੀਬ 7 ਹਜ਼ਾਰ ਮਸ਼ੀਨਾਂ ਕਿਸਾਨਾਂ ਨੂੰ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ 700 ਤੋਂ ਵੱਧ ਮਸ਼ੀਨਾਂ ਇਸ ਸਾਲ ਸਬਸਿਡੀ 'ਤੇ ਦਿੱਤੀਆਂ ਜਾ ਰਹੀਆਂ ਹਨ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਮੀਟਿੰਗ ਵਿੱਚ ਮੌਜੂਦ ਨੰਬਰਦਾਰਾਂ ਨੂੰ ਪਰਾਲੀ ਸਾੜਨ ਖਿਲਾਫ਼ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿੱਢੀ ਮੁਹਿੰਮ ਵਿੱਚ ਸਰਗਰਮ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਨੰਬਰਦਾਰਾਂ ਨੂੰ ਕਿਹਾ ਕਿ ਉਹ ਆਪੋ-ਆਪਣੇ ਪਿੰਡਾਂ ਵਿੱਚ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਸੰਬੰਧੀ ਪ੍ਰੇਰਿਤ ਕਰਨ। ਇਸ ਤੋਂ ਪਹਿਲਾਂ ਐਸ.ਐਸ.ਪੀ. ਹਰਕਮਲ ਪ੍ਰੀਤ ਸਿੰਘ ਖੱਖ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਦਿਹਾਤੀ ਪੁਲਸ ਵੱਲੋਂ ਅੱਗ ਲੱਗਣ ਦੀਆਂ ਘਟਨਾਵਾਂ 'ਤੇ ਪੂਰੀ ਚੌਕਸੀ ਨਾਲ ਨਜ਼ਰ ਰੱਖੀ ਜਾ ਰਹੀ ਹੈ।

ਯੁਵਕ ਸੇਵਾਵਾਂ ਕਲੱਬਾਂ ਵੱਲੋਂ ਵਿੱਤੀ ਸਹਾਇਤਾ ਲਈ 7 ਨਵੰਬਰ ਤੱਕ ਦਿੱਤੀਆਂ ਜਾ ਸਕਦੀਆਂ ਨੇ ਅਰਜ਼ੀਆਂ

ਜਲੰਧਰ, (ਸ਼ੈਲੀ ਐਲਬਰਟ) ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਰਵੀ ਦਾਰਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਜ਼ਿਲ੍ਹਾ ਜਲੰਧਰ ਵਿੱਚ ਆਪਣੇ ਨਾਲ ਐਫਲੀਏਟਿਡ ਕਲੱਬਾਂ ਨੂੰ ਪਿਛਲੇ 2 ਸਾਲਾਂ ਦੌਰਾਨ ਆਪਣੇ ਪਿੰਡਾਂ ਤੇ ਵਾਰਡਾਂ ਵਿੱਚ ਕੀਤੇ ਸਮਾਜ ਸੇਵੀ ਕੰਮਾਂ, ਨਸ਼ਿਆਂ ਅਤੇ ਸਮਾਜਿਕ ਅਲਾਮਤਾਂ ਤੋਂ ਨੌਜਵਾਨਾਂ ਨੂੰ ਦੂਰ ਰੱਖਣ ਦੇ ਕਾਰਜ, ਖੇਡਾਂ ਪ੍ਰਤੀ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਅਤੇ ਹੋਰ ਸਾਹਸੀ ਗਤੀਵਿਧੀਆਂ ਦੇ ਆਧਾਰ 'ਤੇ ਉਨ੍ਹਾਂ ਨੂੰ ਸਹਾਇਤਾ ਗ੍ਰਾਂਟ ਹਾਸਲ ਕਰਨ ਲਈ 07 ਨਵੰਬਰ ਤੱਕ ਅਰਜੀਆਂ ਦੀ ਮੰਗ ਕੀਤੀ ਗਈ ਹੈ।ਸਹਾਇਕ ਡਾਇਰੈਕਟਰ ਨੇ ਅੱਗੇ ਦੱਸਿਆ ਕਿ ਪੇਂਡੂ ਯੁਵਕ ਸੇਵਾਵਾਂ ਕਲੱਬ ਆਪਣੀਆਂ ਅਰਜੀਆਂ ਦੇ ਨਾਲ ਕੀਤੀਆਂ ਗਈਆਂ ਗਤੀਵਿਧੀਆਂ ਦੀਆਂ ਫੋਟੋਗ੍ਰਾਫ, ਅਖਬਾਰਾਂ ਦੀਆਂ ਕਟਿੰਗਾਂ ਅਤੇ ਹੋਰ ਪ੍ਰਮਾਣ ਪੱਤਰ ਸਮੇਤ ਫਾਇਲ ਤਿਆਰ ਕਰਕੇ ਦਫਤਰ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਜਲੰਧਰ, ਨੇੜੇ ਬਰਲਟਨ ਪਾਰਕ, ਸਾਹਮਣੇ ਸੁਰਜੀਤ ਹਾਕੀ ਸਟੇਡੀਅਮ, ਜਲੰਧਰ ਵਿਖੇ ਨਿਸ਼ਚਿਤ ਮਿਤੀ ਤੱਕ ਜਮ੍ਹਾਂ ਕਰਵਾ ਸਕਦੇ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਕਮੇਟੀ ਵੱਲੋਂ ਸਹਾਇਤਾ ਗ੍ਰਾਂਟ ਲਈ ਕਲੱਬ ਦੀ ਚੋਣ ਕੀਤੀ ਜਾਵੇਗੀ।ਉਨ੍ਹਾਂ ਇਹ ਵੀ ਦੱਸਿਆ ਕਿ ਪਹਿਲਾਂ ਲਾਭ ਪ੍ਰਾਪਤ ਕਰ ਚੁੱਕੇ ਕਲੱਬਾਂ ਨੂੰ ਨਹੀਂ ਵਿਚਾਰਿਆ ਜਾਵੇਗਾ, ਸਿਰਫ ਇਸ ਲਾਭ ਤੋਂ ਵਾਂਝੇ ਰਹਿ ਚੁੱਕੇ ਕਲੱਬਾਂ ਨੂੰ ਹੀ ਸਹਾਇਤਾ ਗ੍ਰਾਂਟ ਲਈ ਵਿਚਾਰਿਆ ਜਾਵੇਗਾ।ਉਨ੍ਹਾਂ ਇਹ ਵੀ ਦੱਸਿਆ ਕਿ ਪਿਛਲੇ ਦੋ ਸਾਲਾਂ ਤਹਿਤ ਕਲੱਬਾਂ ਵੱਲੋਂ ਆਪਣੇ ਪਿੰਡ ਦੇ ਵਿਕਾਸ ਲਈ ਕੀਤੇ ਕੰਮਾਂ ਦੇ ਆਧਾਰ 'ਤੇ ਉਨ੍ਹਾਂ ਨੂੰ ਪਹਿਲ ਦੇ ਆਧਾਰ ਤੇ ਗ੍ਰਾਂਟ ਜਾਰੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜੇਕਰ ਕੋਈ ਕਲੱਬ ਵਿਭਾਗ ਨਾਲ ਐਫਲੀਏਟਿਡ ਨਹੀਂ ਹੈ ਤਾਂ ਉਸ ਨੂੰ ਮੌਕੇ 'ਤੇ ਹੀ ਵਿਭਾਗ ਨਾਲ ਜੋੜਿਆ ਜਾ ਸਕਦਾ ਹੈ।

ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਵਾਤਾਵਰਣ ਸੰਭਾਲ 'ਚ ਮੋਹਰੀ ਭੂਮਿਕਾ ਨਿਭਾਉਣ ਦਾ ਸੱਦਾ

ਕਪੂਰਥਲਾ, (ਬਲਵਿੰਦਰ ਸਿੰਘ ਧਾਲੀਵਾਲ) ਕਪੂਰਥਲਾ ਜ਼ਿਲ੍ਹਾ ਪ੍ਰਸ਼ਾਸਨ ਨੇ ਪਰਾਲੀ ਅਤੇ ਹੋਰ ਫਸਲੀ ਰਹਿੰਦ-ਖੂੰਹਦ ਦੀ ਸਾਂਭ-ਸੰਭਾਲ ਲਈ ਖੇਤੀਬਾੜੀ ਸੰਦਾਂ ਬਾਰੇ ਮੁਸ਼ਕਲਾਂ ਦੇ ਹੱਲ ਲਈ ਹੈੱਲਪਲਾਈਨ ਨੰਬਰ 01822-297649 ਜਾਰੀ ਕੀਤਾ ਹੈ। ਕਿਸਾਨ ਵੀਰ ਇਸ ਹੈਲਪਲਾਇਨ ਨੰਬਰ ਉੱਪਰ ਸਵੇਰੇ 10 ਵਜੇ ਤੋਂ ਸਾਮ 6 ਵਜੇ ਤੱਕ ਸੰਪਰਕ ਕਰ ਸਕਦੇ ਹਨ। ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜਾਰੀ ਇਸ ਨੰਬਰ ਉੱਪਰ ਕਿਸਾਨ ਖੇਤੀਬਾੜੀ ਸੰਦਾਂ ਉੱਪਰ ਸਬ-ਸਿਡੀ ਲੈਣ, ਸੰਦਾਂ ਦੀ ਵਰਤੋਂ, ਸਹਿਕਾਰੀ ਸਭਾਵਾਂ ਕੋਲ ਉਪਲਬਧ ਖੇਤੀ ਮਸ਼ੀਨਰੀ ਦੀ ਵਰਤੋਂ ਆਦਿ ਬਾਰੇ ਸੰਪਰਕ ਕਰਕੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ ਤਾਂ ਜੋ ਉਨ੍ਹਾਂ ਨੂੰ ਪਰਾਲੀ ਦਾ ਖੇਤਾਂ ਵਿੱਚ ਨਿਪਟਾਰਾ ਕਰਨ ਵਿਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਨੂੰ ਖੇਤਾਂ ਵਿਚ ਸਾੜਨ ਦੀ ਥਾਂ ਉਸਨੂੰ ਖੇਤਾਂ ਵਿਚ ਵੀ ਮਿਲਾਉਣ ਲਈ ਜਿੱਥੇ ਵੱਡੀ ਪੱਧਰ 'ਤੇ ਕਿਸਾਨਾਂ ਨੂੰ ਖੇਤੀ ਮਸ਼ੀਨਰੀ ਸਬਸਿਡੀ ਉਪਰ ਦਿੱਤੀ ਗਈ ਹੈ, ਉਥੇ ਹੀ ਕਿਸਾਨਾਂ ਨੂੰ ਪਰਾਲੀ ਸਾੜਨ ਕਾਰਨ ਜ਼ਮੀਨ ਦੀ ਸਿਹਤ ਅਤੇ ਵਾਤਾਵਰਣ ਨੂੰ ਹੋਣ ਵਾਲੇ ਨੁਕਸਾਨ ਬਾਰੇ ਪਿੰਡ ਪੱਧਰ 'ਤੇ ਜਾਗਰੂਕਤਾ ਮੁਹਿਮ ਚਲਾਈ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ 5736 ਮਸ਼ੀਨਾਂ ਸਬਸਿਡੀ ਉਪਰ ਦਿੱਤੀਆਂ ਗਈਆਂ ਹਨ, ਜਿਸ ਵਿਚ ਮੁੱਖ ਮਲਚਰ, ਸੁਪਰ ਸੀਡਰ, ਜ਼ੀਰੋ ਟਿੱਲ ਡਰਿੱਲ, ਹੈੱਪੀ ਸੀਡਰ, ਪਲਾਅ, ਰੋਟਾਵੇਟਰ, ਬੇਲਰ, ਰੈਕਰ, ਸਮਾਰਟ ਸੀਡਰ, ਸਰਵੇਸ ਸੀਡਰ ਅਤੇ ਕਰਾਪ ਸੀਡਰ ਸ਼ਾਮਲ ਹਨ ਜਿਨ੍ਹਾਂ ਨਾਲ ਕਿਸਾਨ ਜਿੱਥੇ ਪਰਾਲੀ ਦਾ ਯੋਗ ਨਿਪਟਾਰਾ ਕਰਨ ਸਕਦੇ ਹਨ, ਉਥੇ ਹੀ ਅਗਲੀ ਫਸਲ ਬਹੁਤ ਆਸਾਨੀ ਨਾਲ ਬੀਜ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਜਾਗਰੂਕਤਾ ਮੁਹਿਮ ਤਹਿਤ ਜਿੱਥੇ 7 ਵੈਨਾਂ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨਾਂ ਬਾਰੇ ਜ਼ਿਲ੍ਹੇ ਵਿਚ ਚੱਲ ਰਹੀਆਂ ਹਨ, ਉਥੇ ਹੀ ਐਸ.ਡੀ.ਐਮਜ਼. ਦੀ ਅਗਵਾਈ ਵਿਚ ਖੇਤੀ ਮਾਹਿਰਾਂ, ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਵਲੋਂ ਪਿੰਡ ਪੱਧਰ 'ਤੇ ਕੈਂਪ ਲਗਾ ਕੇ ਕਿਸਾਨਾਂ ਨੂੰ ਪਰਾਲੀ ਦੀ ਸਾਂਭ-ਸੰਭਾਲ ਬਾਰੇ ਦੱਸਿਆ ਜਾ ਰਿਹਾ ਹੈ।

'ਏਕ ਪੇੜ ਮਾਂ ਕੇ ਨਾਮ' ਤਹਿਤ ਪੌਦਿਆਂ ਨਾਲ ਸੰਬੰਧਤ ਚਿੱਤਰਕਲਾ ਮੁਕਾਬਲੇ

ਜਲੰਧਰ (ਰਾਜੇਸ਼ ਥਾਪਾ) ਚੜ੍ਹਦੀ ਕਲਾ ਸਪੋਰਟਸ ਐਂਡ ਯੂਥ ਕਲੱਬ ਕੋਟ ਖੁਰਦ ਜਲੰਧਰ ਵੱਲੋਂ ਨਹਿਰੂ ਯੁਵਾ ਕੇਂਦਰ ਜਲੰਧਰ ਦੇ ਸਹਿਯੋਗ ਨਾਲ ਪਿੰਡ ਵਿੱਚ 'ਏਕ ਪੇੜ ਮਾਂ ਕੇ ਨਾਮ' ਦੇ ਤਹਿਤ ਪੌਦਿਆਂ ਨਾਲ ਸੰਬੰਧਿਤ ਚਿੱਤਰਕਲਾ ਮੁਕਾਬਲੇ ਕਰਵਾਏ ਗਏ ਅਤੇ ਪਹਿਲੀਆਂ ਤਿੰਨ ਪੁਜੀਸ਼ਨਾਂ 'ਤੇ ਆਉਣ ਵਾਲੇ ਬੱਚਿਆ ਨੂੰ ਐਨ ਵਾਈ ਕੇ ਵੱਲੋਂ ਮੈਡਲ ਦੇ ਕੇ ਹੌਸਲਾ ਅਫ਼ਜਾਈ ਕੀਤੀ।ਐਨ ਵਾਈ ਕੇ ਵੱਲੋਂ ਹਾਜ਼ਰ ਹੋਏ ਕੁਲਵਿੰਦਰ ਕੁਮਾਰ ਅਤੇ ਕਲੱਬ ਦੀ ਚੇਅਰਮੈਨ ਸ਼੍ਰੀਮਤੀ ਹਰਵਿੰਦਰ ਕੌਰ ਦੀ ਅਗਵਾਈ ਵਿੱਚ ਬੱਚਿਆ ਵੱਲੋਂ ਇੱਕ ਰੈਲੀ ਕੱਢ ਕੇ ਰੁੱਖਾਂ ਦੀ ਅੰਨ੍ਹੇਵਾਹ ਕਟਾਈ ਰੋਕਣ, ਵਧੇਰੇ ਰੁੱਖ ਉਗਾਉਣ ਤੇ ਉਹਨਾਂ ਦੀ ਸਾਂਭ-ਸੰਭਾਲ ਕਰਨ ਸੰਬੰਧੀ ਪਿੰਡ ਦੇ ਲੋਕਾਂ ਨੂੰ ਜਾਗਰੂਕ ਕਰਨ ਦਾ ਉਪਰਾਲਾ ਕੀਤਾ ਗਿਆ।ਇਸ ਮੌਕੇ ਪੰਜਾਹ ਦੇ ਕਰੀਬ ਪੌਦੇ ਆਏ ਹੋਏ ਬੱਚਿਆ ਅਤੇ ਉਹਨਾਂ ਦੇ ਮਾਤਾ-ਪਿਤਾ ਨੂੰ ਵੰਡੇ ਗਏ ਅਤੇ ਵੀਹ ਪੌਦੇ ਪਿੰਡ ਦੇ ਮੇਨ ਰੋਡ ਅਤੇ ਕਲੋਨੀ 'ਚ ਲਗਾਏ ਗਏ।ਇਸ ਮੌਕੇ ਪਿੰਡ ਦੇ ਵਸਨੀਕ, ਸਾਬਕਾ ਅਤੇ ਮੌਜੂਦਾ ਪੰਚਾਇਤ ਮੈਂਬਰਾਂ ਨੇ ਹੁਣ ਤੱਕ ਲਗਾਏ ਜਾ ਚੁੱਕੇ ਪੌਦਿਆਂ ਦੀ ਸਾਂਭ-ਸੰਭਾਲ ਦੀ ਜਿੰਮੇਵਾਰੀ ਲਈ ਅਤੇ ਹਰ ਪਿੰਡ ਵਾਸੀ ਨੂੰ ਇਹ ਜਿੰਮੇਵਾਰੀ ਨਿਭਾਉਣ ਲਈ ਵਚਨਬੱਧ ਕੀਤਾ।ਐਨ ਵਾਈ ਕੇ ਜਲੰਧਰ ਵੱਲੋਂ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਬੱਚਿਆ ਨੂੰ ਚਿੱਤਰਕਲਾ ਮੁਕਾਬਲੇ ਦਾ ਸਾਰਾ ਸਾਮਾਨ ਅਤੇ ਪੌਦੇ ਮੁਹੱਈਆ ਕਰਵਾਏ ਗਏ। ਕਲੱਬ ਦੀ ਚੇਅਰਪਰਸਨ ਮੈਡਮ ਹਰਿਵੰਦਰ ਕੌਰ ਨੇ ਦੱਸਿਆ ਕਿ ਹੁਣ ਤੱਕ ਚੜ੍ਹਦੀ ਕਲਾ ਸਪੋਰਟਸ ਐਂਡ ਯੂਥ ਕਲੱਬ ਕੋਟ ਖੁਰਦ ਜਲੰਧਰ ਵੱਲੋਂ 2022 ਤੋਂ ਹੁਣ ਤੱਕ 500 ਤੋਂ ਵੱਧ ਦਰੱਖਤ ਲਗਾਏ ਅਤੇ ਵੰਡੇ ਹਨ। ਕਲੱਬ ਦਾ ਇਕੋ ਉਦੇਸ਼ ਹੈ ਕਿ ਬੱਚਿਆਂ ਨੂੰ ਅੱਗੇ ਵਧਣ ਦੇ ਮੌਕੇ ਮੁਹੱਈਆ ਕਰਵਾਏ ਜਾਣ ਤੇ ਵਾਤਾਵਰਣ ਦੀ ਸੰਭਾਲ ਕੀਤੀ ਜਾ ਸਕੇ।

ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੀ ਕੈਬਨਿਟ ਸਬ-ਕਮੇਟੀ ਨਾਲ ਹੋਈ ਮੀਟਿੰਗ

ਹੁਸ਼ਿਆਰਪੁਰ , (ਬਲਵੀਰ ਸਿੰਘ ਸੈਣੀ) ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ (ਪੀ.ਪੀ.ਪੀ.ਐੱਫ.) ਦੇ ਸੱਤ ਮੈਂਬਰੀ ਵਫ਼ਦ ਵੱਲੋਂ ਪੰਜਾਬ ਭਵਨ ਵਿਖੇ ਕੈਬਨਿਟ ਸਬ-ਕਮੇਟੀ ਅਤੇ ਵਿੱਤ ਵਿਭਾਗ ਦੇ ਅਧਿਕਾਰੀਆਂ ਨਾਲ਼ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਸ਼ਾਮਲ ਕਨਵੀਨਰ ਅਤਿੰਦਰ ਪਾਲ ਸਿੰਘ, ਗੁਰਬਿੰਦਰ ਖਹਿਰਾ, ਇੰਦਰ ਸੁਖਦੀਪ ਸਿੰਘ ਓਢਰਾ, ਦਲਜੀਤ ਸਫ਼ੀਪੁਰ ਅਤੇ ਮਨਜੀਤ ਸਿੰਘ ਦਸੂਹਾ ਨੇ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਸਰਕਾਰ ਵਲੋਂ ਪੁਰਾਣੀ ਪੈਨਸ਼ਨ ਦੇ ਦੋ ਸਾਲ ਪਹਿਲਾਂ ਕੀਤੇ ਨੋਟੀਫਿਕੇਸ਼ਨ ਨੂੰ ਲਾਗੂ ਕਰਨ ਦੀ ਮੰਗ 'ਤੇ ਸਬ ਕਮੇਟੀ ਵੱਲੋਂ ਕੋਈ ਹਾਂ ਪੱਖੀ ਸਪਸ਼ਟ ਜਵਾਬ ਨਹੀਂ ਦਿੱਤਾ ਗਿਆ ਬਲਕਿ ਪੁਰਾਣੀ ਪੈਨਸ਼ਨ ਖਿਲਾਫ ਕੇਂਦਰ ਸਰਕਾਰ ਵੱਲੋਂ ਦਿੱਤੇ ਜਾਂਦੇ ਤਰਕਾਂ ਦੀ ਹੀ ਸੁਰ ਵਿੱਚ ਸੁਰ ਮਿਲਾਈ ਗਈ।ਵਿੱਤ ਮੰਤਰੀ ਹਰਪਾਲ ਚੀਮਾ ਖਜ਼ਾਨੇ 'ਤੇ ਪੈਣ ਵਾਲੇ ਵਿੱਤੀ ਬੋਝ ਅਤੇ ਕੇਂਦਰ ਸਰਕਾਰ ਵੱਲੋਂ ਐਨ.ਪੀ.ਐੱਸ. ਦੀ ਰਾਸ਼ੀ ਨਾ ਮੋੜਨ ਦਾ ਤਰਕ ਦੇ ਕੇ ਪੁਰਾਣੀ ਪੈਨਸ਼ਨ ਤੋਂ ਟਾਲ਼ਾ ਵੱਟਦੇ ਨਜ਼ਰ ਆਏ। ਉਹਨਾਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਤਜਵੀਜ਼ ਕੀਤੀ ਯੂ.ਪੀ.ਐੱਸ. (ਯੂਨੀਫਾਈਡ ਪੈਨਸ਼ਨ ਸਕੀਮ) ਬਾਰੇ 30 ਅਕਤੂਬਰ ਨੂੰ ਅਫ਼ਸਰਾਂ ਦੀ ਕਮੇਟੀ ਵਿੱਚ ਮੁਲਾਂਕਣ ਕਰਕੇ ਫ਼ਰੰਟ ਨਾਲ਼ 18 ਨਵੰਬਰ ਨੂੰ ਦੁਬਾਰਾ ਮੀਟਿੰਗ ਕੀਤੀ ਜਾਵੇਗੀ। ਵਫ਼ਦ ਵਿੱਚ ਸ਼ਾਮਲ ਗੁਰਫ਼ਹਿਬਰ ਸਿੰਘ ਅਤੇ ਰਮਨ ਸਿੰਗਲਾ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਦੇ ਨੋਟੀਫਿਕੇਸ਼ਨ ਤੋਂ ਭੱਜੀ ਆਪ ਸਰਕਾਰ ਖਿਲਾਫ ਸੰਘਰਸ਼ ਜਾਰੀ ਰਹੇਗਾ ਜਿਸ ਦੇ ਲਈ ਸੂਬਾ ਕਮੇਟੀ ਦੀ ਮੀਟਿੰਗ ਕਰਕੇ ਸੰਘਰਸ਼ੀ ਰਣਨੀਤੀ ਉਲੀਕੀ ਜਾਵੇਗੀ। ਉਹਨਾਂ ਕਿਹਾ ਕਿ ਪੁਰਾਣੀ ਪੈਨਸ਼ਨ ਦੀ ਬਜਾਏ ਯੂ.ਪੀ.ਐੱਸ. ਦੇ ਮਾਡਲ ਨੂੰ ਲਾਗੂ ਕੀਤੇ ਜਾਣ ਨਾਲ਼ ਮੁਲਾਜ਼ਮ ਦਾ ਵਿਰੋਧ ਹੋਰ ਤੇਜ਼ ਹੋਵੇਗਾ।ਇਸ ਮੌਕੇ ਵਰਿੰਦਰ ਸੈਣੀ ਅਤੇ ਸੁਰਜੀਤ ਸਿੰਘ ਸਨੌਰਾ ਵੀ ਹਾਜ਼ਰ ਰਹੇ।

ਆਇਓਡੀਨ ਦੀ ਘਾਟ ਕਾਰਨ ਹੋਣ ਵਾਲੇ ਰੋਗਾਂ ਬਾਰੇ ਦਿੱਤੀ ਜਾਣਕਾਰੀ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)-ਸਿਵਲ ਸਰਜਨ ਡਾ. ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ. ਕਰਨ ਕੁਮਾਰ ਸੈਣੀ ਐਸ.ਐਮ.ਓ ਟਾਂਡਾ ਦੀ ਯੋਗ ਅਗਵਾਈ ਹੇਠ ਬਲਾਕ ਟਾਂਡਾ ਦੇ ਵੱਖ-ਵੱਖ ਸਿਹਤ ਕੇਂਦਰਾਂ, ਸਕੂਲਾਂ ਅਤੇ ਸਰਕਾਰੀ ਹਸਪਤਾਲ ਟਾਂਡਾ ਵਿਖੇ ਗਲੋਬਲ ਆਇਓਡੀਨ ਡੈਫੀਸੈਂਸੀ ਡਿਸਆਡਰ ਪਰਵੈਨਸ਼ਨ ਦਿਵਸ ਮਨਾਇਆ ਗਿਆ। ਇਸ ਮੌਕੇ ਡਾਕਟਰ ਸੈਣੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਦਿਹਾੜਾ ਮਨਾਉਣ ਦਾ ਮੁੱਖ ਮਕਸਦ ਲੋਕਾਂ ਨੂੰ ਇਸ ਮਹੱਤਵਪੂਰਨ ਸੂਖਮ ਪੋਸ਼ਟਿਕ ਤੱਤ ਬਾਰੇ ਵੱਧ ਤੋਂ ਵੱਧ ਜ

23-OCT-PAGE-10.qxd 10/22/2024 10:51 PM Page 1

ਬਲਾਕ ਪੱਧਰੀ ਪ੍ਰਾਇਮਰੀ ਖੇਡਾਂ ਲਈ ਗਰਾਊਂਡ ਕੀਤਾ ਤਿਆਰ

ਮਾਨਸਾ (ਆਤਮਾ ਸਿੰਘ ਪਮਾਰ)-ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਅਮਨਦੀਪ ਸਿੰਘ ਔਲਖ ਤੇ ਬਲਾਕ ਖੇਡ ਅਫ਼ਸਰ ਰਣਜੀਤ ਸਿੰਘ ਦੀ ਅਗਵਾਈ 'ਚ 22 ਤੋਂ 23 ਅਕਤੂਬਰ ਤੱਕ ਹੋਣ ਵਾਲੀਆਂ ਬਲਾਕ ਪ੍ਰਾਇਮਰੀ ਖੇਡਾਂ ਲਈ ਗਰਾਊਂਡ ਤਿਆਰ ਕੀਤੇ ਗਏ।22 ਅਕਤੂਬਰ ਨੂੰ ਪੀ.ਟੀ.ਐੱਮ ਹੋਣ ਕਾਰਨ ਗਰਾਊਂਡ ਤਿਆਰ ਕਰਨਾ ਜ਼ਰੂਰੀ ਸੀ।ਇਸ ਲਈ ਗਰਾਊਂਡ ਕਮੇਟੀ ਗ਼ਰਮੀ ਦੀ ਪ੍ਰਵਾਹ ਕੀਤੇ ਬਿਨਾਂ ਕੰਮ ਵਿੱਚ ਜੁੱਟ ਗਈ।ਕਮੇਟੀ ਦੇ ਸਾਰੇ ਮੈਂਬਰਾਂ ਨੇ ਦੁਪਹਿਰ ਤੱਕ ਹੀ ਗਰਾਊਂਡ ਤਿਆਰ ਕਰ ਦਿੱਤੇ।ਗਰਾਊਂਡ ਕਮੇਟੀ ਨੂੰ ਇਸ ਕੰਮ ਲਈ ਕਾਲਜ ਸਟਾਫ਼ ਵੱਲੋਂ ਵੀ ਸਹਿਯੋਗ ਦਿੱਤਾ ਗਿਆ।ਗਰਾਊਂਡ ਕਮੇਟੀ ਵਿੱਚ ਇਹ ਚਾਰ ਅਧਿਆਪਕ ਹਨ ਸ਼੍ਰੀ ਧਰਮ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਫਰੀਦਕੇ, ਸ਼੍ਰੀ ਮਨਪ੍ਰੀਤ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਘੁੱਦੂਵਾਲਾ, ਸ਼੍ਰੀ ਬੇਅੰਤ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਕੋਰਵਾਲਾ, ਸ਼੍ਰੀ ਰਾਜਪਾਲ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਰਾਮਾਨੰਦੀ ਸ਼ਾਮਲ ਹਨ। ਸਿੱਖਿਆ ਅਧਿਕਾਰੀ ਅਮਨਦੀਪ ਸਿੰਘ ਔਲਖ ਤੇ ਬਲਾਕ ਖੇਡ ਅਫਸਰ ਸ਼੍ਰੀ ਰਣਜੀਤ ਸਿੰਘ ਨੇ ਸਾਂਝੇ ਰੂਪ 'ਚ ਗਰਾਊਂਡ ਤਿਆਰ ਕਮੇਟੀ ਦੇ ਚੰਗੇ ਕੰਮ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਖੇਡ ਦੇ ਮੈਦਾਨ ਵਿੱਚ ਖਿਡਾਰੀ ਜਿੱਤ ਤੇ ਚੰਗੀ ਖੇਡ ਲਈ ਜੂਝਦੇ ਹਨ, ਟੀਮ ਕੋਚ/ਅਧਿਆਪਕ ਵੀ ਪੂਰੀ ਵਾਹ ਲਾਉਣ ਵਿੱਚ ਕੋਈ ਕਸਰ ਨਹੀਂ ਛੱਡਦੇ, ਰੈਫਰੀ ਇਮਾਨਦਾਰੀ ਨਾਲ ਆਪਣੇ ਨਿਰਣੇ ਦਿੰਦੇ ਹਨ, ਜੇਤੂਆਂ ਨੂੰ ਇਨਾਮ ਮਿਲਦੇ ਹਨ, ਪਰ ਇਸ ਕੰਮ ਲਈ ਸਭ ਤੋਂ ਜ਼ਰੂਰੀ ਕਾਰਜ ਗਰਾਊਂਡ ਤਿਆਰ ਕਰਨ ਵਾਲਿਆਂ ਦਾ ਹੁੰਦਾ ਹੈ।ਇਨ੍ਹਾਂ ਦੀ ਮਿਹਨਤ, ਲਗਨ ਤੇ ਹੌਸਲੇ ਨੂੰ ਸਲਾਮ ਕਰਨਾ ਬਣਦਾ ਹੈ ।

ਪਿੰਡਾਂ ਦੇ ਵਿਕਾਸ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ : ਗੋਲਡੀ ਕੰਬੋਜ

ਜਲਾਲਾਬਾਦ (ਜੰਗੀਰ ਕੌਰ, ਜੀਤ ਕੁਮਾਰ)

ਪਿੰਡ ਚੱਕਾ ਅਰਾਈਆਂਵਾਲਾ ਉਰਫ ਫ਼ਲੀਆਂਵਾਲਾ ਗ੍ਰਾਮ ਪੰਚਾਇਤ ਦੇ ਨਵ-ਨਿਯੁਕਤ ਸਰਪੰਚ ਤੇ ਪੰਚਾਇਤ ਮੈਂਬਰਾਂ ਨੇ ਹਲਕਾ ਵਿਧਾਇਕ ਜਗਦੀਪ ਕੰਬੋਜ ਗੋਲਡੀ ਨਾਲ ਮੁਲਾਕਾਤ ਕੀਤੀ।

ਵਿਧਾਇਕ ਗੋਲਡੀ ਨੇ ਨਵੀਂ ਬਣੀ ਪੰਚਾਇਤ ਨੂੰ ਵਧਾਈ ਦਿੱਤੀ। ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਹਲਕਾ ਜਲਾਲਾਬਾਦ ਦੇ ਪਿੰਡਾਂ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਬਿਨਾਂ ਕਿਸੇ ਸਿਆਸੀ ਭੇਦਭਾਵ ਦੇ ਹਰ ਪਿੰਡ ਦਾ ਸਰਬਪੱਖੀ ਵਿਕਾਸ ਹੋਵੇਗਾ। ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਪਿੰਡ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਦੀ ਪੰਚਾਇਤ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਪਿੰਡ ਵਾਸੀਆਂ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਤੇ ਬਿਨਾਂ ਕਿਸੇ ਪੱਖਪਾਤ ਤੋਂ ਪਿੰਡ ਦਾ ਵਿਕਾਸ ਕਰਨ ਅਤੇ ਲੋਕਾਂ ਦੀ ਹਰ ਸਮੱਸਿਆ ਦਾ ਹੱਲ ਕਰਨ। ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਵੀ ਉਨ੍ਹਾਂ ਨੂੰ ਪੂਰਾ ਸਹਿਯੋਗ ਦਿੱਤਾ ਜਾਵੇਗਾ।

ਵਿਧਾਇਕ ਗੋਲਡੀ ਨੇ ਕਿਹਾ ਕਿ ਜਲਾਲਾਬਾਦ ਦੇ ਇਤਿਹਾਸ ਵਿੱਚ ਪਹਿਲੀ ਵਾਰ ਪਿੰਡਾਂ ਦੇ ਲੋਕਾਂ ਨੂੰ ਪੰਚਾਇਤੀ ਚੋਣਾਂ ਵਿੱਚ ਬਿਨਾਂ ਕਿਸੇ ਡਰ, ਡਰਾਵੇ ਜਾਂ ਕਿਸੇ ਸਿਆਸੀ ਦਖਲ ਤੋਂ ਵੋਟ ਪਾਉਣ ਦਾ ਮੌਕਾ ਮਿਲਿਆ ਹੈ। ਉਨ੍ਹਾਂ ਨਵ-ਨਿਯੁਕਤ ਸਰਪੰਚ ਤੇ ਨਵੀਆਂ ਪੰਚਾਇਤਾਂ ਦਾ ਸਨਮਾਨ ਕਰਦਿਆਂ ਕਿਹਾ ਕਿ ਪਿੰਡਾਂ ਦੇ ਵਿਕਾਸ ਵਿੱਚ ਪੰਚਾਇਤਾਂ ਦੀ ਅਹਿਮ ਭੂਮਿਕਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਪੰਚਾਇਤੀ ਨੁਮਾਇੰਦਿਆਂ ਨੂੰ ਹੁਣ ਪਹਿਲ ਦੇ ਆਧਾਰ 'ਤੇ ਪਿੰਡਾਂ ਵਿੱਚ ਹੋਣ ਵਾਲੇ ਦੋ ਕੰਮਾਂ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਚਾਇਤਾਂ ਬਿਨਾਂ ਕਿਸੇ ਡਰ ਅਤੇ ਭੈਅ ਦੇ ਪਿੰਡਾਂ ਦੇ ਵਿਕਾਸ ਵੱਲ ਧਿਆਨ ਦੇਣ।

ਸਮੇਂ-ਸਮੇਂ 'ਤੇ ਸਰਕਾਰਾਂ ਵੱਲੋਂ ਪੰਚਾਇਤਾਂ ਨੂੰ ਪੂਰੀਆਂ ਗ੍ਰਾਂਟਾਂ ਦਿੱਤੀਆਂ ਜਾਣਗੀਆਂ। ਉਨ੍ਹਾਂ ਆਪਣੇ ਸਿਆਸੀ ਵਿਰੋਧੀਆਂ ਨੂੰ ਕਿਹਾ ਕਿ ਉਹ ਆਪਣਾ ਸਿਆਸੀ ਲਾਹਾ ਲੈਣ ਲਈ ਲੋਕਾਂ ਵਿੱਚ ਝੂਠੀ ਬਿਆਨਬਾਜ਼ੀ ਨਾ ਕਰਨ। ਪਹਿਲਾਂ ਵਿਧਾਨ ਸਭਾ ਚੋਣਾਂ ਵਿੱਚ ਵੋਟਰਾਂ ਨੇ ਇਨ੍ਹਾਂ ਸਿਆਸੀ ਆਗੂਆਂ ਨੂੰ ਨਕਾਰ ਦਿੱਤਾ ਹੈ ਅਤੇ ਹੁਣ ਪੰਚਾਇਤੀ ਚੋਣਾਂ ਵਿੱਚ ਵੀ ਵੋਟਰਾਂ ਨੇ ਰਵਾਇਤੀ ਪਾਰਟੀਆਂ ਦੇ ਆਗੂਆਂ ਨੂੰ ਨਕਾਰ ਦਿੱਤਾ ਹੈ।

ਕੈਬਨਿਟ ਮੰਤਰੀ ਰਾਮਗੜ੍ਹੀਆ ਭਾਈਚਾਰੇ ਵੱਲੋਂ ਸਨਮਾਨਤ

ਲੁਧਿਆਣਾ (ਰਾਜ ਸਿੰਗਲਾ)

ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ, ਉਦਯੋਗ ਤੇ ਕਾਮਰਸ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਦਾ ਰਾਮਗੜ੍ਹੀਆ ਭਵਨ ਖੰਨਾ ਵਿਖੇ ਰਾਮਗੜ੍ਹੀਆ ਭਾਈਚਾਰੇ ਵੱਲੋਂ ਸਨਮਾਨ ਸਮਾਰੋਹ ਰੱਖ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੁਖਮਨੀ ਸਾਹਿਬ ਦਾ ਪਾਠ ਕਰਕੇ ਭੋਗ ਪਾਏ ਗਏ। ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਰਾਮਗੜ੍ਹੀਆ ਭਾਈਚਾਰਾ ਮੇਰਾ ਆਪਣਾ ਪਰਵਾਰ ਹੈ। ਸੋ ਆਪਣਾ ਪਰਵਾਰ ਹੋਣ ਨਾਤੇ ਮੈਨੂੰ ਇੱਥੇ ਪਹੁੰਚਣ ਦਾ ਸੁਭਾਗ ਮਿਲਿਆ ਹੈ। ਉਨ੍ਹਾਂ ਕਿਹਾ ਕਿ ਇਸ ਕਰਕੇ ਮੈਂ ਸਮੂਹ ਸੰਗਤਾਂ ਦਾ ਜਿੱਥੇ ਧੰਨਵਾਦ ਕਰਦਾ ਹਾਂ, ਉੱਥੇ ਮੈਂ ਰਾਮਗੜ੍ਹੀਆ ਭਾਈਚਾਰੇ ਦੀਆਂ ਸਮੂਹ ਐਸੋਸੀਏਸ਼ਨਾਂ ਦਾ ਵੀ ਧੰਨਵਾਦ ਕਰਦਾ ਹਾਂ। ਉਨ੍ਹਾਂ ਸਮੂਹ ਸੰਗਤਾਂ ਨੂੰ ਗੁਰੂ ਰਾਮਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ ਵੀ ਦਿੱਤੀਆਂ। ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਸਕਿਲ ਡਿਵੈਲਪਮੈਂਟ ਪ੍ਰੋਗਰਾਮ ਚੱਲਦੇ ਹਨ, ਇਨ੍ਹਾਂ ਸਕਿਲ ਡਿਵੈਲਪਮੈਂਟ ਪ੍ਰੋਗਰਾਮਾਂ ਵਿੱਚ ਅਸੀ ਕੋਸ਼ਿਸ਼ ਕਰ ਰਹੇ ਹਾਂ ਕਿ ਆਉਣ ਵਾਲੇ ਸਮੇਂ ਦੇ ਵਿਚ ਜਿਹੜੇ ਬੱਚੇ ਕਈ 10ਵੀ ਤੇ 12ਵੀ ਪੜ੍ਹੇ ਹਨ ਤੇ ਉਨ੍ਹਾਂ ਬੱਚਿਆਂ ਵਿੱਚ ਹੁਨਰ ਬਹੁਤ ਹੈ। ਇਨ੍ਹਾਂ ਬੱਚਿਆਂ ਵਿੱਚ ਕੋਈ ਲੱਕੜ ਦਾ ਕਾਰੀਗਰ ਹੈ, ਕੋਈ ਲੋਹੇ ਦਾ ਕਾਰੀਗਰ ਹੈ, ਕੋਈ ਪੱਥਰ ਦਾ ਕਾਰੀਗਰ ਹੈ ਤੇ ਕੋਈ ਕਰੇਨ ਚਲਾਉਣ ਦਾ ਮਾਸਟਰ ਹੈ। ਉਨ੍ਹਾਂ ਕਿਹਾ ਕਿ ਇਹ ਜਿਹੜੇ ਬੱਚੇ ਨੇ ਇਨ੍ਹਾਂ ਨੂੰ ਮਾਰ ਇਹ ਪੈ ਜਾਂਦੀ ਹੈ ਕਿ ਇਹ ਹੱਥਾਂ ਦੇ ਤਾਂ ਬਹੁਤ ਧਨੀ ਹੁੰਦੇ ਨੇ ਕਾਰੀਗਰ ਹੁੰਦੇ ਨੇ ਪ੍ਰੰਤੂ ਜਦੋਂ ਇਹਨਾਂ ਨੂੰ ਕੋਈ ਪੁੱਛਦਾ ਹੈ ਕਿ ਤੁਸੀਂ ਪੜ੍ਹੇ ਕਿੰਨੇ ਹੋ ਯੋਗਤਾ ਕਿੰਨੀ ਹੈ ਫਿਰ ਕੋਈ 8 ਜਾਂ 10 ਪੜ੍ਹਿਆ ਹੁੰਦਾ ਹੈ। ਸੋ ਅਸੀਂ ਇੱਕ ਸਕਿਲ ਡਿਵੈਲਪਮੈਂਟ ਪ੍ਰੋਗਰਾਮ ਦੇ ਰਾਹੀਂ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੇ ਨਾਲ ਪੂਰਾ ਸਲਾਹ ਮਸਵਰਾ ਕਰਕੇ ਅਸੀਂ ਇਨ੍ਹਾਂ ਬੱਚਿਆਂ ਨੂੰ ਸਕਿਲ ਡਿਵੈਲਪਮੈਂਟ ਦੇ ਕੋਰਸ ਕਰਾ ਕੇ ਸਰਟੀਫਿਕੇਟ ਦੇਵਾਂਗੇ ਤਾਂ ਜੁ ਇਹ ਬੱਚੇ ਦੇਸ ਜਾਂ ਵਿਦੇਸ਼ 'ਚ ਕਿਸੇ ਵੀ ਜਗ੍ਹਾ 'ਤੇ ਨੌਕਰੀ ਲੈਣ ਲਈ ਸਿਰ ਉੱਚਾ ਕਰਕੇ ਜਾਣ।

ਸਰਪੰਚ ਤਰਵਿੰਦਰ ਸਿੰਘ ਢਿੱਲੋਂ ਨੂੰ ਲਾਲਜੀਤ ਸਿੰਘ ਭੁੱਲਰ ਨੇ ਦਿੱਤੀ ਵਧਾਈ

ਕੋਟਕਪੂਰਾ (ਰਛਪਾਲ ਭੁੱਲਰ)-ਪੰਜਾਬ ਅੰਦਰ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਚੋਣਾਂ ਦਾ ਸਿਹਰਾ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਨੂੰ ਜਾਂਦਾ ਹੈ।ਵਿਧਾਨ ਸਭਾ ਹਲਕਾ ਜੈਤੋ ਪੁੱਜੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਆਖਿਆ ਕਿ ਲਗਾਤਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਵੇਂ ਚਿਹਰੇ ਉੱਭਰ ਕੇ ਸਾਹਮਣੇ ਆ ਰਹੇ ਹਨ, ਜਿਵੇਂ ਕਿ ਪੰਚਾਇਤੀ ਚੋਣਾਂ ਲਈ ਅੱਜ ਕੱਲ੍ਹ ਦੇ ਪੜ੍ਹੇ-ਲਿਖੇ ਨੌਜਵਾਨਾਂ ਨੂੰ ਸਰਪੰਚ ਚੁਣਿਆ ਗਿਆ ਹੈ।ਲਾਲਜੀਤ ਸਿੰਘ ਭੁੱਲਰ ਨੇ ਵਿਧਾਇਕ ਅਮੋਲਕ ਸਿੰਘ ਦੀ ਹਾਜ਼ਰੀ ਵਿੱਚ ਤਰਵਿੰਦਰ ਸਿੰਘ ਕਿੰਦਾ ਢਿੱਲੋਂ ਨੂੰ ਵਿਧਾਨ ਸਭਾ ਹਲਕਾ ਜੈਤੋ ਅਧੀਨ ਆਉਂਦੇ ਕੋਠੇ ਰਾਮਸਰ ਦੇ ਸਰਬਸੰਮਤੀ ਨਾਲ ਸਰਪੰਚ ਚੁਣੇ ਜਾਣ 'ਤੇ ਵਧਾਈ ਦਿੱਤੀ।ਉਨ੍ਹਾਂ ਆਖਿਆ ਕਿ ਸਰਬਸੰਮਤੀ ਨਾਲ ਬਣੀਆਂ ਪੰਚਾਇਤਾਂ ਨੂੰ ਪੰਜਾਬ ਸਰਕਾਰ ਵਲੋਂ ਪੰਜ ਲੱਖ ਰੁਪਏ ਦੀ ਗ੍ਰਾਂਟ ਪਿੰਡ ਦੇ ਵਿਕਾਸ ਕਾਰਜਾਂ ਲਈ ਦਿੱਤੀ ਜਾਵੇਗੀ ਤੇ ਕਿਸੇ ਨਾਲ ਕੋਈ ਵਿਤਕਰੇਬਾਜ਼ੀ ਨਹੀਂ ਹੋਵੇਗੀ।ਉਨ੍ਹਾਂ ਤਰਵਿੰਦਰ ਸਿੰਘ ਢਿੱਲੋਂ ਨੂੰ ਆਖਿਆ ਕਿ ਤੁਸੀਂ ਆਪਣੇ ਪਿੰਡ ਦੀ ਚੜ੍ਹਦੀਕਲਾ ਲਈ ਡਟਕ ਕੇ ਕੰਮ ਕਰੋ, ਜਿੱਥੇ ਕਿਤੇ ਤੁਹਾਨੂੰ ਚੰਗਾ ਕੰਮ ਕਰਨ ਲਈ ਮੇਰੇ ਮੱਦਦ ਦੀ ਲੋੜ ਮਹਿਸੂਸ ਹੁੰਦੀ ਹੈ, ਤਦ ਮੇਰੇ ਦਰਵਾਜੇ ਤੁਹਾਡੇ ਲਈ ਹਮੇਸ਼ਾਂ ਖੁੱਲੇ ਰਹਿਣਗੇ।ਸਰਪੰਚ ਤਰਵਿੰਦਰ ਸਿੰਘ ਕਿੰਦਾ ਢਿੱਲੋਂ ਨੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਤੇ ਹਲਕਾ ਵਿਧਾਇਕ ਅਮੋਲਕ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਦੀ ਮਿਹਨਤ ਸਦਕਾ ਉਹਨਾਂ ਨੂੰ ਪਿੰਡ ਵਾਸੀਆਂ ਨੇ ਸਰਪੰਚ ਚੁਣ ਕੇ ਮਾਣ ਬਖਸ਼ਿਆ ਹੈ।

ਨੌਜਵਾਨ ਦੀ ਕੁੱਟਮਾਰ ਦੇ ਮਾਮਲੇ 'ਚ ਤਿੰਨ ਵਿਰੁੱਧ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਅਮਲੋਹ ਵਿਖੇ ਨੌਜਵਾਨ ਦੀ ਕੁੱਟਮਾਰ, ਸੋਨੇ ਦੀ ਚੇਨ ਤੇ ਨਕਦੀ ਖੋਹ ਲੈ ਜਾਣ ਦੇ ਕਥਿਤ ਮਾਮਲੇ 'ਚ ਪੁਲਸ ਵੱਲੋਂ 3 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਸਰਦਾਨ ਪਠਾਨ ਵਾਸੀ ਅਮਲੋਹ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੋਸ਼ ਲਾਏ ਕਿ ਉਸਦੀ ਮਾਤਾ ਨੇ ਉਸ ਨੂੰ ਘਰ ਦਾ ਸਮਾਨ ਲੈਣ ਲਈ ਬਾਜ਼ਾਰ ਭੇਜਿਆ ਸੀ ਤੇ ਜਦੋਂ ਉਹ ਘਰ ਤੋਂ ਥੋੜ੍ਹੀ ਦੂਰ ਗਿਆ ਤਾਂ ਤਿੰਨ ਨੌਜਵਾਨਾਂ ਨੇ ਉਸਨੂੰ ਘੇਰ ਲਿਆ, ਜਿਨ੍ਹਾਂ ਨੇ ਉਸਦੀ ਕੁੱਟਮਾਰ ਕਰਦਿਆਂ ਉਸ ਦੇ ਗਲ 'ਚ ਪਾਈ ਸੋਨੇ ਦੀ ਚੇਨ ਅਤੇ ਜੇਬ 'ਚ ਪਏ 750 ਰੁਪਏ ਖੋਹ ਲਏ ਤੇ ਪਰਵੇਸ਼ ਨਾਮਕ ਨੌਜਵਾਨ ਉਸਦੇ ਸਿਰ 'ਚ ਕੜਾ ਮਾਰਿਆ, ਜਿਸ ਕਾਰਨ ਉਸਦੇ ਸਿਰ 'ਚੋਂ ਲਹੂ ਵਗਣ ਲੱਗ ਪਿਆ।ਲੋਕਾਂ ਦਾ ਇਕੱਠ ਹੁੰਦਾ ਦੇਖ ਕੇ ਉਕਤ ਨੌਜਵਾਨ ਮੋਟਰਸਾਈਕਲ 'ਤੇ ਬੈਠ ਕੇ ਮੌਕੇ ਤੋਂ ਫਰਾਰ ਹੋ ਗਏ।ਸਰਦਾਰ ਪਠਾਨ ਦੇ ਬਿਆਨਾਂ 'ਤੇ ਸ਼ਵੀ, ਪ੍ਰਵੇਸ਼ ਉਰਫ ਡਾਕਟਰ ਵਾਸੀਆਨ ਅਮਲੋਹ ਤੇ ਇੱਕ ਹੋਰ ਨਾਮਾਲੂਮ ਨੌਜਵਾਨ ਵਿਰੁੱਧ ਅ/ਧ 115(2), 126 (2), 304 ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਅਮਲੋਹ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

ਅਪੈਕਸ਼ਾ ਨੂੰ ਸਰਵੋਤਮ ਵਿਦਿਆਰਥੀ ਸਨਮਾਨ ਮਿਲਣ 'ਤੇ ਕੀਤਾ ਸਨਮਾਨਤ

ਰਾਮਪੁਰਾ ਫੂਲ (ਦਰਸ਼ਨ ਸਿੰਦਲ)

ਸੇਂਟ ਜੇਵੀਅਰ ਸਕੂਲ ਦੀ ਵਿਦਿਆਰਥਣ ਅਪੈਕਸ਼ਾ ਨੂੰ ਨੈਸ਼ਨਲ ਅਬੈਕਸ ਮੁਕਾਬਲੇ ਦੌਰਾਨ ਸਾਲ ਦਾ ਸਰਵੋਤਮ ਵਿਦਿਆਰਥੀ ਦਾ ਇਨਾਮ ਮਿਲਣ 'ਤੇ ਸਕੂਲ ਵਿਖੇ ਉਚੇਚੇ ਤੌਰ 'ਤੇ ਸਨਮਾਨਤ ਕੀਤਾ ਗਿਆ । ਸਕੂਲ ਪ੍ਰਿੰਸੀਪਲ ਫਾਦਰ ਯੂਲੇਲਿਓ ਫਰਾਂਨਡਿਸ, ਮੈਨੇਜਰ ਫਾਦਰ ਐਡਰਿਓ ਫਰਾਂਨਡਿਸ, ਕਲਾਸ ਇੰਚਾਰਜ ਮੈਡਮ ਸ਼ਾਲੂ ਬਾਂਸਲ ਨੇ ਅਪੈਕਸ਼ਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਦੇ ਲਈ ਹਾਰਦਿਕ ਵਧਾਈ ਦਿੱਤੀ।ਵਰਣਨਯੋਗ ਹੈ ਕਿ ਇਸ ਮੁਕਾਬਲੇ ਵਿੱਚ ਦੇਸ਼ ਭਰ 'ਚੋਂ 17 ਹਜ਼ਾਰ ਦੇ ਕਰੀਬ ਸਕੂਲੀ ਵਿਦਿਆਰਥੀ ਸ਼ਾਮਲ ਹੋਏ ਸੀ, ਉਨ੍ਹਾਂ ਵਿੱਚ ਸਿਰਫ ਅਪੈਕਸ਼ਾ ਨੂੰ ਹੀ ਇਹ ਇਨਾਮ ਦਿੱਤਾ ਗਿਆ ਹੈ ।

ਪ੍ਰਿੰਸੀਪਲ ਫਾਦਰ ਯੂਲੇਲਿਓ ਫਰਾਂਨਡਿਸ ਨੇ ਦੱਸਿਆ ਕਿ ਗਿਆਰਵੀਂ ਕਲਾਸ ਦੀ ਵਿਦਿਆਰਥਣ ਅਪੈਕਸ਼ਾ ਬਹੁਤ ਹੀ ਹੋਣਹਾਰ ਅਤੇ ਮਿਹਨਤੀ ਹੈ।ਉਸ ਵੱਲੋਂ ਸਾਲ 2024 ਦੇ ਦੌਰਾਨ ਮੈਥ ਵਿਸ਼ੇ ਵਿੱਚ 2 ਨਵੇ ਵਰਲਡ ਰਿਕਾਰਡ ਤੇ 1 ਇੰਡੀਆ ਬੁੱਕ ਰਿਕਾਰਡ ਬਣਾਇਆ ਗਿਆ ਹੈ।ਇਸ ਦੇ ਨਾਲ ਹੀ ਉਸਨੇ ਉੱਤਰੀ ਭਾਰਤ ਅਬੈਕਸ ਮੁਕਾਬਲੇ ਵਿਚ ਵੀ ਪਹਿਲੀ ਪੁਜੀਸ਼ਨ ਪ੍ਰਾਪਤ ਕੀਤੀ ਸੀ।ਸਾਲ 2023 ਦੇ ਵਿੱਚ ਵੀ ਉਸ ਵੱਲੋ ਨੈਸ਼ਨਲ ਅਬੈਕਸ ਮੁਕਾਬਲੇ ਤੇ ਇੰਟਰਨੈਸ਼ਨਲ ਅਬੈਕਸ ਮੁਕਾਬਲੇ, ਦੋਹਾਂ ਵਿੱਚ ਪਹਿਲਾ ਇਨਾਮ ਹਾਸਲ ਕੀਤਾ ਸੀ। ਇਸ ਤੋ ਬਿਨਾਂ ਵੀ ਕਈ ਹੋਰ ਪ੍ਰਾਪਤੀਆਂ ਉਸਦੇ ਨਾਂਅ 'ਤੇ ਦਰਜ ਹਨ।ਅਪੈਕਸ਼ਾ ਵੱਲੋਂ ਖੁਦ ਇਹ ਪ੍ਰਾਪਤੀਆਂ ਕਰਨ ਦੇ ਨਾਲ ਨਾਲ ਹੋਰ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਵੀ ਮਦਦ ਕੀਤੀ ਜਾਂਦੀ ਹੈ।ਉਸ ਨੇ ਇਸ ਸਾਲ ਪੰਜਾਬ ਦੇ ਵੱਖ-ਵੱਖ 20 ਤੋ ਵੱਧ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੀਆਂ ਹਜ਼ਾਰਾਂ ਵਿਦਿਆਰਥਣਾਂ ਨੂੰ ਫ੍ਰੀ ਵੈਦਿਕ ਮੈਥ ਦੀ ਟ੍ਰੇਨਿੰਗ ਵੀ ਦਿੱਤੀ ਹੈ।ਇਨ੍ਹਾਂ ਸਾਰੀਆਂ ਪ੍ਰਾਪਤੀਆਂ ਦੇ ਚੱਲਦਿਆਂ ਹੀ ਉਸ ਨੂੰ ਇਸ ਸਾਲ ਚੰਡੀਗੜ੍ਹ ਵਿੱਚ ਸਾਲ ਦੇ ਸਰਵੋਤਮ ਵਿਦਿਆਰਥੀ ਦਾ ਇਨਾਮ ਮਿਲਿਆ ਹੈ।ਉਨ੍ਹਾਂ ਕਿਹਾ ਕਿ ਅਪੈਕਸ਼ਾ ਉਨ੍ਹਾਂ ਸਾਰੇ ਵਿਦਿਆਰਥੀਆਂ ਦੇ ਲਈ ਪ੍ਰੇਰਣਾਦਾਇਕ ਹੈ, ਜੋ

23-Oct-PAGE-11-Majha-2024.qxd 10/22/2024 10:58 PM Page 1

ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ ਜਾਣ : ਡੀ ਟੀ ਐੱਫ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਕਿਸੇ ਸਮੇਂ ਪੂਰੇ ਦੇਸ਼ ਵਿੱਚ ਸਭ ਤੋਂ ਵੱਧ ਤਨਖਾਹ ਲੈਣ ਵਾਲੇ ਪੰਜਾਬ ਦੇ ਮੁਲਾਜ਼ਮਾਂ ਨੂੰ ਕੇਂਦਰ ਦੇ ਮੁਲਾਜ਼ਮਾਂ ਅਤੇ ਅਨੇਕਾਂ ਸੂਬਿਆਂ ਦੇ ਮੁਲਾਜ਼ਮਾਂ ਤੋਂ ਘੱਟ ਤਨਖਾਹ ਤੇ ਗੁਜ਼ਾਰਾ ਕਰਨਾ ਪੈ ਰਿਹਾ ਹੈ ਕਿਉਂਕਿ ਕੇਂਦਰ ਸਰਕਾਰ ਨੇ ਪਿਛਲੇ ਦਿਨੀਂ ਕੇਂਦਰ ਦੇ ਮੁਲਾਜ਼ਮਾਂ ਲਈ 3 ਫੀਸਦੀ ਮਹਿੰਗਾਈ ਭੱਤੇ ਦੀ ਕਿਸ਼ਤ ਜਾਰੀ ਕਰ ਦਿੱਤੀ ਹੈ। ਹੁਣ ਜਿੱਥੇ ਪੰਜਾਬ ਦੇ ਮੁਲਾਜ਼ਮ 38 ਫੀਸਦੀ ਮਹਿੰਗਾਈ ਭੱਤਾ ਲੈ ਰਹੇ ਹਨ, ਉੱਥੇ ਕੇਂਦਰ ਦੇ ਮੁਲਾਜ਼ਮਾਂ ਦਾ ਮਹਿੰਗਾਈ ਭੱਤਾ 53 ਫੀਸਦੀ ਹੋ ਗਿਆ ਜਿਸ ਨਾਲ ਇਹ ਪਾੜਾ 15 ਫੀਸਦੀ ਦਾ ਹੋ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਕਿਹਾ ਕਿ ਮੁਲਾਜ਼ਮਾਂ ਨੂੰ ਮਹਿੰਗਾਈ ਨਾਲ ਨਜਿੱਠਣ ਲਈ ਮਹਿੰਗਾਈ ਭੱਤਾ ਦਿੱਤਾ ਜਾਂਦਾ ਹੈ। ਪਰ ਪੰਜਾਬ ਸਰਕਾਰ ਵੱਲੋਂ 15 ਫੀਸਦੀ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਨੂੰ ਪਛਾੜ ਦੇਣਾ ਮੁਲਾਜ਼ਮਾਂ ਨੂੰ ਰਾਸ ਨਹੀਂ ਆ ਰਿਹਾ ਜਿਸ ਕਾਰਨ ਉਹ ਦਿਨੋ ਦਿਨ ਵਧ ਰਹੀ ਮਹਿੰਗਾਈ ਨਾਲ ਨਜਿੱਠਣ ਤੋਂ ਅਸਮਰੱਥ ਹੋ ਰਹੇ ਹਨ। ਡੀ ਟੀ ਐੱਫ ਆਗੂਆਂ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਕੀਤੇ ਹਰ ਵਾਅਦੇ ਤੋਂ ਮੁੱਕਰਨ ਦਾ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚੋਂ ਸਰਕਾਰ ਚਲਾਉਣ ਦੇ ਦਾਅਵੇ ਕਰਨ ਵਾਲੀ ਸਰਕਾਰ ਨੇ ਜਿੱਥੇ ਮੁਲਾਜ਼ਮਾਂ ਦਾ ਪੇਂਡੂ ਭੱਤਾ ਰੋਕਿਆ ਹੋਇਆ ਹੈ ਉੱਥੇ ਹੀ ਅਨੇਕਾਂ ਮੁਲਾਜ਼ਮਾਂ ਦੇ 37 ਪ੍ਰਕਾਰ ਦੇ ਭੱਤੇ ਰੋਕੇ ਹੋਏ ਹਨ, ਨਾ ਹੀ ਪੰਜਾਬ ਸਰਕਾਰ ਵੱਲੋਂ ਤਨਖਾਹ ਕਮਿਸ਼ਨ ਦਾ ਬਕਾਇਆ ਜਾਰੀ ਕੀਤਾ ਗਿਆ ਹੈ, ਹੁਣ ਮਹਿੰਗਾਈ ਭੱਤੇ ਵਿੱਚ ਵੀ ਪੰਜਾਬ ਦੇ ਮੁਲਾਜ਼ਮ ਕੇਂਦਰ ਦੇ ਮੁਲਾਜ਼ਮਾਂ ਤੋਂ 15 ਫੀਸਦੀ ਪੱਛੜ ਗਏ ਹਨ ਜਿਸ ਕਾਰਨ ਉਹ ਕੇਂਦਰ ਦੇ ਮੁਲਾਜ਼ਮਾਂ ਨਾਲੋਂ ਤਨਖਾਹ ਵਿਚਲੇ ਵਧ ਰਹੇ ਪਾੜੇ ਤੋਂ ਬਹੁਤ ਨਿਰਾਸ਼ ਹਨ। ਆਗੂਆਂ ਨੇ ਦੱਸਿਆ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ, ਉਦੋਂ ਤੋਂ ਹੀ ਮੁਲਾਜ਼ਮਾਂ ਨੂੰ ਪੂਰੀ ਤਰ੍ਹਾਂ ਅਣਗੌਲਿਆ ਕੀਤੇ ਜਾਣ ਕਰਕੇ ਉਹ ਖੁਦ ਨੂੰ ਠੱਗੇ ਹੋਏ ਮਹਿਸੂਸ ਕਰ ਰਹੇ ਹਨ। ਡੀ ਟੀ ਐੱਫ ਤਰਨ ਤਾਰਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਠੱਠਗੜ੍ਹ, ਜਨਰਲ ਸਕੱਤਰ ਅਮਰਦੀਪ, ਵਿੱਤ ਸਕੱਤਰ ਭੁਪਿੰਦਰ ਸਿੰਘ ਨਾਗੀ ਸੀਨੀਅਰ ਮੀਤ ਪ੍ਰਧਾਨ ਸਰਬਜੀਤ ਸਿੰਘ, ਮੀਤ ਪ੍ਰਧਾਨ ਕੰਵਰਦੀਪ ਸਿੰਘ ਢਿੱਲੋਂ , ਜਸਕੀਰਤ ਸਿੰਘ, ਪ੍ਰਿੰਸਦੀਪ ਸਿੰਘ, ਬਰਿੰਦਰ ਸਿੰਘ, ਅਮਰਿੰਦਰ ਸਿੰਘ, ਇੰਦਰਬੀਰ ਸਿੰਘ, ਵਰਿੰਦਰ ਸਿੰਘ ਆਦਿ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਦੀਵਾਲੀ ਤੋਂ ਪਹਿਲਾਂ ਪਹਿਲਾਂ ਮਹਿੰਗਾਈ ਭੱਤੇ ਦਾ 15 ਫੀਸਦੀ ਦਾ ਪਾੜਾ ਤੁਰੰਤ ਖਤਮ ਕੀਤਾ ਜਾਵੇ ਅਤੇ ਪਿਛਲੇ ਸਮਿਆਂ ਦੀ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਬਣਦਾ ਬਕਾਇਆ ਵੀ ਜਾਰੀ ਕੀਤਾ ਜਾਵੇ।

ਸਿੱਖ ਮਿਸ਼ਨਰੀ ਕਾਲਜ ਵੱਲੋਂ ਧਾਰਮਿਕ ਪ੍ਰੀਖਿਆ ਦੀਆਂ ਤਿਆਰੀਆਂ

ਮਜੀਠਾ (ਸੋਇਮ ਆਨੰਦ)- ਸਿੱਖ ਮਿਸਨਰੀ ਕਾਲਜ ਲੁਧਿਆਣਾ ਵੱਲੋਂ ਪਿਛਲੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧਾਰਮਿਕ ਪ੍ਰੀਖਿਆ 26 ਅਕਤੂਬਰ ਨੂੰ ਲਈ ਜਾ ਰਹੀ ਹੈ। ਇਸ ਸਬੰਧ ਵਿਚ ਸਰਕਲ ਕੱਥੂਨੰਗਲ ਦੇ ਇੰਚਾਰਜ ਪ੍ਰਿੰਸੀਪਲ ਜੋਗਾ ਸਿੰਘ ਅਠਵਾਲ ਅਤੇ ਮਨਜੀਤ ਸਿੰਘ ਕੱਥੂਨੰਗਲ ਵੱਲੋਂ ਮਿਲੀ ਜਾਣਕਾਰੀ ਅਨੁਸਾਰ 26 ਅਕਤੂਬਰ ਨੂੰ ਲਈ ਜਾਣ ਵਾਲੀ ਇਹ ਧਾਰਮਿਕ ਪ੍ਰੀਖਿਆ ਹਰ ਸਾਲ ਲਈ ਜਾਂਦੀ ਹੈ ਜਿਸ ਵਿਚ ਪਹਿਲੀ ਕਲਾਸ ਤੋਂ ਪੰਜਵੀਂ ਕਲਾਸ ਤੱਕ ਪਹਿਲਾ ਦਰਜਾ, ਛੇਵੀਂ ਤੋਂ 8ਵੀਂ ਤੱਕ ਦੂਸਰਾ ਦਰਜਾ, 9ਵੀਂ ਕਲਾਸ ਤੋਂ 12ਵੀਂ ਕਲਾਸ ਤੱਕ ਤੀਸਰਾ ਦਰਜਾ ਅਤੇ ਇਸ ਤੋਂ ਉਪਰ ਸੀਨੀਅਰ ਕਲਾਸਾਂ, ਕੋਰਸਾਂ ਵਾਲੇ ਚੌਥੇ ਦਰਜੇ ਵਿਚ ਪ੍ਰੀਖਿਆ ਦੇਣਗੇ। ਅਠਵਾਲ ਦੇ ਦੱਸਣ ਅਨੁਸਾਰ ਕੱਥੂਨੰਗਲ ਸਰਕਲ ਅਧੀਨ ਕਰੀਬ 32 ਪ੍ਰੀਖਿਆ ਕੇਂਦਰ ਬਣਾਏ ਗਏ ਹਨ ਅਤੇ ਇਨ੍ਹਾਂ ਪ੍ਰੀਖਿਆ ਕੇਦਰਾਂ ਵਿਚ ਕਰੀਬ 2500 ਪ੍ਰੀਖਿਆਰਥੀ ਭਾਗ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਪ੍ਰੀਖਿਆ ਲੈਣ ਵਾਸਤੇ ਪ੍ਰੀਖਿਆ ਅਮਲੇ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਪ੍ਰੀਖਿਆਰਥੀਆਂ ਨੂੰ ਰੋਲ ਨੰਬਰ ਭੇਜ ਦਿੱਤੇ ਗਏ ਹਨ। ਪ੍ਰੀਖਿਆ ਵਾਸਤੇ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।

ਜ਼ਿਲ੍ਹੇ ਦੀਆਂ ਅਦਾਲਤਾਂ 'ਚ 14 ਦਸੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ : ਜ਼ਿਲ੍ਹਾ ਤੇ ਸੈਸ਼ਨ ਜੱਜ

ਗੁਰਦਾਸਪੁਰ (ਜਨਕ ਮਹਾਜਨ)- ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਿਟੀ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਅਨੁਸਾਰ ਗੁਰਦਾਸਪੁਰ ਜ਼ਿਲ੍ਹੇ ਵਿੱਚ ਅਗਲੀ ਕੌਮੀ ਲੋਕ ਅਦਾਲਤ 14 ਦਸੰਬਰ ਨੂੰ ਲਗਾਈ ਜਾਵੇਗੀ। ਰਾਸ਼ਟਰੀ ਲੋਕ ਅਦਾਲਤ ਦੀਆਂ ਤਿਆਰੀਆਂ ਸਬੰਧੀ ਰਜਿੰਦਰ ਅਗਰਵਾਲ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਵਿੱਚ ਐੱਸ.ਐੱਸ.ਪੀ. ਗੁਰਦਾਸਪੁਰ ਹਰੀਸ਼ ਦਾਯਮਾ, ਐੱਸ.ਐੱਸ.ਪੀ. ਬਟਾਲਾ ਸੁਹੇਲ ਕਾਸਿਮ ਮੀਰ, ਐਡੀਸ਼ਨਲ ਸ਼ੈਸਨ ਜੱਜ ਪੀ.ਐਸ ਰਾਏ, ਸੀ. ਜੀ. ਐਮ ਆਰ.ਐਸ ਚੀਮਾ, ਵਧੀਕ ਡਿਪਟੀ ਕਮਿਸ਼ਨਰ (ਜ), ਸੁਰਿੰਦਰ ਸਿੰਘ, ਮੈਡਮ ਰਮਨੀਤ ਕੌਰ, ਸਿਵਲ ਜੱਜ (ਸੀਨੀਅਰ ਡਵੀਜ਼ਨ)-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਗੁਰਦਾਸਪੁਰ, ਜ਼ਿਲ੍ਹਾ ਅਟਾਰਨੀ ਮੈਡਮ ਨੀਲਮ, ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਬਲਜਿੰਦਰ ਸਿੰਘ ਬਾਂਗੋਵਾਣੀ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ। 14 ਦਸੰਬਰ ਨੂੰ ਲੱਗਣ ਵਾਲੀ ਕੌਮੀ ਲੋਕ ਅਦਾਲਤ ਸਬੰਧੀ ਜਾਣਕਾਰੀ ਦਿੰਦਿਆਂ ਰਜਿੰਦਰ ਅਗਰਵਾਲ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਗੁਰਦਾਸਪੁਰ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ 138 ਐੱਨ.ਆਈ. ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ ਅਤੇ ਕਮੇਟੀ ਘਰ ਦੇ ਹੋਰ ਕੇਸ ਜਿਵੇਂ ਕਿ ਸੀਵਰੇਜ, ਵਾਟਰ ਸਪਲਾਈ, ਹਾਊਸ ਟੈਕਸ, ਸਾਈਟ ਪਲੈਨ ਆਦਿ, ਸਾਰੇ ਤਰ੍ਹਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਵਿਆਹੁਤਾ ਝਗੜੇ, ਐੱਮ.ਏ.ਸੀ.ਟੀ. (ਮੋਟਰ ਐਕਸੀਡੈਂਟ) ਦੇ ਕੇਸ, ਇੰਸ਼ੋਰੈਂਸ ਕਲੇਮ ਦੇ ਕੇਸਾਂ ਦਾ ਵੀ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਇਸ ਰਾਸ਼ਟਰੀ ਲੋਕ ਅਦਾਲਤ ਜ਼ਰੀਏ ਹੱਲ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਆਪਣੇ ਸਬੰਧਤ ਕੋਰਟ ਵਿੱਚ ਜਾਂ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਦਫ਼ਤਰ ਦੇ ਕਮਰਾ ਨੰਬਰ 102 ਵਿਖੇ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਰਾਹੀਂ ਹੱਲ ਕੀਤੇ ਗਏ ਮਾਮਲੇ ਦਾ ਫ਼ੈਸਲਾ ਅੰਤਿਮ ਹੁੰਦਾ ਹੈ। ਮੀਟਿੰਗ ਦੌਰਾਨ ਮੁਫ਼ਤ ਕਾਨੂੰਨੀ ਸੇਵਾਵਾਂ ਸਬੰਧੀ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ, ਮਾਲ ਵਿਭਾਗ ਨਾਲ ਸਬੰਧਿਤ ਕੇਸਾਂ, ਪੰਜਾਬ ਵਿਕਟਮ ਕੰਪਨਸੇਸ਼ਨ ਸਕੀਮ-2017 ਸਬੰਧੀ, ਜੇਲ੍ਹ ਵਿੱਚ ਬੰਦ ਬੰਦੀਆਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਦੇਣ ਅਤੇ ਵੋਕੇਸ਼ਨਲ ਲਿਟਰੇਸੀ ਮੁਹਿੰਮ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਨਾਲਸਾ ਹੈਲਪਲਾਈਨ ਨੰਬਰ 15100 ਬਾਰੇ ਵੀ ਲੋੜਵੰਦ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਲਈ ਕਿਹਾ। ਉਨ੍ਹਾਂ ਦੱਸਿਆ ਕਿ ਲੋੜਵੰਦ ਲੋਕਾਂ ਦੀ ਸਹਾਇਤਾ ਲਈ ਹੈਲਪ ਲਾਈਨ ਨੰਬਰ ਜਾਰੀ ਕੀਤਾ ਗਿਆ ਹੈ, ਜਿਸ ਰਾਹੀਂ ਮੁਫਤ ਕਾਨੂੰਨੀ ਸੇਵਾਵਾਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ।

ਐੱਸ ਡੀ ਐੱਮ ਨੇ ਗੁਰਮੀਤ ਸਿੰਘ ਦੀ ਜੰਮੂ-ਕਸ਼ਮੀਰ 'ਚ ਹੋਈ ਮੌਤ 'ਤੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਐੱਸ.ਡੀ.ਐੱਮ. ਬਟਾਲਾ, ਵਿਕਰਮਜੀਤ ਸਿੰਘ ਵੱਲੋਂ ਅੱਜ ਗੁਰਮੀਤ ਸਿੰਘ ਪੁੱਤਰ ਧਰਮ ਸਿੰਘ, ਪਿੰਡ ਸੱਖੋਵਾਲ, ਜਿਸ ਦੀ ਜੰਮੂ - ਕਸ਼ਮੀਰ ਵਿੱਚ ਅੱਤਵਾਦੀ ਹਮਲੇ ਦੌਰਾਨ ਮੌਤ ਹੋ ਗਈ ਸੀ, ਉਨ੍ਹਾ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਪਹੁੰਚੇ ਤੇ ਹਮਦਰਦੀ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਵੱਲੋਂ ਉਨ੍ਹਾਂ ਨੂੰ ਮ੍ਰਿਤਕ ਗੁਰਮੀਤ ਸਿੰਘ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਭੇਜਿਆ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਸ਼ਾਮਲ ਹੈ।ਉਨ੍ਹਾਂ ਦੱਸਿਆ ਕਿ ਗੁਰਮੀਤ ਸਿੰਘ ਪੁੱਤਰ ਧਰਮ ਸਿੰਘ, ਪਿੰਡ ਸੱਖੋਵਾਲ ਤਹਿ ਬਟਾਲਾ ਕਿਸੇ ਪ੍ਰਾਈਵੇਟ ਕੰਪਨੀ 'ਚ ਜੰਮੂ ਕਸ਼ਮੀਰ ਵਿਖੇ ਲੇਬਰ ਦਾ ਕੰਮ ਕਰਦਾ ਸੀ। ਜਿਸ ਦੀ ਅੱਤਵਾਦੀ ਹਮਲੇ 'ਚ ਮੌਤ ਹੋ ਗਈ। ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਇਸ ਦੁੱਖ ਦੀ ਘੜੀ ਵਿੱਚ ਪਰਵਾਰ ਨਾਲ ਖੜ੍ਹਾ ਹੈ ਅਤੇ ਅੰਤਿਮ ਸੰਸਕਾਰ ਸਮੇਂ ਵੀ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸਰਧਾਂਜਲੀ ਭੇਟ ਕੀਤੀ ਜਾਵੇਗੀ।

ਪਿੰਡ ਮੁੱਲਾਂਵਾਲ ਤੋਂ ਸੁਖਵਿੰਦਰ ਕੌਰ ਨੇ ਜਿੱਤ ਕੀਤੀ ਹਾਸਲ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੰਚਾਇਤੀ ਚੋਣਾਂ ਦੌਰਾਨ ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਮੁੱਲਾਂਵਾਲ 'ਚ ਸਰਪੰਚ ਸੁਖਵਿੰਦਰ ਕੌਰ ਪਤਨੀ ਹਰਪਾਲ ਸਿੰਘ ਸੰਧੂ ਸਮੇਤ ਮੈਂਬਰ ਸੁਰਿੰਦਰ ਸਿੰਘ ਮੈਂਬਰ ਜੀਤਪਾਲ ਸਿੰਘ ਨਾਗਰਾ ਮੈਂਬਰ ਰਮਨਦੀਪ ਕੌਰ ,ਮੈਂਬਰ ਕਮਲਜੀਤ ਕੌਰ ਮੈਂਬਰ ਸੁਖਦੇਵ ਸਿੰਘ ਨੇ ਬਾਜ਼ੀ ਮਾਰਦਿਆਂ ਇਲਾਕੇ ਦੇ ਵੋਟਰਾਂ ਸਪੋਰਟਰਾਂ ਦਾ ਧੰਨਵਾਦ ਕੀਤਾ । ਇਸ ਮੌਕੇ ਨਵੀਂ ਚੁਣੀ ਗਈ ਸਰਪੰਚ ਸੁਖਵਿੰਦਰ ਕੌਰ ਤੇ ਮੈਂਬਰਾਂ ਦਾ ਵੱਖ-ਵੱਖ ਥਾਵਾਂ 'ਤੇ ਸਮਰਥਕਾਂ ਦੇ ਵੱਲੋਂ ਹਾਰ ਪਾ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ ਆਤਿਸ਼ਬਾਜ਼ੀ ਕੀਤੀ ਗਈ।ਇਸ ਮੌਕੇ ਨਵੀਂ ਬਣੀ ਸਰਪੰਚ ਸੁਖਵਿੰਦਰ ਕੌਰ ਅਤੇ ਉਹਨਾਂ ਦੇ ਪਤੀ ਹਰਪਾਲ ਸਿੰਘ ਸੰਧੂ ਸਮੇਤ ਮੈਂਬਰਾਂ ਦੇ ਵੱਲੋਂ ਇਲਾਕਾ ਨਿਵਾਸੀਆਂ ਅਤੇ ਸਮਰਥਕਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਦੇ ਵੱਲੋਂ ਦਿੱਤੇ ਗਏ ਇਸ ਪਿਆਰ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ਅਤੇ ਉਹ ਹਮੇਸ਼ਾ ਲੋਕਾਂ ਤੇ ਸਮਰਥਕਾਂ ਦੇ ਰਿਣੀ ਰਹਿਣਗੇ। ਪਿੰਡ ਦਾ ਵਿਕਾਸ ਜੰਗੀ ਪੱਧਰ 'ਤੇ ਕਰਵਾਇਆ ਜਾਵੇਗਾ। ਅਤੇ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਸੂਬਾ ਜਨਰਲ ਸਕੱਤਰ ਦੇ ਨਾਲ ਹਮੇਸ਼ਾ ਹੀ ਮੋਢੇ ਨਾਲ ਮੋਢਾ ਲਾ ਕੇ ਖੜੇ ਰਹਿਣਗੇ ਅਤੇ ਪਿੰਡ ਦੇ ਵਿਕਾਸ ਕਾਰਜ ਵੱਡੇ ਪੱਧਰ ਤੇ ਕਰਵਾਏ ਜਾਣਗੇ। ਇਸ ਮੌਕੇ ਉਹਨਾਂ ਦੇ ਨਾਲ ਇਲਾਕੇ ਦੇ ਵੋਟਰ ਸਪੋਟਰ ਤੇ ਸਮਰਥਕ ਹਾਜ਼ਰ ਸਨ।

ਭਲਕੇ ਬਿਜਲੀ ਬੰਦ ਰਹੇਗੀ

ਗੁਰਦਾਸਪੁਰ (ਜਨਕ ਮਹਾਜਨ)- ਉਪ ਮੰਡਲ ਅਫ਼ਸਰ ਪੁਰਾਣਾ ਸ਼ਾਲਾ ਵਲੋਂ ਮਿਲੀ ਜਾਣਕਾਰੀ ਅਨੁਸਾਰ 66 ਕੇ. ਵੀ. ਸਬ ਸਟੇਸ਼ਨ ਅਤੇ 11 ਕੇ.ਵੀ. ਫੀਡਰਾਂ ਤੋਂ ਚਲਦੇ 11 ਕੇ.ਵੀ. ਜਗਤਪੁਰ ਫੀਡਰ, 11 ਕੇ.ਵੀ. ਸ਼ਾਲਾ ਫੀਡਰ, 11 ਕੇ.ਵੀ. ਜਾਗੋਵਾਲ ਫੀਡਰ, 11 ਕੇ.ਵੀ. ਭੱਟੀਆਂ ਫੀਡਰ, 11 ਕੇ.ਵੀ. ਕਿਸ਼ਨਪੁਰ ਫੀਡਰ ਅਤੇ 11 ਕੇ.ਵੀ. ਭੈਣੀ ਮੀਲਾਂ ਦੀ ਜ਼ਰੂਰੀ ਮੁਰੰਮਤ ਕਰਨ ਕਰਕੇ 24 ਅਕਤੂਬਰ ਦਿਨ ਵੀਰਵਾਰ ਨੂੰ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ। ਉਨ੍ਹਾਂ ਖਪਤਕਾਰਾਂ ਪਾਸੋਂ ਸਹਿਯੋਗ ਦੀ ਮੰਗ ਕੀਤੀ ਹੈ।

25ਵੇਂ ਸਲਾਨਾ ਜਾਗਰਣ ਮੌਕੇ ਲੰਗਰ ਲਗਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਬਾਜ਼ਾਰ ਉਦੇ ਚੰਦ ਵਿਖੇ 25 ਵੇਂ ਸਲਾਨਾ ਜਾਗਰਣ ਮੌਕੇ ਜੈ ਮਾਤਾ ਚਿੰਤਪੁਰਨੀ ਸੇਵਕ ਸਭਾ ਡੇਰਾ ਬਾਬਾ ਨਾਨਕ ਵੱਲੋਂ ਲੰਗਰ ਲਗਾਇਆ ਗਿਆ । ਇਸ ਮੌਕੇ ਜੈ ਮਾਤਾ ਚਿੰਤਪੁਰਨੀ ਸੇਵਕ ਸਭਾ ਦੇ ਪ੍ਰਧਾਨ ਰਜੀਵ ਗੌਂਦ, ਸੰਜੀਵ ਸਰਨਾ ਅਤੇ ਸ਼ੰਮੀ ਅਰੋੜ

23-Oct-PAGE-12.qxd 10/22/2024 10:53 PM Page 1

ਸਰਕਾਰੀ ਪ੍ਰਾਇਮਰੀ ਸਕੂਲ ਮੁੰਡੀਆਂ 'ਚ ਮੈਗਾ ਪੀ ਟੀ ਐੱਮ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੰਬੀ): ਸਕੂਲ ਸਿੱਖਿਆ ਵਿਭਾਗ ਅਤੇ ਪੰਜਾਬ ਸਰਕਾਰ ਦੀਆਂ ਹਿਦਾਇਤਾਂ ਦੇ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਮੁੰਡੀਆਂ ਵਿਖੇ ਮੈਗਾ ਪੀ ਟੀ ਐਮ ਦਾ ਆਯੋਜਨ ਕੀਤਾ ਗਿਆ।ਇਸ ਬਾਰੇ ਗੱਲਬਾਤ ਕਰਦਿਆਂ ਸਕੂਲ ਇੰਚਾਰਜ਼ ਦੁਪਿੰਦਰਜੀਤ ਕੌਰ ਨੇ ਦੱਸਿਆ ਕਿ ਸਕੂਲ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਨੇ ਕਾਫੀ ਉਤਸ਼ਾਹ ਵਿੱਚ ਸ਼ਮੂਲੀਅਤ ਕੀਤੀ। ਇਸ ਮੈਗਾ ਪੀ ਟੀ ਐਮ ਦੇ ਦੌਰਾਨ ਵਿਦਿਆਰਥੀਆਂ ਦੇ ਪੇਪਰਾਂ, ਮੁਲਾਂਕਣ, ਬੱਚਿਆਂ ਦੇ ਸਮੁੱਚੇ ਵਿਕਾਸ ਤੇ ਗਤੀਵਿਧੀਆਂ ਬਾਰੇ ਮਾਪਿਆਂ ਨਾਲ ਗੱਲਬਾਤ ਕੀਤੀ ਗਈ।ਇਸ ਤੋਂ ਇਲਾਵਾ ਸਕੂਲ ਵਿੱਚ ਨਵਾਂ ਦਾਖਲਾ ਵਧਾਉਣ, ਮਿਸ਼ਨ ਸਮਰੱਥ, ਸੀ ਈ ਪੀ, ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਨੈਤਿਕਤਾ ਆਦਿ ਬਾਰੇ ਮਾਪਿਆਂ ਨਾਲ ਵਿਸਥਾਰਪੂਰਵਕ ਵਿਚਾਰ ਚਰਚਾ ਹੋਈ।ਇਸ ਮੌਕੇ ਕੁੱਝ ਕੁ ਵਿਦਿਆਰਥੀਆਂ ਦੇ ਮਾਪਿਆਂ ਨੇ ਮੰਚ 'ਤੇ ਆਪਣੇ ਵਿਚਾਰ ਸਾਂਝੇ ਕੀਤੇ।ਲਾਇਬ੍ਰੇਰੀ ਲੰਗਰ ਦੇ ਨਾਲ ਨਾਲ ਸੈਲਫੀ ਪੁਆਇੰਟ ਵਿਸ਼ੇਸ਼ ਖਿੱਚ ਦਾ ਕੇਂਦਰ ਰਿਹਾ।ਇਸ ਮੀਟਿੰਗ ਦੌਰਾਨ ਹਾਜ਼ਰ ਹੋਏ ਸਾਰੇ ਵਿਦਿਆਰਥੀਆਂ, ਮਾਪਿਆਂ ਅਤੇ ਹੋਰ ਪਤਵੰਤੇ ਸੱਜਣਾਂ ਲਈ ਚਾਹ ਪਾਣੀ ਆਦਿ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਹੋਇਆ ਸੀ।ਸਕੂਲ ਦੀ ਸਮੁੱਚੀ ਕਾਰਗੁਜ਼ਾਰੀ ਬਾਰੇ ਵੀ ਮਾਪਿਆਂ ਨੇ ਸੰਤੁਸ਼ਟੀ ਪ੍ਰਗਟਾਈ।ਇਸ ਮੌਕੇ ਚੇਅਰਪਰਸਨ ਸੰਦੀਪ ਕੌਰ, ਸਰਪੰਚ ਪਰਵਿੰਦਰ ਸਿੰਘ, ਅਵਤਾਰ ਸਿੰਘ ਪੰਚ, ਚਰਨਜੀਤ ਕੌਰ ਪੰਚ, ਪ੍ਰਗਟ ਸਿੰਘ, ਅੰਮ੍ਰਿਤਪਾਲ ਸਿੰਘ, ਇੰਦਰਜੀਤ ਸਿੰਘ, ਤਲਵਿੰਦਰ ਸਿੰਘ, ਚਰਨ ਸਿੰਘ, ਗੁਰਪ੍ਰੀਤ ਸਿੰਘ, ਮੱਖਣ ਸਿੰਘ, ਕੁਲਦੀਪ ਸਿੰਘ, ਅਮਨਦੀਪ ਕੌਰ ਮਿਡ ਡੇ ਮੀਲ ਵਰਕਰ, ਗੁਰਮੀਤ ਕੌਰ ਆਂਗਨਵਾੜੀ ਵਰਕਰ, ਸਤਵੀਰ ਕੌਰ, ਮਨੀ, ਬਲਵੀਰ ਕੌਰ, ਨਰਿੰਦਰ ਕੌਰ, ਸਤਿੰਦਰ ਕੌਰ, ਭੁਪਿੰਦਰ ਕੌਰ, ਭਜਨ ਕੌਰ, ਰਾਣੀ ਅਤੇ ਮੀਰਾ ਆਦਿ ਹਾਜ਼ਰ ਸਨ।

ਇਸੇ ਤਰ੍ਹਾਂ ਸਰਕਾਰੀ ਮਿਡਲ ਸਕੂਲ ਭੋਜੇਮਾਜਰਾ ਵਿਖੇ ਮੈਗਾ ਪੀ ਟੀ ਐਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਇੰਚਾਰਜ਼ ਹਰਪ੍ਰੀਤ ਸਿੰਘ ਦੁਆਰਾ ਵਿਦਿਆਰਥੀਆਂ ਦੇ ਮਾਪਿਆਂ ਅਤੇ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ ਅਤੇ ਪੰਚਾਇਤ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਬਲਾਕ ਬੀ ਆਰ ਸੀ ਰਵਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਪੀ ਟੀ ਐਮ ਦਾ ਨਿਰੀਖਣ ਕੀਤਾ। ਸਮੂਹ ਸਕੂਲ ਸਟਾਫ਼ ਵੱਲੋਂ ਆਏ ਮਾਪਿਆਂ ਅਤੇ ਵਿਦਿਆਰਥੀਆਂ ਦਾ ਸਕੂਲ ਪਹੁੰਚਣ ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਸਰਪੰਚ ਮੋਹਨ ਸਿੰਘ ਨੇ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦਾ ਉਚੇਚੇ ਤੌਰ 'ਤੇ ਸਨਮਾਨ ਕੀਤਾ।ਅੰਤ ਵਿੱਚ ਅਧਿਆਪਕ ਪਰਵਿੰਦਰ ਸਿੰਘ ਨੇ ਆਏ ਸਮੂਹ ਮਾਪਿਆਂ ਦਾ ਅਤੇ ਪੰਚਾਇਤ ਮੈਂਬਰਾਂ ਦਾ ਧੰਨਵਾਦ ਕੀਤਾ।

ਐੱਲ ਪੀ ਯੂ ਦੇ ਏ ਆਈ ਸੀ ਜੀ ਐੱਸ 'ਚ 32 ਤੋਂ ਵੱਧ ਦੇਸ਼ਾਂ ਦੇ 60 ਡੈਲੀਗੇਟ ਹੋਏ ਸ਼ਾਮਲ

ਜਲੰਧਰ : (ਸ਼ੈਲੀ ਐਲਬਰਟ) ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਸਾਲਾਨਾ ਅੰਤਰਰਾਸ਼ਟਰੀ ਕਾਨਫਰੰਸ ਅਤੇ ਗਲੋਬਲ ਸਮਿਟ 2024 ਦਾ ਆਯੋਜਨ ਕਰਕੇ ਸਿੱਖਿਆ ਵਿੱਚ ਕ੍ਰਾਂਤੀ ਲਿਆਉਣ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਹੈ।ਇਹ ਗਲੋਬਲ ਹੋਰਾਈਜ਼ਨਜ਼: ਬ੍ਰਿਜਿੰਗ ਬਾਰਡਰਸ, ਬਿਲਡਿੰਗ ਦ ਫਿਊਚਰ ਤੇ ਆਧਾਰਿਤ ਸੀ। ਇਸ ਸਮਾਗਮ ਵਿੱਚ ਯੂਰਪ, ਏਸ਼ੀਆ, ਯੂ.ਕੇ., ਅਮਰੀਕਾ ਵਰਗੇ 32 ਤੋਂ ਵੱਧ ਦੇਸ਼ਾਂ ਦੀਆਂ 60 ਤੋਂ ਵੱਧ ਯੂਨੀਵਰਸਿਟੀਆਂ ਦੇ ਪ੍ਰਤੀਨਿਧਾਂ ਨੇ ਭਾਗ ਲਿਆ। ਸੈਸ਼ਨ ਦਾ ਉਦੇਸ਼ ਵਿਸ਼ਵ ਨਾਗਰਿਕਤਾ, ਅੰਤਰ-ਸੱਭਿਆਚਾਰਕ ਸਮਝ ਅਤੇ ਜਲਵਾਯੂ ਤਬਦੀਲੀ ਅਤੇ ਅਸਮਾਨਤਾ ਵਰਗੇ ਮੁੱਦਿਆਂ ਨੂੰ ਹੱਲ ਕਰਨ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ ਸਿੱਖਿਆ ਦੇ ਵਿਸ਼ਵੀਕਰਨ ਲਈ ਨਵੇਂ ਰੁਝਾਨਾਂ ਅਤੇ ਰਣਨੀਤੀਆਂ ਦੀ ਖੋਜ ਕਰਨਾ ਸੀ। ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲ ਪੀ ਯੂ ਦੇ ਸੰਸਥਾਪਕ ਚਾਂਸਲਰ, ਕਾਨਫਰੰਸ ਦੇ ਪੇਟ੍ਰਨ, ਨੇ ਸਿੱਖਿਆ ਨੂੰ ਬਦਲਣ ਲਈ ਉਨ੍ਹਾਂ ਦੇ ਸਮਰਪਣ ਲਈ ਡੈਲੀਗੇਟਾਂ ਦੀ ਸ਼ਲਾਘਾ ਕੀਤੀ। ਡਾ. ਮਿੱਤਲ ਨੇ ਕਿਹਾ, ਅੱਜ ਅਸੀਂ ਨਾ ਸਿਰਫ ਚੋਟੀ ਦੀ ਗਲੋਬਲ ਯੂਨੀਵਰਸਿਟੀ ਦੇ ਨਾਲ ਸਾਡੀ ਚੱਲ ਰਹੀ ਸਾਂਝੇਦਾਰੀ ਦਾ ਜਸ਼ਨ ਮਨਾਉਂਦੇ ਹਾਂ, ਬਲਕਿ 500 ਤੋਂ ਵੱਧ ਐਮਓਯੂ ਹੋਣ ਦਾ ਮੀਲ ਪੱਥਰ ਦਿਵਸ ਵੀ ਮਨਾਉਂਦੇ ਹਾਂ। ਜਾਰਜ ਮੇਸਨ ਯੂਨੀਵਰਸਿਟੀ, ਅਮਰੀਕਾ ਵਿਖੇ ਅਕਾਦਮਿਕ ਮਾਮਲਿਆਂ ਦੇ ਵਾਈਸ ਪ੍ਰੋਵੋਸਟ ਡਾ. ਜੈਨੇਟ ਕੇ. ਮੂਇਰ ਅਤੇ ਡਾ. ਜੌਨ ਮਰੇ, ਯੂਨੀਵਰਸਿਟੀ ਆਫ ਸੁੰਦਰਲੈਂਡ, ਯੂਕੇ ਵਿਖੇ ਟੈਕਨਾਲੋਜੀ ਦੇ ਫੈਕਲਟੀ ਦੇ ਅਕਾਦਮਿਕ ਡੀਨ, ਨੇ ਅੰਤਰਰਾਸ਼ਟਰੀਕਰਨ ਅਤੇ ਸ਼ਾਨਦਾਰ ਸਿੱਖਿਆ ਲਈ ਐਲ ਪੀ ਯੂ ਦੀ ਵਚਨਬੱਧਤਾ ਦੀ ਪ੍ਰਸ਼ੰਸਾ ਕੀਤੀ।

ਡਾ. ਅਮਨ ਮਿੱਤਲ, ਵਾਈਸ ਪ੍ਰੈਜ਼ੀਡੈਂਟ, ਐਲ ਪੀ ਯੂ ਨੇ ਵਿਸ਼ਵਵਿਆਪੀ ਭਾਈਵਾਲੀ ਦੀ ਮਹੱਤਤਾ ਨੂੰ ਵੀ ਰੇਖਾਂਕਿਤ ਕੀਤਾ।

ਗੁਣਾਤਮਿਕ ਸਿੱਖਿਆ ਪ੍ਰਦਾਨ ਕਰਨ ਲਈ ਮਾਪੇ-ਅਧਿਆਪਕ ਮਿਲਣੀ ਇੱਕ ਸਕਾਰਾਤਮਕ ਕਦਮ : ਧਾਲੀਵਾਲ

ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ) ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਗੁਣਾਤਮਿਕ ਸਿੱਖਿਆ ਪ੍ਰਦਾਨ ਕਰਨ ਲਈ ਮਾਪੇ-ਅਧਿਆਪਕ ਮਿਲਣੀ ਇੱਕ ਸਕਾਰਾਤਮਕ ਕਦਮ ਹੈ ਅਤੇ ਇਹ ਉਪਰਾਲਾ ਵਿਦਿਆਰਥੀਆਂ ਨੂੰ ਸਮੇਂ ਦੇ ਹਾਣ ਦਾ ਬਣਾਉਣ ਅਤੇ ਉਨ੍ਹਾਂ ਦੇ ਬਹੁਪੱਖੀ ਵਿਕਾਸ ਵਿੱਚ ਸਹਾਈ ਸਿੱਧ ਹੋਵੇਗਾ। ਇਹ ਪ੍ਰਗਟਾਵਾ ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸਕੂਲ ਆਫ ਐਮੀਨੈਂਸ 3ਬੀ-1 ਐਸ.ਏ.ਐਸ ਨਗਰ (ਮੁਹਾਲੀ) ਵਿਖੇ ਹੋਈ ਤੀਜੀ ਮੈਗਾ ਮਾਪੇ-ਅਧਿਆਪਕ ਮਿਲਣੀ ਮੌਕੇ ਸ਼ਮੂਲੀਅਤ ਕਰਨ ਮੌਕੇ ਕੀਤਾ।ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਮਿਲਣੀ ਦਾ ਉਦੇਸ਼ ਸਮੂਹ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਗੁਣਾਤਮਿਕ ਸਿੱਖਿਆ ਦੇਣ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵਿਚਾਰ ਚਰਚਾ ਕਰਨ ਅਤੇ ਮਾਪਿਆਂ, ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚਕਾਰ ਬਿਹਤਰ ਤਾਲਮੇਲ ਬਣਾਉਣ ਦੇ ਨਾਲ ਨਾਲ ਸਥਾਨਕ ਭਾਈਚਾਰੇ, ਸਥਾਨਕ ਸਰਕਾਰ ਦੇ ਨੁਮਾਇੰਦਿਆਂ, ਪੰਚਾਇਤਾਂ ਦੇ ਮੈਂਬਰਾਂ ਆਦਿ ਦਾ ਸਕੂਲਾਂ ਦੇ ਬਹੁਪੱਖੀ ਵਿਕਾਸ ਵਿੱਚ ਯੋਗਦਾਨ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਨਾਲ ਬਿਹਤਰ ਤਾਲਮੇਲ ਬਣਾਉਣਾ ਹੈ।ਇਸ ਮਾਪੇ ਅਧਿਆਪਕ ਮਿਲਣੀ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੇ ਮਾਪਿਆਂ ਨਾਲ ਵਿਦਿਆਰਥੀਆਂ ਦੀ ਅਕਾਦਮਿਕ ਕਾਰਗੁਜ਼ਾਰੀ ਸਾਂਝੀ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਸਰੀਰਕ, ਮਾਨਸਿਕ, ਭਾਵਨਾਤਮਕ ਅਤੇ ਸਮਾਜਕ ਵਿਕਾਸ ਬਾਰੇ ਚਰਚਾ, ਆਉਣ ਵਾਲੀਆਂ ਘਰੇਲੂ ਅਤੇ ਸਾਲਾਨਾ ਪ੍ਰੀਖਿਆਵਾਂ ਲਈ ਘਰ ਅਤੇ ਸਕੂਲ ਵਿੱਚ ਬਿਹਤਰ ਮਾਹੌਲ ਦੀ ਸਿਰਜਣਾ ਅਤੇ ਤਾਲਮੇਲ ਬਾਰੇ ਗੱਲਬਾਤ ਕੀਤੀ ਗਈ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਪ੍ਰਦਰਸ਼ਨੀਆਂ, ਪੇਟਿੰਗਜ਼ ਆਦਿ ਦਾ ਨਿਰੀਖਣ ਵੀ ਕੀਤਾ ਅਤੇ ਵਿਦਿਆਰਥੀਆਂ ਨੂੰ ਉਤਸਾਹਿਤ ਵੀ ਕੀਤਾ।

ਮਾਸਟਰ ਕੁਲਵਿੰਦਰ ਸਿੰਘ ਜੰਡਾ ਦਾ ਕਾਵਿ ਸੰਗ੍ਰਹਿ 'ਰੂਹਾਂ ਦੇ ਸੰਤਾਪ' ਲੋਕ ਅਰਪਣ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਹੁਸ਼ਿਆਰਪੁਰ ਦੇ ਦਾਵਤ ਰੈਸਟੋਰੈਂਟ ਵਿਖੇ ਮਾਸਟਰ ਕੁਲਵਿੰਦਰ ਸਿੰਘ ਜੰਡਾ ਦਾ 13ਵਾਂ ਕਾਵਿ ਸੰਗ੍ਰਹਿ 'ਰੂਹਾਂ ਦੇ ਸੰਤਾਪ' ਲੋਕ ਅਰਪਣ ਕਰਨ ਲਈ ਇਕ ਵਿਸ਼ੇਸ਼ ਸਮਾਗਮ ਮੁੱਖ ਮਹਿਮਾਨ ਹਰਬੰਸ ਸਿੰਘ ਮੰਝਪੁਰ ਸਾਬਕਾ ਐਗਜ਼ੈਕਟਿਵ ਮੈਂਬਰ ਐਸ ਜੀ ਪੀ ਸੀ ਦੀ ਰਹਿਨੁਮਾਈ ਹੇਠ ਕੀਤਾ ਗਿਆ। ਇਸ ਮੌਕੇ ਜੋਤੀ ਅਰਪਣ ਕਰਨ ਤੋਂ ਬਾਅਦ ਸਾਬਕਾ ਸਿਵਲ ਸਰਜਨ ਡਾ. ਅਜੇ ਕੁਮਾਰ ਬੱਗਾ ਨੇ ਕਿਹਾ ਮਾਸਟਰ ਜੰਡਾ ਹਰ ਸਾਲ ਇੱਕ ਕਾਵਿ ਸੰਗ੍ਰਹਿ ਲੋਕ ਅਰਪਣ ਕਰਦੇ ਹਨ। ਉਹਨਾਂ ਤੋਂ ਬਾਅਦ 'ਰੂਹਾਂ ਦੇ ਸੰਤਾਪ' ਕਾਵਿ ਸੰਗ੍ਰਹਿ ਸੰਬੰਧੀ ਡਾਕਟਰ ਧਰਮਪਾਲ ਸਾਹਿਲ ਮਹਾਨ ਲੇਖਕ ਤੇ ਨਾਵਲਲਿਸਟ ਨੇ ਪਰਚਾ ਪੜ੍ਹਿਆ। ਉਸ ਤੋਂ ਉਪਰੰਤ ਉੱਘੇ ਸਮਾਜ ਸੇਵੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਜੰਡਾ ਦੇ ਕਾਵਿ ਸੰਗ੍ਰਹਿ ਸੰਬੰਧੀ ਚਾਨਣਾ ਪਾਇਆ। ਇਸ ਮੌਕੇ ਪ੍ਰਿੰਸੀਪਲ ਪਰਵਿੰਦਰ ਸਿੰਘ ਖਾਲਸਾ ਕਾਲਜ ਮਾਹਿਲਪੁਰ ਨੇ ਦੱਸਿਆ ਕਿ ਮਾਸਟਰ ਜੰਡਾ ਦੀਆਂ ਗਜ਼ਲਾਂ ਵਿੱਚ ਦਰਦ ਦੀ ਗਹਿਰਾਈ ਭਰੀ ਹੋਈ ਹੈ ਇਹ ਬਿਰਹੋਂ, ਵਿਛੋੜਾ, ਪੀੜਾਂ ਹਿਜਰ ਅਤੇ ਗਮ ਨਾਲ ਭਰਪੂਰ ਹਨ । ਇਸ ਮੌਕੇ ਹਰਬੰਸ ਸਿੰਘ ਕਮਲ ਨੇ ਸਟੇਜ ਦਾ ਸੰਚਾਲਨ ਕਰਕੇ ਸਟੇਜ ਰਾਸ਼ਟਰਪਤੀ ਅਵਾਰਡੀ ਡਾ. ਧਰਮਪਾਲ ਸਾਹਿਲ ਨੂੰ ਸੌਂਪ ਦਿੱਤੀ। ਇਸ ਮੌਕੇ ਚੌਧਰੀ ਇੰਦਰਜੀਤ ਡਾ ਕੁਲਦੀਪ ਸਿੰਘ, ਜਤਿੰਦਰ ਕੁਮਾਰ ਸੂਦ, ਡਾ ਦਰਸ਼ਨ ਸਿੰਘ ਦਰਸ਼ਨ, ਹਰਸ਼ਵਿੰਦਰ ਕੌਰ ਹਰਸ਼ ਤਲਵਾੜਾ, ਉੱਘੇ ਕਵੀ ਰਘਵੀਰ ਸਿੰਘ ਟੇਰਕਿਆਣਾ ਨੇ ਆਪਣੇ ਕਾਵਿਕ ਅੰਦਾਜ ਵਿੱਚ ਮਾਸਟਰ ਜੰਡਾ ਦੀਆ ਗਜ਼ਲਾਂ ਦੀ ਸਲਾਘਾ ਕੀਤੀ ਅਤੇ ਕਾਮਨਾ ਕੀਤੀ ਕਿ ਹਰ ਸਾਲ ਇਸ ਤਰ੍ਹਾਂ ਦੇ ਪ੍ਰੋਗਰਾਮ ਹੁੰਦੇ ਰਹਿਣ। ਇਸ ਮੌਕੇ ਸ਼ਾਇਰਾ ਨੇ ਕਿਹਾ ਕਿ ਮਾਸਟਰ ਕੁਲਵਿੰਦਰ ਸਿੰਘ ਜੰਡਾ ਦੀਆਂ ਪਹਿਲੀਆਂ 12 ਕਿਤਾਬਾਂ ਵੀ ਗਹਿਰੇ ਦਰਦ ਤੇ ਗਮ ਨਾਲ ਲਵਰੇਜ ਸਨ ਅਤੇ ਕਈ ਸਮਾਜ ਤੇ ਪੱਖਾਂ ਨੂੰ ਉਜਾਗਰ ਕਰਦੀਆਂ ਸਨ ਉਹਨਾਂ ਕਿਹਾ ਕਿ ਇਹ 13ਵਾਂ ਕਾਵਿ ਸੰਗ੍ਰਹਿ 'ਰੂਹਾਂ ਦੇ ਸੰਤਾਪ' ਹਿਜਰ, ਵਿਛੋੜਾ, ਉਦਾਸੀਆਂ ਤੇ ਪੀੜਾਂ ਦਾ ਸ਼ਿਖਰ ਹੈ। ਇਸ ਮੌਕੇ ਪ੍ਰੋਫੈਸਰ ਬਲਰਾਜ ਨੇ ਜੰਡਾ ਦੀਆਂ ਲਿਖੀਆਂ ਹੋਈਆਂ ਗਜ਼ਲਾਂ ਗਾ ਕੇ ਸਾਰੇ ਸਰੋਤਿਆਂ ਨੂੰ ਮੰਤਰ ਮੁਗਧ ਕੀਤਾ। ਇਸ ਮੌਕੇ ਜੀਵਨ ਕੁਮਾਰ ਰੇਂਜ ਅਫਸਰ ਵਣ ਵਿਭਾਗ ਨੇ ਵੀ ਗਜ਼ਲ ਗਾ ਕੇ ਹਾਜ਼ਰੀ ਲਗਵਾਈ। ਇਸ ਮੌਕੇ ਮੁੱਖ ਮਹਿਮਾਨ ਜਥੇਦਾਰ ਹਰਬੰਸ ਸਿੰਘ ਮੰਝਪੁਰ ਸਾਬਕਾ ਐਗਜ਼ੈਕਟਿਵ ਮੈਂਬਰ ਐਸਜੀਪੀਸੀ ਨੇ ਕਿਹਾ ਕਿ ਮਾਸਟਰ ਕੁਲਵਿੰਦਰ ਸਿੰਘ ਜੰਡਾ ਜਿਨਾਂ ਨੇ ਪੰਜਾਬ ਦੀ ਸਿਆਸਤ ਵਿੱਚ ਵੀ ਅਹਿਮ ਯੋਗਦਾਨ ਪਾਇਆ ਹੈ ਅਤੇ ਪਾ ਰਹੇ ਹਨ ਉਨਾਂ ਨੇ ਮਾਂ ਬੋਲੀ ਪੰਜਾਬੀ ਤੇ ਪੰਜਾਬੀਅਤ ਲਈ 13 ਕਾਵਿ ਸੰਗ੍ਰਹਿ ਰਚ ਕੇ ਇੱਕ ਇਤਿਹਾਸ ਰਚਿਆ ਹੈ ਉਨ੍ਹਾਂ ਕਿਹਾ ਕਿ ਮਾਸਟਰ ਜੰਡਾ ਦੀਆਂ ਗਜ਼ਲਾਂ ਸ਼ਿਵ ਕੁਮਾਰ ਬਟਾਲਵੀ ਬਿਰਹਾ ਦਾ ਸੁਲਤਾਨ ਦੀ ਯਾਦ ਦੁਆਉਂਦੀਆਂ ਹਨ। ਉਹਨਾਂ ਕਿਹਾ ਕਿ ਮਾਸਟਰ ਜੰਡਾਂ ਨੂੰ ਅੱਜ ਦੇ ਯੁੱਗ ਵਿੱਚ ਦੁਆਬੇ ਦਾ ਸ਼ਿਵ ਕਿਹਾ ਜਾਂਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਲੈਕਚਰਾਰ ਮਲਕੀਤ ਸਿੰਘ ਜੌਹਲ, ਰਣਜੀਤ ਕੁਮਾਰ ਤਲਵਾੜ, ਡਾ ਦਰਸ਼ਨ ਸਿੰਘ, ਡਾ ਕੁਲਦੀਪ ਸਿੰਘ, ਐਡਵੋਕੇਟ ਦਵਿੰਦਰ ਕੁਮਾਰ ਸ਼ਰਮਾ, ਮੋਹਣ ਲਾਲ ਕਲਸੀ, ਹਰਸ਼ਵਿੰਦਰ ਕੌਰ ਤਲਵਾੜਾ, ਪ੍ਰਿੰਸੀਪਲ ਪਰਵਿੰਦਰ ਸਿੰਘ, ਬਲਜਿੰਦਰ ਸਿੰਘ ਮਾਨ, ਕਿਰਨ ਕੌਰ ਕਨੇਡਾ, ਸਿਮਰਤਲੀਨ ਕੌਰ ਕਨੇਡਾ, ਹਰਗੁਣ ਕੌਰ ਕਨੇਡਾ, ਸੋਨੂ ਕੱਸੋ ਚਾਹਲ ਆਦਿ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਮਾਸਟਰ ਕੁਲਵਿੰਦਰ ਸਿੰਘ ਜੰਡਾਂ ਨੇ ਸਾਰੇ ਆਏ ਹੋਏ ਸਰੋਤਿਆਂ ਦਾ ਧੰਨਵਾਦ ਕੀਤਾ ।

ਬਹੂਆ ਦੀ ਪੰਚਾਇਤ ਨੇ ਸ਼ੁਕਰਾਨਾ ਸਮਾਗਮ ਕਰਵਾਇਆ

ਬੰਗਾ (ਅਵਤਾਰ ਕਲੇਰ) ਬੰਗਾ ਹਲਕੇ ਦੇ ਪਿੰਡ ਬਹੂਆ ਵਿਖੇ ਨਵੀਂ ਚੁਣੀ ਗਈ ਪੰਚਾਇਤ ਵਲੋਂ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਵਿਖੇ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ। ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ। ਗਿਆਨੀ ਜਸਵੰਤ ਸਿੰਘ ਅਤੇ ਗਿਆਨੀ ਮੱਖਣ ਸਿੰਘ ਬੰਬ ਵਲੋਂ ਸੰਗਤਾਂ ਨੂੰ ਵਾਰਾਂ ਅਤੇ ਪ੍ਰਵਚਨਾਂ ਨਾਲ ਨਿਹਾਲ ਕੀਤਾ।

ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਚੁਣੇ ਗਏ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ। ਸਰਪੰਚ ਅਮਨਪ੍ਰੀਤ (ਵਿੱਕੀ) ਵਲੋਂ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਅਮਨਪ੍ਰੀਤ (ਵਿੱਕੀ) ਮੱਖਣ ਸਿੰਘ, ਜਸਵਿੰਦਰ ਕੌਰ, ਬਲਿਹਾਰ ਸਿੰਘ, ਕੁਲਵਿੰਦਰ ਕੌਰ, ਅਮਰਜੀਤ ਸਿੰਘ (ਸਾਰੇ ਪੰਚ) ਪਰਵਿੰਦਰ ਸਿੰਘ ਸਾਬਕਾ ਸਰਪੰਚ, ਬਲਵਿੰਦਰ ਰਾਮ, ਪਰਮਿੰਦਰ ਕੌਰ ਸਾਬਕਾ ਸਰਪੰਚ, ਮਨਦੀਪ ਸਿੰਘ, ਮੋਹਣ ਸਿੰਘ, ਅਮਰਜੀਤ ਸਿੰਘ, ਪ੍ਰਸ਼ੋਤਮ ਲਾਲ, ਕੁਲਦੀਪ, ਨਵਦੀਪ ਬੈਂਸ, ਦਿਲਪ੍ਰੀਤ ਸਿੰਘ, ਸੁਖਵਿੰਦਰ ਸਿੰਘ ਯੂ ਐਸ ਏ, ਪਰਮਿੰਦਰ ਕੁਮਾਰ, ਰਾਮ ਸਰੂਪ, ਸ਼ਨੀ, ਕਸ਼ਮੀਰ ਚੰਦ, ਨਿਰਮਲ ਸਿੰਘ, ਮਿਸਤਰੀ ਬਲਦੇਵ ਸਿੰਘ ਆਦਿ ਹਾਜ਼ਰ ਸਨ।

ਭਾਸ਼ਾ ਵਿਭਾਗ ਨੇ ਕਰਵਾਏ ਬਾਲ ਗਿਆਨ ਕੁ